ਫੱਗਣ (ਨਾਨਕਸ਼ਾਹੀ ਸੰਮਤ ੫੫੬)
ਫਰਵਰੀ 2025

2/- ਰੁਪਏ
RNI No. 88/57, Vol. 69, Issue 2, February 2025

ਮਾਸਿਕ

# ਗੁਰਦੁਆਰਾ ਗਜ਼ਟ



## ਪ੍ਰਕਾਸ਼ ਅਸਥਾਨ ਸ੍ਰੀ ਗੁਰੂ ਨਾਨਕ ਦੇਵ ਜੀ

## ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ (ਪਾਕਿਸਤਾਨ)



ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਵਿਆਹ ਪੁਰਬ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ
ਸ੍ਰੀ ਅਨੰਦਪੁਰ ਸਾਹਿਬ ਤੋਂ ਸਜਾਏ ਗਏ ਨਗਰ ਕੀਰਤਨ ਦੀ ਆਰੰਭਤਾ ਮੌਕੇ
ਜਥੇਦਾਰ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ,
ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸ. ਮਲਕੀਤ ਸਿੰਘ, ਹੋਰ ਸ਼ਖ਼ਸੀਅਤਾਂ ਤੇ ਸੰਗਤ।

ੴ ਵਾਹਿਗੁਰੂ ਜੀ ਕੀ ਫ਼ਤਹ॥

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ

ਮਾਸਿਕ ਪੱਤਰ

# ਗੁਰਦੁਆਰਾ ਗਜ਼ਟ

ਸਥਾਪਤ ੧੯੨੯

| | | |
|---|---|---|
| ਫੱਗਣ | : | ਨਾਨਕਸ਼ਾਹੀ ਸੰਮਤ ੫੫੬ |
| ਅੰਕ 2 | : | ਜਿਲਦ 69 |
| ਫਰਵਰੀ | : | 2025 |

| | | |
|---|---|---|
| ਸੰਪਾਦਕ | : | ਪ੍ਰਤਾਪ ਸਿੰਘ |
| ਐਸੋਸੀਏਟ ਸੰਪਾਦਕ | : | ਡਾ. ਰਾਜਵਿੰਦਰ ਸਿੰਘ ਜੋਗਾ |
| ਤਸਵੀਰਾਂ | : | ਜਤਿੰਦਰ ਸਿੰਘ ਲਾਲੀ |

ਚੰਦਾ

| ਦੇਸ਼ | | ਵਿਦੇਸ਼ |
|---|---|---|
| ਸਾਲਾਨਾ 20/- | : | ਸਾਲਾਨਾ 500/- |
| ਲਾਈਫ 200/- | : | (ਹਵਾਈ ਡਾਕ) |



**Website : www.sgpc.net**
**E-mail : gurdwaragazette@gmail.com**
**info@sgpc.net**
**Phone : 0183-255 3956-60, Ext. 254**


## ਸੂਚਨਾ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਮਾਸਿਕ ਪੱਤਰ ਗੁਰਦੁਆਰਾ ਗਜ਼ਟ ਦੀ ਸਥਾਪਤੀ ਦੇ ਸਮੇਂ ਤੋਂ ਚੱਲ ਰਹੇ ਜਿਲਦ ਨੰਬਰ ਦੀ ਲੜੀ ਅਨੁਸਾਰ ਸਾਲ ੨੦੨੦ ਵਿਚ ਜਿਲਦ ਨੰਬਰ ੯੨ ਛਪ ਰਿਹਾ ਸੀ। ਪਰੰਤੂ ਆਰ.ਐਨ.ਆਈ. ਵਿਭਾਗ ਭਾਰਤ ਸਰਕਾਰ ਪਾਸ ਪਰਚੇ ਦੀ ਰਜਿਸਟ੍ਰੇਸ਼ਨ ੧੯੫੭ ਵਿਚ ਹੋਈ ਸੀ, ਜਿਸ ਸਬੰਧੀ ਆਰ.ਐਨ.ਆਈ. ਵਿਭਾਗ ਵੱਲੋਂ ਪੁੱਜੇ ਪੱਤਰ ਦੀ ਰੌਸ਼ਨੀ ਵਿਚ ਅੰਤ੍ਰਿੰਗ ਕਮੇਟੀ ਦੇ ਮਤਾ ਨੰਬਰ ੫੨੪ ਮਿਤੀ ੫-੯-੨੦੨੦ ਰਾਹੀਂ ਸਤੰਬਰ ੨੦੨੦ ਦੇ ਅੰਕ ਤੋਂ ਜਿਲਦ ਨੰਬਰ ੯੨ ਦੀ ਜਗ੍ਹਾ ੬੪ ਕੀਤਾ ਗਿਆ।


ਕੇਂਦਰੀ ਲਾਇਬ੍ਰੇਰੀ ਕਮੇਟੀ ਅਤੇ ਸੰਚਾਲਕ ਲੋਕ ਸੰਪਰਕ ਵਿਭਾਗ ਚੰਡੀਗੜ੍ਹ ਦੀ ਚਿੱਠੀ ਨੰ: ਲ. ਸ. ਵ. (ਲਾਇਬ)-68/10258 ਮਿਤੀ 20-6-67 ਰਾਹੀਂ ਸਰਕਾਰੀ ਲਾਇਬ੍ਰੇਰੀਆਂ ਲਈ ਪ੍ਰਵਾਨ ਹੈ।

***ਪ੍ਰਤੀ ਕਾਪੀ 2/-ਰੁਪਏ***


# ਤਤਕਰਾ


| ਲੇਖ | ਪੰਨਾ |
|---|---|
| ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ ਦੀ ਪਵਿੱਤਰ ਮਰਯਾਦਾ | 4 |
| ਇਤਿਹਾਸਕ ਦਿਹਾੜੇ | 5 |
| ਗੁਰਬਾਣੀ ਵਿਚਾਰ | 6 |
| ਸੰਪਾਦਕੀ | 7 |
| ਸੇਵਾ ਤੋਂ ਗੁਰਿਆਈ ਤਕ -ਡਾ. ਰਾਜਵਿੰਦਰ ਸਿੰਘ ਜੋਗਾ | 11 |
| ਸਿੱਖ ਧਰਮ ਅੰਦਰ ਇਸਤਰੀ ਦਾ ਸਥਾਨ ਤੇ ਜ਼ਿੰਮੇਵਾਰੀ -ਸ. ਮਨਪ੍ਰੀਤ ਸਿੰਘ ਬਾਜ | 27 |
| ਸ਼੍ਰੋਮਣੀ ਕਮੇਟੀ ਖ਼ਬਰਨਾਮਾ | 34 |
| ਹਿਸਾਬ-ਕਿਤਾਬ | 52 |
| ਮਤੇ | 82 |

**English Section**

| | |
|---|---|
| **Historical Events** | **89** |
| **Understanding Sikhism is the Need of the Day -Dr. Jodh Singh** | **90** |
| **SGPC News** | **92** |


## ਪਾਠਕ ਧਿਆਨ ਦੇਣ

ਸਮੂਹ ਸੰਗਤ ਨੂੰ ਸਤਿਕਾਰ ਸਹਿਤ ਬੇਨਤੀ ਹੈ ਕਿ 'ਗੁਰਦੁਆਰਾ ਗਜ਼ਟ' ਮੈਗਜ਼ੀਨ ਵਿਚ ਧਾਰਮਿਕ ਸਮੱਗਰੀ ਅਤੇ ਗਤੀਵਿਧੀਆਂ ਛਾਪੀਆਂ ਜਾਂਦੀਆਂ ਹਨ। ਇਸ ਲਈ ਹਰੇਕ ਪਾਠਕ ਲਈ ਇਸ ਮੈਗਜ਼ੀਨ ਨੂੰ ਪੂਰਨ ਸਤਿਕਾਰਤ ਰੂਪ ਵਿਚ ਸੰਭਾਲਣਾ ਜ਼ਰੂਰੀ ਹੈ। ਇਸ ਨੂੰ ਪੜ੍ਹ ਕੇ ਏਧਰ-ਓਧਰ ਸੁੱਟਣ ਦੀ ਬਜਾਇ ਕਿਸੇ ਹੋਰ ਧਾਰਮਿਕ ਰੁਚੀ ਵਾਲੇ ਪਾਠਕ ਨੂੰ ਦੇ ਦਿਓ ਜਾਂ ਆਪਣੇ ਨੇੜੇ ਦੀ ਕਿਸੇ ਲਾਇਬ੍ਰੇਰੀ ਵਿਚ ਜਮ੍ਹਾਂ ਕਰਵਾ ਦਿਓ ਜੀ। ਪਰੰਤੂ ਜਾਣੇ-ਅਣਜਾਣੇ ਇਸ ਧਾਰਮਿਕ ਰਸਾਲੇ ਨੂੰ ਰੱਦੀ ਵਿਚ ਦੇ ਕੇ ਬੇਅਦਬੀ ਨਾ ਕਰੋ ਜੀ। -ਸੰਪਾਦਕ

ੴ ਸਤਿਗੁਰ ਪ੍ਰਸਾਦਿ॥

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਪਵਿੱਤਰ ਮਰਯਾਦਾ

## ਮਹੀਨਾ ਫੱਗਣ

| | |
|---|---|
| * ਕਿਵਾੜ ਖੁੱਲ੍ਹਣ ਦਾ ਸਮਾਂ | ੨-੪੫ ਵਜੇ ਅੰਮ੍ਰਿਤ ਵੇਲੇ |
| * ਕੀਰਤਨ ਆਰੰਭ | ੨-੪੫ ਵਜੇ ਅੰਮ੍ਰਿਤ ਵੇਲੇ |
| * ਆਸਾ ਦੀ ਵਾਰ ਦਾ ਕੀਰਤਨ ਆਰੰਭ | ੩-੪੫ ਵਜੇ ਸਵੇਰੇ |
| * ਪਾਲਕੀ ਸਾਹਿਬ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਚੱਲਣ ਦਾ ਸਮਾਂ | ੪-੪੫ ਵਜੇ ਸਵੇਰੇ |
| * ਪਹਿਲਾ ਹੁਕਮਨਾਮਾ | ੫-੧੫ ਵਜੇ ਸਵੇਰੇ |
| * ਪਹਿਲੀ ਅਰਦਾਸ | ੫-੪੫ ਵਜੇ ਸਵੇਰੇ |
| * ਆਸਾ ਦੀ ਵਾਰ ਦੀ ਸਮਾਪਤੀ | ੬-੪੫ ਵਜੇ ਸਵੇਰੇ |
| * ਦੂਸਰੀ ਅਰਦਾਸ ਤੇ ਹੁਕਮਨਾਮਾ | ੬-੪੫ ਤੋਂ ੭-੦੦ ਵਜੇ ਸਵੇਰੇ |
| * ਸ਼ਾਮ ਨੂੰ ਸੋਦਰੁ, ਰਹਰਾਸਿ ਸਾਹਿਬ ਦਾ ਪਾਠ ਸੂਰਜ ਛਿਪਣ ਉਪਰੰਤ ਸ਼ੁਰੂ ਹੁੰਦਾ ਹੈ। | |
| * ਹੁਕਮਨਾਮਾ ਰਾਤ ਨੂੰ ਸਮਾਪਤੀ ਸਮੇਂ | ੯-੪੫ ਵਜੇ ਰਾਤ |
| * ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਪਾਲਕੀ ਸਾਹਿਬ ਚੱਲਣ ਦਾ ਸਮਾਂ | ੧੦-੦੦ ਵਜੇ ਰਾਤ |
| * ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚਣ ਦਾ ਸਮਾਂ | ੧੦-੧੫ ਵਜੇ ਰਾਤ |

* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਕਿਵਾੜ ਖੁੱਲ੍ਹਣ ਤੋਂ ਲੈ ਕੇ ਸਮਾਪਤੀ ਤਕ ਅਖੰਡ ਕੀਰਤਨ ਹੁੰਦਾ ਰਹਿੰਦਾ ਹੈ।
* ਰਾਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਵਾਰੀ ਜਾਣ ਉਪਰੰਤ ਇਕ ਘੰਟਾ ਸੇਵਾ ਤੇ ਸਫਾਈ ਆਦਿ ਉਪਰੰਤ ਇਸ਼ਨਾਨ ਕਰਾਉਣ ਦੀ ਸੇਵਾ ਸ਼ਰਧਾਲੂ, ਸੇਵਾਦਾਰਾਂ ਦੇ ਸਹਿਯੋਗ ਨਾਲ ਕਰਦੇ ਹਨ।
* ਇਸ਼ਨਾਨ ਸਮੇਂ ਮਿਲ ਕੇ ਪ੍ਰੇਮੀ ਇਸ਼ਨਾਨ ਕਰਾਉਂਦੇ ਹਨ ਅਤੇ ਨਾਲ ਬੜੇ ਹੀ ਪ੍ਰੇਮ ਸਹਿਤ ਰਸ-ਭਿੰਨੀ ਸੁਰ ਵਿਚ ਗੁਰਬਾਣੀ ਦੇ ਸ਼ਬਦ ਗਾਇਨ ਕਰਦੇ ਹਨ। ਇਸ਼ਨਾਨ ਆਦਿ ਦੀ ਸੇਵਾ ਕਰਾਉਣ ਉਪਰੰਤ ਵਿਛਾਈਆਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਿੰਘਾਸਨ ਸਜਾ ਕੇ ਅਰਦਾਸ ਹੁੰਦੀ ਹੈ ਤੇ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਦੀ ਹੈ।
* ਫਿਰ ਤਿੰਨ-ਪਹਿਰੇ ਦੀ ਚੌਂਕੀ ਦਾ ਕੀਰਤਨ ਆਰੰਭ ਹੁੰਦਾ ਹੈ।
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਵਿਚਕਾਰਲੀ ਛੱਤ ਅਤੇ ਗੁੰਬਦ ਵਿਚ ਹਰ ਵਕਤ ਅਖੰਡ ਪਾਠ ਸਾਹਿਬ ਚੱਲਦੇ ਹਨ, ਜਿਨ੍ਹਾਂ ਦਾ ਵਾਰੀ ਨਾਲ ਰੋਜ਼ਾਨਾ ਇੱਕ ਅਖੰਡ ਪਾਠ ਸਾਹਿਬ ਦਾ ਭੋਗ ਪੈਂਦਾ ਹੈ।

*ਪਾਠਕ/ਲੇਖਕ 'ਗੁਰਦੁਆਰਾ ਗਜ਼ਟ' ਲਈ ਰਚਨਾਵਾਂ, ਸਹਾਇਤਾ ਅਤੇ ਸੁਝਾਅ ਹੇਠ ਲਿਖੇ ਪਤੇ 'ਤੇ ਭੇਜਣ ਦੀ ਕ੍ਰਿਪਾਲਤਾ ਕਰਨ।*

**ਸਕੱਤਰ,**

*ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ-੧੪੩੦੦੬*

*ਫੋਨ : ੦੦੯੧-੧੮੩-੨੫੫੩੯੫੭,੫੮,੫੯*

# 16 ਫਰਵਰੀ ਤੋਂ 15 ਮਾਰਚ ਤਕ ਦੇ ਇਤਿਹਾਸਕ ਦਿਹਾੜੇ

| | |
|---|---|
| ੧੬ ਫਰਵਰੀ | ਗੁਰਦੁਆਰਿਆਂ ਦੇ ਪ੍ਰਬੰਧ ਸਬੰਧੀ ਕਾਨੂੰਨੀ ਖਰੜਾ ਬਣਾਉਣ ਲਈ ਅੰਗਰੇਜ਼ ਸਰਕਾਰ ਨੇ ਇੱਕ ਕਮੇਟੀ ਬਣਾਉਣ ਦਾ ਐਲਾਨ ਕੀਤਾ। (੧੬-੨-੧੯੨੧) |
| ੧੭ ਫਰਵਰੀ | ਸ੍ਰੀ ਮੁਕਤਸਰ ਸਾਹਿਬ ਦੇ ਗੁਰਦੁਆਰਿਆਂ ਦਾ ਪ੍ਰਬੰਧ ਸਿੱਖਾਂ ਨੇ ਸੰਭਾਲਿਆ। (੧੭-੨-੧੯੨੩) |
| ੧੮ ਫਰਵਰੀ | ਗੁਲੇਰ ਦੀ ਜੰਗ ਵਿਚ ਭਾਈ ਲਹਿਣਾ, ਭਾਈ ਸੰਗਤ ਰਾਏ ਤੇ ਭਾਈ ਹਨੂਮੰਤ ਨੇ ਸ਼ਹੀਦੀ ਪ੍ਰਾਪਤ ਕੀਤੀ। (੧੮-੨-੧੬੯੬) |
| ੨੧ ਫਰਵਰੀ | (ੳ) ਗੁਰਦੁਆਰਾ ਜਨਮ ਅਸਥਾਨ ਸ੍ਰੀ ਨਨਕਾਣਾ ਸਾਹਿਬ (ਪਾਕਿਸਤਾਨ) ਵਿਖੇ ਮਹੰਤ ਨਰੈਣੂ ਦੇ ਆਦਮੀਆਂ ਨੇ ਗੋਲੀਆਂ ਚਲਾ ਕੇ ੧੫੦ ਦੇ ਕਰੀਬ ਸਿੱਖ ਸ਼ਹੀਦ ਕਰ ਦਿੱਤੇ। ਸ਼ਹੀਦ ਹੋਣ ਵਾਲਿਆਂ ਵਿਚ ਭਾਈ ਲਛਮਣ ਸਿੰਘ ਧਾਰੋਵਾਲੀ, ਭਾਈ ਦਲੀਪ ਸਿੰਘ, ਭਾਈ ਵਰਿਆਮ ਸਿੰਘ ਆਦਿ ਸ਼ਾਮਲ ਸਨ। (੨੧-੨-੧੯੨੧) |
| | (ਅ) ਸਰਕਾਰ ਨੇ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਦਾ ਪ੍ਰਬੰਧ ਸਿੱਖਾਂ ਨੂੰ ਸੌਂਪ ਦਿੱਤਾ। (੨੧-੨-੧੯੨੧) |
| | (ੲ) ਜੈਤੋ ਵਿਖੇ ਪੁਲਿਸ ਫੋਰਸ ਵੱਲੋਂ ਸ਼ਹੀਦੀ ਜਥੇ 'ਤੇ ਕੀਤੀ ਫਾਇਰਿੰਗ ਦੌਰਾਨ ਲੱਗਭਗ ੧੦੦ ਸਿੰਘ ਸ਼ਹੀਦ ਹੋ ਗਏ ਅਤੇ ੨੦੦ ਦੇ ਕਰੀਬ ਜ਼ਖ਼ਮੀ ਹੋ ਗਏ। (੨੧-੨-੧੯੨੪) |
| | (ਸ) ਕਨੇਡੀਅਨ ਸ਼ਹੀਦੀ ਜਥੇ ਨੇ ਆਪਣੇ ਆਪ ਨੂੰ ਜੈਤੋ ਵਿਖੇ ਗ੍ਰਿਫ਼ਤਾਰੀ ਲਈ ਪੇਸ਼ ਕੀਤਾ। (੨੧-੨-੧੯੨੫) |
| ੨੭ ਫਰਵਰੀ | ਅੰਗਰੇਜ਼ ਹਕੂਮਤ ਨੇ ੬ ਬੱਬਰ ਅਕਾਲੀ ਲਾਹੌਰ ਜੇਲ੍ਹ ਵਿਚ ਫਾਂਸੀ ਲਾ ਕੇ ਸ਼ਹੀਦ ਕਰ ਦਿੱਤੇ। (੨੭-੨-੧੯੨੬) |
| ੫ ਮਾਰਚ | ਖ਼ਾਲਸਾ ਕਾਲਜ ਅੰਮ੍ਰਿਤਸਰ ਦੀ ਸਥਾਪਨਾ ਕੀਤੀ ਗਈ। (੫-੩-੧੮੯੨) |
| ੬ ਮਾਰਚ | ੧੮੮ ਸਿੱਖ ਕੈਦੀ ਜੋਧਪੁਰ ਦੀ ਜੇਲ੍ਹ ਤੋਂ ਰਿਹਾਅ ਹੋਏ। (੬-੩-੧੯੮੯) |
| ੯ ਮਾਰਚ | ਸਿੱਖਾਂ ਅਤੇ ਅੰਗਰੇਜ਼ਾਂ ਦਰਮਿਆਨ ਲਾਹੌਰ ਦੀ ਸੰਧੀ ਹੋਈ। (੯-੩-੧੮੪੬) |
| ੧੨ ਮਾਰਚ | ਸ. ਊਧਮ ਸਿੰਘ ਸੁਨਾਮ ਨੇ ਜਲ੍ਹਿਆਂ ਵਾਲਾ ਬਾਗ਼, ਸ੍ਰੀ ਅੰਮ੍ਰਿਤਸਰ ਦੇ ਸਾਕੇ ੧੩-੪-੧੯੧੯ ਦੇ ਦੋਸ਼ੀ ਪੰਜਾਬ ਦੇ ਸਾਬਕਾ ਗਵਰਨਰ ਮਾਈਕਲ ਓਡਵਾਇਰ ਨੂੰ ਲੰਡਨ ਵਿਖੇ ਗੋਲੀਆਂ ਮਾਰ ਕੇ ਬਦਲਾ ਲਿਆ। (੧੨-੩-੧੯੪੦) |
| ੧੪ ਮਾਰਚ | (ੳ) ਆਰੰਭਤਾ ਸੰਮਤ ਨਾਨਕਸ਼ਾਹੀ ੫੫੬ (੧ ਚੇਤ) |
| | (ਅ) ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਸ਼ਹੀਦ ਹੋਏ। (੧ ਚੇਤ) |
| ੧੫ ਮਾਰਚ | ਸ. ਬਘੇਲ ਸਿੰਘ ਵੱਲੋਂ ਦਿੱਲੀ ਫ਼ਤਿਹ (੨ ਚੇਤ) |

**ਗੁਰਬਾਣੀ ਵਿਚਾਰ:**

# ਫਲਗੁਣਿ ਅਨੰਦ ਉਪਾਰਜਨਾ...

*ਫਲਗੁਣਿ ਅਨੰਦ ਉਪਾਰਜਨਾ ਹਰਿ ਸਜਣ ਪ੍ਰਗਟੇ ਆਇ॥*
*ਸੰਤ ਸਹਾਈ ਰਾਮ ਕੇ ਕਰਿ ਕਿਰਪਾ ਦੀਆ ਮਿਲਾਇ॥*
*ਸੇਜ ਸੁਹਾਵੀ ਸਰਬ ਸੁਖ ਹੁਣਿ ਦੁਖਾ ਨਾਹੀ ਜਾਇ॥*
*ਇਛ ਪੁਨੀ ਵਡਭਾਗਣੀ ਵਰੁ ਪਾਇਆ ਹਰਿ ਰਾਇ॥*
*ਮਿਲਿ ਸਹੀਆ ਮੰਗਲੁ ਗਾਵਹੀ ਗੀਤ ਗੋਵਿੰਦ ਅਲਾਇ॥*
*ਹਰਿ ਜੇਹਾ ਅਵਰੁ ਨ ਦਿਸਈ ਕੋਈ ਦੂਜਾ ਲਵੈ ਨ ਲਾਇ॥*
*ਹਲਤੁ ਪਲਤੁ ਸਵਾਰਿਓਨੁ ਨਿਹਚਲ ਦਿਤੀਅਨੁ ਜਾਇ॥*
*ਸੰਸਾਰ ਸਾਗਰ ਤੇ ਰਖਿਅਨੁ ਬਹੁੜਿ ਨ ਜਨਮੈ ਧਾਇ॥*
*ਜਿਹਵਾ ਏਕ ਅਨੇਕ ਗੁਣ ਤਰੇ ਨਾਨਕ ਚਰਣੀ ਪਾਇ॥*
*ਫਲਗੁਣਿ ਨਿਤ ਸਲਾਹੀਐ ਜਿਸ ਨੋ ਤਿਲੁ ਨ ਤਮਾਇ॥੧੩॥*

ਸਿਆਲੀ ਰੁੱਤ ਦੀ ਕਰੜੀ ਸਰਦੀ ਪਿੱਛੋਂ ਬਹਾਰ ਫਿਰਨ 'ਤੇ ਫੱਗਣ ਦੇ ਮਹੀਨੇ ਵਿਚ ਲੋਕ ਹੋਲੀਆਂ ਦੇ ਰੰਗ-ਤਮਾਸ਼ਿਆਂ ਰਾਹੀਂ ਖ਼ੁਸ਼ੀਆਂ ਮਨਾਉਂਦੇ ਹਨ, ਪਰ ਫੱਗਣ ਵਿਚ (ਉਨ੍ਹਾਂ ਜੀਵ-ਇਸਤਰੀਆਂ ਦੇ ਅੰਦਰ) ਆਤਮਿਕ ਆਨੰਦ ਪੈਦਾ ਹੁੰਦਾ ਹੈ, ਜਿਨ੍ਹਾਂ ਦੇ ਹਿਰਦੇ ਵਿਚ ਸੱਜਣ-ਹਰੀ ਪਰਤੱਖ ਆ ਵੱਸਦਾ ਹੈ, ਪਰਮਾਤਮਾ ਨਾਲ ਮਿਲਣ ਵਿਚ ਸਹਾਇਤਾ ਕਰਨ ਵਾਲੇ ਸੰਤ-ਜਨ ਮਿਹਰ ਕਰਕੇ ਉਨ੍ਹਾਂ ਨੂੰ ਪ੍ਰਭੂ ਨਾਲ ਜੋੜ ਦਿੰਦੇ ਹਨ, ਉਨ੍ਹਾਂ ਦਾ ਹਿਰਦਾ (ਸੇਜ) ਸੁੰਦਰ ਬਣ ਜਾਂਦਾ ਹੈ, ਉਨ੍ਹਾਂ ਨੂੰ ਸਾਰੇ ਹੀ ਸੁਖ ਪ੍ਰਾਪਤ ਹੋ ਜਾਂਦੇ ਹਨ, ਫਿਰ ਦੁੱਖਾਂ ਲਈ (ਉਨ੍ਹਾਂ ਦੇ ਹਿਰਦੇ ਵਿਚ) ਕਿਤੇ ਰਤਾ ਥਾਂ ਨਹੀਂ ਰਹਿ ਜਾਂਦੀ । ਉਨ੍ਹਾਂ ਜੀਵ-ਇਸਤਰੀਆਂ ਦੀ ਮਨੋ-ਕਾਮਨਾ ਪੂਰੀ ਹੋ ਜਾਂਦੀ ਹੈ, ਜਦੋਂ ਉਨ੍ਹਾਂ ਨੂੰ ਹਰੀ-ਪ੍ਰਭੂ ਖ਼ਸਮ ਮਿਲ ਪੈਂਦਾ ਹੈ, ਉਹ ਸਤਸੰਗੀ ਸਹੇਲੀਆਂ ਨਾਲ ਰਲ਼ ਕੇ ਗੋਵਿੰਦ ਦੀ ਸਿਫ਼ਤਿ-ਸਾਲਾਹ ਦੇ ਗੀਤ ਅਲਾਪ ਕੇ ਆਤਮਿਕ ਆਨੰਦ ਪੈਦਾ ਕਰਨ ਵਾਲੀ ਗੁਰਬਾਣੀ ਗਾਉਂਦੀਆਂ ਹਨ। ਪਰਮਾਤਮਾ ਵਰਗਾ ਕੋਈ ਹੋਰ, ਉਸ ਦੀ ਬਰਾਬਰੀ ਕਰ ਸਕਣ ਵਾਲਾ ਕੋਈ ਦੂਜਾ ਉਨ੍ਹਾਂ ਨੂੰ ਕਿਤੇ ਦਿੱਸਦਾ ਹੀ ਨਹੀਂ।

ਉਸ ਪਰਮਾਤਮਾ ਨੇ (ਉਨ੍ਹਾਂ ਸਤ-ਸੰਗੀਆਂ ਦਾ) ਲੋਕ-ਪਰਲੋਕ ਸਵਾਰ ਦਿੱਤਾ ਹੈ, ਉਨ੍ਹਾਂ ਨੂੰ (ਆਪਣੇ ਚਰਨਾਂ ਵਿਚ ਲਿਵ-ਲੀਨਤਾ ਵਾਲੀ) ਐਸੀ ਥਾਂ ਬਖ਼ਸ਼ੀ ਹੈ, ਜੋ ਕਦੇ ਡੋਲਦੀ ਹੀ ਨਹੀਂ। ਪਰਮਾਤਮਾ ਨੇ ਸੰਸਾਰ-ਸਮੁੰਦਰ ਤੋਂ ਉਨ੍ਹਾਂ ਨੂੰ (ਹੱਥ ਦੇ ਕੇ) ਰੱਖ ਲਿਆ ਹੈ, ਜਨਮਾਂ ਦੇ ਗੇੜ ਵਿਚ ਮੁੜ ਉਨ੍ਹਾਂ ਦੀ ਦੌੜ-ਭੱਜ ਨਹੀਂ ਹੁੰਦੀ।

ਹੇ ਨਾਨਕ! (ਆਖ-) ਸਾਡੀ ਇਕ ਜੀਭ ਹੈ, ਪ੍ਰਭੂ ਦੇ ਅਨੇਕਾਂ ਹੀ ਗੁਣ ਹਨ (ਅਸੀਂ ਉਨ੍ਹਾਂ ਨੂੰ ਬਿਆਨ ਕਰਨ ਜੋਗੇ ਨਹੀਂ ਹਾਂ, ਪਰ) ਜਿਹੜੇ ਜੀਵ ਉਸ ਦੀ ਚਰਨੀਂ ਪੈਂਦੇ ਹਨ, (ਉਸ ਦਾ ਆਸਰਾ ਤੱਕਦੇ ਹਨ) ਉਹ (ਸੰਸਾਰ-ਸਮੁੰਦਰ ਤੋਂ) ਤਰ ਜਾਂਦੇ ਹਨ।

ਫੱਗਣ ਦੇ ਮਹੀਨੇ ਵਿਚ (ਹੋਲੀਆਂ ਆਦਿ ਵਿੱਚੋਂ ਅਨੰਦ ਲੱਭਣ ਦੇ ਥਾਂ) ਸਦਾ ਉਸ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ, ਜਿਸ ਨੂੰ (ਆਪਣੀ ਵਡਿਆਈ ਕਰਵਾਉਣ ਦਾ) ਰਤਾ-ਭਰ ਭੀ ਲਾਲਚ ਨਹੀਂ ਹੈ (ਇਸ ਵਿਚ ਸਾਡਾ ਹੀ ਭਲਾ ਹੈ) ॥੧੩॥

*ਸੰਪਾਦਕੀ...*

# ਸਿੱਖ ਕਦੋਂ ਤਕ ਆਪਸੀ ਫੁੱਟ ਤੇ ਆਪੋ-ਧਾਪੀ ਦਾ ਸ਼ਿਕਾਰ ਹੁੰਦੇ ਰਹਿਣਗੇ?

ਇਤਿਹਾਸ ਕੌਮ ਦਾ ਸਰਮਾਇਆ ਹੁੰਦਾ ਹੈ ਤੇ ਕੌਮਾਂ ਵੀ ਉਹੀ ਜਿੰਦਾ ਰਹਿੰਦੀਆਂ ਹਨ ਜਿਹੜੀਆਂ ਆਪਣੇ ਇਤਿਹਾਸ ਤੇ ਵਿਰਾਸਤ ਨੂੰ ਯਾਦ ਰੱਖਦੀਆਂ ਤੇ ਇਸ ਤੋਂ ਸੇਧ ਲੈ ਕੇ ਅੱਗੇ ਵਧਦੀਆਂ ਹਨ। ਜਿਹੜੀ ਕੌਮ ਆਪਣੇ ਇਤਿਹਾਸ ਨੂੰ ਭੁੱਲ ਜਾਂਦੀ ਹੈ ਜਾਂ ਆਪਣੇ ਸਿਧਾਂਤਾਂ ਨਾਲ ਕਿਸੇ ਪ੍ਰਕਾਰ ਦਾ ਸਮਝੌਤਾ ਕਰ ਲੈਂਦੀ ਹੈ ਤਾਂ ਉਸ ਨੂੰ ਕੋਈ ਨਹੀਂ ਬਚਾ ਸਕਦਾ। ਸਿੱਖ ਕੌਮ ਕੋਲ ਗੁਰੂ ਸਾਹਿਬ ਦੁਆਰਾ ਬਖ਼ਸ਼ੇ ਸਿਧਾਂਤ, ਮਰਯਾਦਾ ਅਤੇ ਆਪਣਾ ਵਿਲੱਖਣ ਤੇ ਗੌਰਵਮਈ ਇਤਿਹਾਸ ਹੈ ਪਰ ਅਫਸੋਸ ਕਿ ਅੱਜ ਸਿੱਖ ਕੌਮ ਆਪਣੇ ਗੌਰਵਮਈ ਇਤਿਹਾਸ ਤੇ ਵਿਰਾਸਤ ਨੂੰ ਅੱਖੋਂ-ਪਰੋਖੇ ਕਰਕੇ ਜਾਂ ਅਵੇਸਲੇਪਣ ਕਾਰਣ ਜਾਂ ਕਿਸੇ ਸਿੱਖ ਵਿਰੋਧੀ ਸ਼ਕਤੀਆਂ ਦੇ ਪ੍ਰਭਾਵ ਵਿਚ ਆ ਕੇ ਆਪਸੀ ਫੁੱਟ ਤੇ ਆਪੋ-ਧਾਪੀ ਦਾ ਸ਼ਿਕਾਰ ਹੋ ਰਹੀ ਹੈ। ਸਿੱਖ ਕੌਮ ਨੂੰ ਨੇਸ-ਤੋ-ਨਾਬੂਤ ਕਰਨ ਲਈ ਸਮੇਂ-ਸਮੇਂ ਸਿੱਖ ਵਿਰੋਧੀ ਤਾਕਤਾਂ ਆਪਣੀ ਤਾਕ ਵਿਚ ਰਹੀਆਂ ਹਨ ਕਿ ਇਨ੍ਹਾਂ ਨੂੰ ਕਿਵੇਂ ਨਾ ਕਿਵੇਂ ਖ਼ਤਮ ਕੀਤਾ ਜਾਵੇ। ਸਿੱਖਾਂ ਨੂੰ ਮੁਕਾਉਣ ਲਈ ਸਭ ਤੋਂ ਪਹਿਲਾਂ ਸਿੱਧੇ ਰੂਪ ਵਿਚ ਗੁਰੂ ਸਾਹਿਬਾਨ ਤੇ ਉਨ੍ਹਾਂ ਦੇ ਸਿੱਖਾਂ ਨੂੰ ਬੇਅੰਤ ਤਸੀਹੇ ਦੇ ਕੇ ਸ਼ਹੀਦ ਕਰਨ ਦਾ ਬੀੜਾ ਚੁੱਕਿਆ ਗਿਆ ਤਾਂ ਕਿ ਹੋਰਨਾਂ ਨੂੰ ਇਸ ਖ਼ੌਫ਼ਨਾਕ ਮੰਜਰ ਨਾਲ ਡਰਾਇਆ ਤੇ ਦਬਾਇਆ ਜਾ ਸਕੇ। ਪਰ ਗੁਰੂ ਸਾਹਿਬ ਤੇ ਸਿੱਖ ਸ਼ਹੀਦਾਂ ਨੇ ਆਪਣੇ ਖ਼ੂਨ ਨੂੰ ਸਿੱਖ ਕੌਮ ਦੇ ਮਹਿਲ ਦੀਆਂ ਨੀਹਾਂ ਵਿਚ ਪਾਣੀ ਦੀ ਥਾਂ ਵਰਤ ਕੇ ਇਕ ਅਜਿਹਾ ਸੰਗਰਾਮ ਸਿਰਜਿਆ ਜਿਸ ਨੂੰ ਖ਼ਤਮ ਤਾਂ ਕੀ ਡਰਾਇਆ ਜਾਂ ਦਬਾਇਆ ਵੀ ਨਹੀਂ ਜਾ ਸਕਿਆ। ਇਹ ਇਕ ਚੰਗਿਆੜੀ ਤੋਂ ਭਾਂਬੜ ਬਣ-ਬਣ ਕੇ ਉਭਰਿਆ। ਉਨ੍ਹਾਂ ਦੇ ਖ਼ੂਨ ਦੇ ਇਕ-ਇਕ ਕਤਰੇ ਤੋਂ ਬੇਅੰਤ ਮਰਜੀਵੜੇ ਸਿੱਖ ਪੈਦਾ ਹੋਣ ਲੱਗੇ। ਫਿਰ ਸਿੱਖ ਕੌਮ ਪ੍ਰਤੀ ਮਾੜੀ ਨੀਤ ਤੇ ਨੀਤੀ ਰੱਖਣ ਵਾਲਿਆਂ ਨੇ ਸਿੱਖਾਂ ਦੇ ਧਾਰਮਿਕ ਗ੍ਰੰਥਾਂ ਤੇ ਅਸਥਾਨਾਂ ਨੂੰ ਨਿਸ਼ਾਨਾ ਬਣਾਇਆ। ਮੁਗ਼ਲ ਰਾਜ ਸਮੇਂ ਸਿੱਖਾਂ ਦੇ ਕੇਂਦਰੀ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ 'ਤੇ ਸਿੱਧੇ ਤੌਰ 'ਤੇ ਹਮਲਾ ਕਰਕੇ ਇਸ ਨੂੰ ਢਹਿ-ਢੇਰੀ ਕਰਨ ਦਾ ਜਤਨ ਕੀਤਾ ਪਰ ਸਿੱਖਾਂ ਨੇ ਇਸ ਦਾ ਬਦਲਾ ਲੈ ਕੇ ਦੁਸ਼ਮਣ ਨੂੰ ਛੇਤੀ ਹੀ ਭਾਜੀ ਮੋੜ ਦਿੱਤੀ। ਮੁਗ਼ਲ ਹਕੂਮਤ ਵੱਲੋਂ ਇੱਥੋ ਤਕ ਹੁਕਮ ਜਾਰੀ ਕਰ ਦਿੱਤੇ ਗਏ ਕਿ ਸਿੱਖਾਂ ਨੂੰ 'ਗੁੜ' ਸ਼ਬਦ ਕਹਿਣ ਤੋਂ ਰੋਕਿਆ ਜਾਵੇ ਕਿਉਂਕਿ ਇਨ੍ਹਾਂ ਨੂੰ 'ਗੁੜ' ਕਹਿਣ ਨਾਲ 'ਗੁਰੂ' ਤੇ 'ਗ੍ਰੰਥ' ਦੀ ਯਾਦ ਆਉਂਦੀ ਹੈ, ਇਸ ਕਰਕੇ ਇਨ੍ਹਾਂ ਤੋਂ 'ਗੁੜ' ਦੀ ਥਾਂ 'ਰੋੜੀ' ਕਹਾਇਆ ਜਾਵੇ। ਫਿਰ ਜ਼ਕਰੀਆ ਖਾਨ, ਫ਼ਰਖ਼ਸੀਅਰ ਤੇ ਮੀਰ ਮੰਨੂੰ ਜਿਹੇ ਨਿਰਦਈ ਤੇ ਜ਼ਾਬਰ ਹਾਕਮਾਂ ਨੇ ਸਿੱਖਾਂ ਦੇ ਸਿਰਾਂ ਦੇ ਮੁੱਲ ਤਕ ਤਕਸੀਮ ਕੀਤੇ ਤਾਂ ਕਿ ਇਨ੍ਹਾਂ ਨੂੰ ਸਮਾਜ ਵਿਚੋਂ ਲੱਭ-ਲੱਭ ਕੇ ਖ਼ਤਮ ਕੀਤਾ ਜਾ ਸਕੇ ਪਰ ਇਹ ਆਪਣੀ ਮਨਸ਼ਾ ਵਿਚ ਅਸਫਲ ਹੀ ਰਹੇ।

ਬਾਬਾ ਬੰਦਾ ਸਿੰਘ ਜੀ ਬਹਾਦਰ ਨੇ ਖ਼ਾਲਸਾ ਰਾਜ ਦੀ ਨੀਂਹ ਰੱਖੀ ਫਿਰ ਉਨ੍ਹਾਂ ਤੋਂ ਬਾਅਦ ਸਿੱਖ ਮਿਸਲਾਂ ਵਿਚੋਂ ਮਹਾਰਾਜਾ ਰਣਜੀਤ ਸਿੰਘ ਨੇ ਇਕ ਸੰਯੁਕਤ ਖ਼ਾਲਸਾ ਰਾਜ ਸਥਾਪਿਤ ਕੀਤਾ। ਇਨ੍ਹਾਂ ਦੇ ਰਾਜਕਾਲ ਵਿਚ ਹਰ ਧਰਮ, ਮਜ਼ਹਬ ਦੇ ਪ੍ਰਾਣੀਆਂ ਦਾ ਸਤਿਕਾਰ ਕੀਤਾ ਜਾਂਦਾ ਸੀ ਤੇ ਸਭ ਨੂੰ ਇਕੋ ਜਿਹਾ ਨਿਆਂ ਦਿੱਤਾ ਜਾਂਦਾ ਸੀ। ਉਸ ਸਮੇਂ ਖ਼ਾਲਸਾ ਰਾਜ ਵੱਲ ਵੇਖਣ ਲੱਗਿਆਂ ਦੁਸ਼ਮਣ ਸੌ ਵਾਰ ਸੋਚਦਾ

ਸੀ। ਅੰਗਰੇਜ਼ ਹਕੂਮਤ ਵੀ ਭਾਰਤ ਵਿਚੋਂ ਖ਼ਾਲਸਾ ਰਾਜ ਦੇ ਖੇਤਰ ਨੂੰ ਸਭ ਤੋਂ ਪਿੱਛੋਂ ਬੜੀਆਂ ਮੁਸ਼ਕਿਲਾਂ ਅਤੇ ਮਹਾਰਾਜੇ ਦੀ ਮੌਤ ਤੋਂ ਬਾਅਦ ਹੀ ਆਪਣੇ ਅਧੀਨ ਕਰਨ ਵਿਚ ਸਫਲ ਹੋ ਸਕੀ ਸੀ। ਇਸ ਦਾ ਕਾਰਣ ਵੀ ਸਿੱਖਾਂ ਵਿਚ ਆਪਸੀ-ਫੁੱਟ ਤੇ ਆਪੋ-ਧਾਪੀ ਦਾ ਸ਼ਿਕਾਰ ਹੋਣਾ ਸੀ। ਫਿਰ ਅੰਗਰੇਜ਼ ਹਕੂਮਤ ਨੇ ਹੌਲੀ-ਹੌਲੀ ਭਾਰਤੀ ਖਾਸ ਕਰਕੇ ਸਿੱਖਾਂ ਦੇ ਇਤਿਹਾਸ, ਸਿਧਾਂਤ, ਮਰਯਾਦਾ ਤੇ ਪਰੰਪਰਾਵਾਂ ਨੂੰ ਸਮਝ ਕੇ ਉਸ ਉਪਰ ਹਮਲਾ ਕੀਤਾ ਤਾਂ ਕਿ ਇਨ੍ਹਾਂ ਨੂੰ ਵਿਰਸੇ ਤੇ ਵਿਰਾਸਤ ਨਾਲੋਂ ਪੂਰੀ ਤਰ੍ਹਾਂ ਅੰਦਰ ਤਕ ਤੋੜਿਆ ਜਾ ਸਕੇ। ਇਸ ਮਕਸਦ ਵਿਚ ਉਹ ਸਫਲ ਵੀ ਹੋਏ, ਕਿਉਂਕਿ ਭਾਰਤੀ ਲੋਕ ਧਰਮ ਦੇ ਨਾਂ 'ਤੇ ਕੁਝ ਵੀ ਕਰਨ ਲਈ ਤਿਆਰ ਹੋ ਜਾਂਦੇ ਸਨ। ਇਸੇ ਕਰਕੇ ਅੰਗਰੇਜ਼ਾਂ ਨੇ ਧਰਮ ਦੇ ਨਾਂ 'ਤੇ ਹੀ ਇਨ੍ਹਾਂ ਨੂੰ ਆਪਸ ਵਿਚ ਲੜਾਉਣਾ ਸ਼ੁਰੂ ਕੀਤਾ। ਖਾਸ ਕਰਕੇ ਸਿੱਖਾਂ ਦੇ ਧਾਰਮਿਕ ਅਸਥਾਨਾਂ ਉਪਰ ਸਿੱਖ ਸਿਧਾਂਤਾਂ, ਮਰਯਾਦਾ ਤੇ ਪਰੰਪਰਾਵਾਂ ਦੇ ਵਿਪਰੀਤ ਕਾਰਜ ਕਰਨ ਵਾਲੇ ਆਪਣੀ ਮਰਜੀ ਦੇ ਵਿਅਕਤੀ ਸਥਾਪਿਤ ਕੀਤੇ। ਉਨ੍ਹਾਂ ਸਿੱਖ ਧਰਮ ਦੇ ਸਿਧਾਂਤਾਂ ਦਾ ਘਾਣ ਹੀ ਨਹੀਂ ਕੀਤਾ ਬਲਕਿ ਮਰਯਾਦਾ, ਪਰੰਪਰਾਵਾਂ ਤੇ ਇਤਿਹਾਸ ਨੂੰ ਵੀ ਢਾਹ ਲਾਈ। ਸਿੱਖ ਕੌਮ ਨੇ ਇਨ੍ਹਾਂ ਨੂੰ ਪ੍ਰਵਾਨ ਨਾ ਕੀਤਾ ਤੇ ਆਪਣੇ ਅਸਥਾਨਾਂ ਵਿਚ ਸਿੱਖ ਸਿਧਾਂਤਾਂ ਤੇ ਮਰਯਾਦਾ ਨੂੰ ਬਹਾਲ ਕਰਨ ਦਾ ਬੀੜਾ ਚੁੱਕਿਆ। ਇਸ ਲਈ ਕੌਮੀ ਪ੍ਰਵਾਨਿਆਂ ਨੇ 'ਗੁਰਦੁਆਰਾ ਸੁਧਾਰ ਲਹਿਰ' ਸ਼ੁਰੂ ਕੀਤੀ। ਇਸ ਕਾਰਜ ਨੂੰ ਨੇਪਰੇ ਚਾੜ੍ਹਨ ਲਈ ਸਿੱਖਾਂ ਨੂੰ ਬੇਅੰਤ ਕੁਰਬਾਨੀਆਂ ਵੀ ਦੇਣੀਆਂ ਪਈਆਂ ਜਿਸ ਵਿਚੋਂ ਸਿੱਖ ਪੰਥ ਦੀ ਸਿਰਮੌਰ ਸੰਸਥਾ 'ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ' ਦਾ ਆਗਾਜ਼ ਹੋਇਆ। ਫਿਰ ਇਸ ਨੇ ਆਪਣੇ ਰਾਜਸੀ ਹਿੱਤਾ ਦੀ ਰਾਖੀ ਲਈ 'ਸ਼੍ਰੋਮਣੀ ਅਕਾਲੀ ਦਲ' ਸਥਾਪਿਤ ਕੀਤਾ। ਸਿੱਖਾਂ ਨੇ ਇਕੱਲੇ ਆਪਣੇ ਧਾਰਮਿਕ ਅਸਥਾਨਾਂ ਨੂੰ ਹੀ ਅੰਗਰੇਜ਼ਾਂ ਤੋਂ ਆਜ਼ਾਦ ਨਹੀਂ ਕਰਵਾਇਆ ਬਲਕਿ ਉਨ੍ਹਾਂ ਨੇ ਦੇਸ਼ ਦੀ ਅਜ਼ਾਦੀ ਵਿਚ ੯੫% ਤੋਂ ਵਧੇਰੇ ਕੁਰਬਾਨੀਆਂ ਦੇ ਕੇ ਯੋਗਦਾਨ ਪਾਇਆ। ਅੰਗਰੇਜ਼ਾਂ ਦੀ ਗੁਲਾਮੀ ਤੋਂ ਬਾਅਦ ਅਜ਼ਾਦ ਭਾਰਤ ਅੰਦਰ ਵੀ ਸਿੱਖਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਕੀਤਾ ਜਾਂਦਾ ਰਿਹਾ ਤੇ ਕੀਤਾ ਜਾ ਰਿਹਾ ਹੈ। ਅਜ਼ਾਦ ਭਾਰਤ ਵਿਚ ਰਾਜਸੀ ਸੱਤਾ ਪ੍ਰਾਪਤ ਕਰਨ ਵਾਲੀਆਂ ਸ਼ਕਤੀਆਂ ਭਲੀ ਪ੍ਰਕਾਰ ਜਾਣਦੀਆਂ ਸਨ ਕਿ ਸਿੱਖ ਇਕ ਜੁਝਾਰੂ ਕੌਮ ਹੈ ਇਸ ਨੂੰ ਸਿੱਧੇ ਤੌਰ 'ਤੇ ਕਿਸੇ ਪ੍ਰਕਾਰ ਦੀ ਤਾਕਤ ਨਾਲ ਆਪਣੇ ਅਧੀਨ ਨਹੀਂ ਕੀਤਾ ਜਾ ਸਕਦਾ। ਉਹ ਸਿੱਖ ਇਤਿਹਾਸ ਤੋਂ ਚੰਗੀ ਤਰ੍ਹਾਂ ਵਾਖਫ਼ ਸਨ ਕਿ ਜਿਹੜੀ ਕੌਮ ਦੇ ਗੁਰੂ ਸਾਹਿਬ ਤੇ ਸਿੱਖਾਂ ਨੇ ਦੂਸਰੇ ਧਰਮ ਲਈ ਆਪਾ ਕੁਰਬਾਨ ਕਰ ਦਿੱਤਾ ਹੋਵੇ ਉਹ ਆਪਣੇ ਧਰਮ ਲਈ ਕੀ ਨਹੀਂ ਕਰ ਸਕਦੇ? ਇਸ ਲਈ ਉਨ੍ਹਾਂ ਨੇ ਉਸੇ ਸਮੇਂ ਤੋਂ ਹੀ ਆਪਣੀ ਕੂਟਲਨੀਤੀ ਨਾਲ ਸਿੱਖਾਂ ਨੂੰ ਆਪਸੀ ਵਖਰੇਵਿਆਂ ਦਾ ਸ਼ਿਕਾਰ ਬਣਾਉਣਾ ਸ਼ੁਰੂ ਕਰ ਦਿੱਤਾ ਸੀ, ਜੋ ਅੱਜ ਤਕ ਜਾਰੀ ਹੈ। ਪ੍ਰਤੱਖ ਨੂੰ ਪ੍ਰਮਾਣ ਦੀ ਲੋੜ ਨਹੀਂ ਰੋਜ਼ਾਨਾ ਹੀ ਕੋਈ ਨਾ ਕੋਈ ਅਜਿਹਾ ਮਸਲਾ ਉਠਾਇਆ ਜਾਂਦਾ ਹੈ ਜਿਹੜਾਂ ਸਿੱਖਾਂ ਨੂੰ ਆਪਸ ਵਿਚ ਉਲਝਾਈ ਰੱਖੇ। ਇਤਿਹਾਸ ਗਵਾਹ ਹੈ ਕਿ ਸਿੱਖਾਂ ਦੀ ਸੁਪਰੀਮ ਸੰਸਥਾ ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਅੰਮ੍ਰਿਤਸਰ ਦੇ ਇਕ ਸੱਦੇ 'ਤੇ ਸਮੁੱਚਾ ਸਿੱਖ ਪੰਥ ਇਕ ਝੰਡੇ ਥੱਲੇ ਇਕੱਤਰ ਹੋ ਜਾਇਆ ਕਰਦਾ ਸੀ ਪਰ ਹੁਣ ਅਜਿਹਾ ਨੈਰੇਟਿਵ ਸਿਰਜਿਆ ਜਾ ਚੁੱਕਾ ਹੈ ਕਿ ਸਾਡੇ ਆਪਣੇ ਹੀ ਸਿੱਖ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਾਣ ਮਰਯਾਦਾ ਨੂੰ ਠੇਸ ਪਹੁੰਚਾ ਰਹੇ ਹਨ। ਇੱਥੋਂ ਤਕ ਕਿ ਇਕਾ-ਦੁਕਾ ਤਾਂ ਇਹ ਵੀ ਪ੍ਰਚਾਰ ਕਰਨ ਲੱਗ ਪਏ ਹਨ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਗੁਰੂ ਸਾਹਿਬ ਨੇ ਬਣਾਇਆ ਹੀ ਨਹੀਂ। ਇਨ੍ਹਾਂ ਦੀ ਮਨਸ਼ਾ ਜੱਗ ਜਾਹਰ ਹੈ ਕਿ ਜਦੋਂ ਬਾਂਸ ਨਾ ਰਿਹਾ ਤਾਂ ਬੰਸਰੀ ਕਿੱਥੋਂ ਆਵੇਗੀ। ਭਾਵ ਇਹ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਵਜੂਦ ਹੀ ਖ਼ਤਮ ਕਰ ਦਿੱਤਾ ਜਾਵੇ, ਉਸ ਪ੍ਰਤੀ ਆਸਥਾ ਆਪਣੇ ਆਪ ਖ਼ਤਮ ਹੋ ਜਾਵੇਗੀ ਪਰ ਉਹ ਭੁਲੇਖੇ ਵਿਚ ਹਨ। ਸ੍ਰੀ ਅਕਾਲ ਤਖ਼ਤ ਸਾਹਿਬ ਨਾਲੋਂ ਸਿੱਖਾਂ ਨੂੰ ਕੋਈ ਨਹੀਂ ਤੋੜ ਸਕਦਾ, ਕਿਉਂਕਿ ਇਸ ਦੀ ਸਿਰਜਣਾ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਆਪਣੇ

ਸਿੱਖ ਸੇਵਕਾਂ ਦੀ ਮੱਦਦ ਨਾਲ ਆਪ ਕੀਤੀ ਹੈ- 'ਗੁਰਦਾਸ ਬੁਢੇ ਕੋ ਲੈ ਨਿਜ ਸਾਥ। ਤਖ਼ਤ ਅਰੰਭ ਕਰ ਦੀਨਾ ਨਾਥ। ਜਹ ਭਗਵਤ ਥੀ ਆਗਿਆ ਦਈ। ਤਹਾਂ ਅਰੰਭ ਗੁਰੂ ਜੀ ਕਈ।...ਕਿਸੀ ਰਾਜ ਨਹਿੰ ਹਾਥ ਲਗਾਯੋ। ਬੁੱਢੇ ਔ ਗੁਰਦਾਸ ਬਨਾਯੋ।'

ਸ੍ਰੀ ਅਕਾਲ ਤਖ਼ਤ ਸਾਹਿਬ ਇਕੱਲੇ ਪੰਜਾਬ ਜਾਂ ਭਾਰਤ ਦੇ ਸਿੱਖਾਂ ਤਕ ਹੀ ਸੀਮਿਤ ਨਹੀਂ, ਬਲਕਿ ਇਹ ਪੂਰੀ ਦੁਨੀਆਂ ਦੇ ਸਿੱਖਾਂ ਦੀ ਰਹਿਨੁਮਾਈ ਕਰਦਾ ਹੈ। ਇੱਥੋਂ ਜਾਰੀ ਹੋਏ ਹੁਕਮਾਂ, ਆਦੇਸ਼ਾਂ ਤੇ ਸੰਦੇਸ਼ਾਂ ਨੂੰ ਪੂਰੀ ਸਿੱਖ ਕੌਮ ਮੰਨਦੀ ਹੈ। ਇਸੇ ਕਰਕੇ ਇਸ ਦੀ ਗਰੀਮਾਂ ਪ੍ਰਥਾਇ ਕਈ ਤਰ੍ਹਾਂ ਦੇ ਬਿਰਤਾਂਤ ਸਿਰਜੇ ਜਾਂਦੇ ਹਨ। ਦੁੱਖ ਇਸ ਗੱਲ ਦਾ ਹੈ ਕਿ ਸਿੱਖ ਕੌਮ ਦੇ ਆਪਣੇ ਹੀ ਲੋਕ ਆਪਣਿਆਂ ਦਾ ਵਿਰੋਧ ਕਰੀ ਜਾ ਰਹੇ ਹਨ, ਕੋਈ ਸਿਧਾਂਤ ਦੇ ਨਾਂ 'ਤੇ, ਕੋਈ ਇਤਿਹਾਸ ਦੇ, ਕੋਈ ਮਰਯਾਦਾ ਤੇ ਪਰੰਪਰਾ ਦੇ ਨਾਂ 'ਤੇ। ਸਿੱਖ ਵਿਰੋਧੀ ਤਾਕਤਾਂ ਵੱਲੋਂ ਕੁਝ-ਕੁ ਸਿੱਖ ਸਰੂਪ ਵਾਲੇ ਲੋਕਾਂ ਨੂੰ ਵਰਤ ਕੇ ਉਨ੍ਹਾਂ ਤੋਂ ਜਾਣ-ਬੁਝ ਕੇ ਸਿੱਖਾਂ ਦੇ ਧਾਰਮਿਕ ਅਸਥਾਨਾਂ ਵਿਚ ਸਿਧਾਂਤ, ਮਰਯਾਦਾ ਜਾਂ ਪਰੰਪਰਾਵਾਂ ਸੰਬੰਧੀ ਅਜਿਹੇ ਕਾਰਜ ਕਰਵਾਏ ਜਾਂਦੇ ਹਨ ਜਿਸ ਨਾਲ ਨਾ-ਸਮਝ, ਭੋਲੇ-ਭਾਲੇ ਤੇ ਸਿਧਾਂਤਾਂ ਤੋਂ ਅਣਜਾਣ ਲੋਕਾਂ ਨੂੰ ਪ੍ਰਭਾਵਿਤ ਕੀਤਾ ਜਾ ਸਕੇ, ਦੂਜੇ ਪਾਸੇ ਸਮਝ ਰੱਖਣ ਵਾਲੇ ਸਿੱਖਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਈ ਜਾਂਦੀ ਹੈ। ਫਿਰ ਸਿੱਖ ਹੀ ਇਨ੍ਹਾਂ ਸਿੱਖੀ ਸਰੂਪ ਵਿਚ ਅਜਿਹੇ ਕਾਰਜ ਕਰਨ ਵਾਲਿਆਂ ਦਾ ਵਿਰੋਧ ਕਰਦੇ ਹਨ ਤੇ ਅਜਿਹੀਆਂ ਘਟਨਾਵਾਂ ਨੂੰ ਤੂਲ ਦੇ ਕੇ ਸ਼ੋਸ਼ਲ ਮੀਡੀਆ 'ਤੇ ਭੰਡਿਆ ਜਾਂਦਾ ਹੈ। ਅਜਿਹੇ ਸ਼ਾਤਰ, ਸ਼ਰਾਰਤੀ ਤੇ ਸਿੱਖ ਵਿਰੋਧੀ ਅਨਸਰਾਂ ਵੱਲੋਂ ਸਿੱਖ ਕੌਮ ਵਿਚ ਇੰਨੀਆਂ ਵੰਡੀਆਂ ਪਾ ਦਿੱਤੀਆਂ ਜਾਂਦੀਆਂ ਹਨ ਕਿ ਇਨ੍ਹਾਂ ਦੇ ਇਕ ਹੋਣ ਜਾਂ ਸਮਾਧਾਨ ਦਾ ਕੋਈ ਰਾਹ ਨਜ਼ਰ ਨਹੀਂ ਆਉਂਦਾ। ਹਰ ਕੋਈ ਆਪਣੇ ਆਪ ਨੂੰ ਸਿਧਾਂਤਕਾਰ, ਇਤਿਹਾਸਕਾਰ, ਪਰੰਪਰਾਵਾਦੀ ਤੇ ਗੁਰੂ ਨਾਨਕ ਮਿਸ਼ਨ ਦਾ ਸੱਚਾ ਪਾਂਧੀ ਆਦਿ ਦੱਸ ਕੇ ਆਪੋ-ਆਪਣੀ ਨਿੱਜੀ ਵਿਚਾਰਧਾਰਾ ਨਾਲ ਵੱਖਰਾ ਹੀ ਰਾਗ ਅਲਾਪੀ ਜਾ ਰਿਹਾ ਹੈ। ਸਧਾਰਾਨ ਲੋਕਾਂ ਨੂੰ ਸਮਝ ਨਹੀਂ ਆ ਰਹੀ ਕਿ ਕੌਣ ਸਹੀ ਹੈ ਤੇ ਕੌਣ ਗਲਤ? ਸ਼ੋਸ਼ਲ ਮੀਡੀਆ ਅਜਿਹਾ ਪਲੇਟਫਾਰਮ ਬਣ ਚੁੱਕਿਆ ਹੈ ਜਿਸ ਰਾਹੀਂ ਜਣੇ-ਖਣੇ ਵੱਲੋਂ ਹੀ ਕੱਚ-ਘਰੜ, ਅਧੂਰੀ, ਝੂਠੀ, ਬੇਮਤਲਬੀ ਤੇ ਭਾਵਨਾਵਾਂ ਭੜਕਾਉਣ ਵਾਲੀਆਂ ਪੋਸਟਾਂ ਸਾਂਝੀਆਂ ਕੀਤੀਆਂ ਜਾਂਦੀਆਂ ਹਨ। ਇਨ੍ਹਾਂ ਵਿਚ ਕੁਝ ਜਾਣ-ਬੁਝ ਕੇ, ਸਾਜਿਸ਼ ਤਹਿਤ ਤੇ ਕੁਝ ਬਿਨਾਂ ਸੋਚੇ-ਸਮਝੇ ਅੱਗੇ ਤੋਂ ਅੱਗੇ ਭੇਜ ਦਿੱਤਾ ਜਾਂਦਾ ਹੈ। ਸ਼ਾਤਰ ਲੋਕ ਇਸ ਦਾ ਨਜਾਇਜ਼ ਫਾਇਦਾ ਉਠਾ ਲੈਂਦੇ ਹਨ। ਸਿੱਖਾਂ ਦੇ ਕਿਸੇ ਆਪਸੀ ਮਸਲੇ ਨੂੰ ਇਕ ਵਿਸ਼ੇਸ਼ ਪ੍ਰਾਪੇਗੰਡੇ ਵਜੋਂ ਸ਼ੋਸ਼ਲ ਮੀਡੀਆ ਜਰੀਏ ਬੇਲੋੜਾ ਉਛਾਲਿਆ ਜਾਂਦਾ ਹੈ। ਰਾਜ (ਸ਼ਟਓਟਏ) ਜਾਂ ਦੇਸ਼ ਹੀ ਨਹੀਂ, ਬਲਕਿ ਦੁਨੀਆਂ ਦੇ ਕਿਸੇ ਵੀ ਕੋਨੇ ਵਿਚ ਜਦੋਂ ਕੋਈ ਕੁਦਰਤੀ ਆਫਤ ਆ ਜਾਂਦੀ ਹੈ ਜਾਂ ਕਿਸੇ ਪ੍ਰਕਾਰ ਦੀ ਕੋਈ ਭਿਆਨਕ ਬਿਮਾਰੀ ਫੈਲ ਜਾਂਦੀ ਹੈ ਤਾਂ ਸਭ ਤੋਂ ਪਹਿਲਾਂ ਸਰਬੱਤ ਦਾ ਭਲਾ ਮੰਗਣ ਵਾਲੀ ਇਹ ਸਿੱਖ ਕੌਮ ਹੀ ਮੂਹਰਲੀ ਕਤਾਰ ਵਿਚ ਉਨ੍ਹਾਂ ਪੀੜ੍ਹਤਾਂ ਦੀ ਮਦਦ ਕਰਦੀ ਨਜ਼ਰ ਆਉਂਦੀ ਹੈ। ਇਨ੍ਹਾਂ ਸੇਵਾਵਾਂ ਨੂੰ ਸ਼ੋਸ਼ਲ ਮੀਡੀਆ ਜਾਂ ਇੰਟਰਨੈੱਟ ਦੇ ਕਿਸੇ ਵੀ ਪਲੇਟਫਾਰਮ 'ਤੇ ਪ੍ਰਸਾਰਤ ਨਹੀਂ ਕੀਤਾ ਜਾਂਦਾ ਪਰ ਜੇਕਰ ਕਿਸੇ ਸਿੱਖ ਜਾਂ ਸਿੱਖ ਸਰੂਪ ਵਾਲੇ ਪ੍ਰਾਣੀ ਤੋਂ ਜਾਣੇ ਜਾਂ ਅਣਜਾਣੇ ਵਿਚ ਕੋਈ ਘਟਨਾ ਹੋ ਜਾਵੇ ਜਿਹੜੀ ਸਮਾਜ ਅਪ੍ਰਵਾਨਿਤ ਹੋਵੇ ਤਾਂ ਉਸ ਨੂੰ ਨੈਸ਼ਨਲ ਮੀਡੀਆ ਅਹਿਮ ਖ਼ਬਰ ਬਣਾਕੇ ਤੇ ਪੱਬਾਂ ਭਾਰ ਹੋ ਕੇ ਵਾਰ-ਵਾਰ ਦੁਹਰਾਉਂਦਾ ਹੈ, ਤਾਂ ਕਿ ਸਿੱਖ ਕੌਮ ਨੂੰ ਬਦਨਾਮ ਕਰਨ ਵਿਚ ਕੋਈ ਕਸਰ ਬਾਕੀ ਨਾ ਰਹਿ ਸਕੇ। ਸ਼ੋਸ਼ਲ ਮੀਡੀਆ, ਫੇਸਬੁਕ, ਇੰਸਟਗ੍ਰਾਮ, ਯੂ-ਟਿਊਬ ਆਦਿ ਇੰਟਰਨੈੱਟ ਅਜਿਹਾ ਮੰਚ ਬਣ ਚੁੱਕਿਆ ਕਿ ਜਿਸ 'ਤੇ ਸਹੀ ਤੇ ਸਟੀਕ ਜਾਣਕਾਰੀ ਦੇਣ ਦੀ ਬਜਾਏ ਝੂਠੀ ਤੇ ਅਫਵਾਹ ਫੈਲਾਉਣ ਦਾ ਕੰਮ ਵਧੇਰੇ ਲਿਆ ਜਾਂਦਾ ਹੈ। ਸ਼ੋਸ਼ਲ ਮੀਡੀਆ ਉਪਰ ਸਿੱਖਾਂ ਦੇ ਨਾਮ ਪਰ ਜਾਲੀ ਖਾਤਿਆਂ ਰਾਹੀਂ ਇਕ-ਦੂਜੇ ਪ੍ਰਤੀ ਦੂਸ਼ਣਬਾਜ਼ੀ ਲਾ ਕੇ ਆਪਸੀ ਨਫ਼ਰਤ ਫੈਲਾਈ ਜਾਂਦੀ ਹੈ, ਇਸ ਤੋਂ ਸੁਚੇਤ ਹੋਣ ਦੀ ਲੋੜ ਹੈ। ਜਿੰਨਾਂ

ਸਮਾਂ ਸਿੱਖ ਆਪਸੀ ਵਿਚਾਰਧਾਰਕ ਵਖਰੇਵਿਆਂ ਨੂੰ ਛੱਡ ਕੇ ਕੌਮੀ ਮਸਲਿਆਂ ਲਈ ਇਕੱਠੇ ਨਹੀਂ ਹੋਣਗੇ ਉਨ੍ਹਾਂ ਸਮਾਂ ਇਸੇ ਤਰ੍ਹਾਂ ਸਿੱਖ ਵਿਰੋਧੀ ਤਾਕਤਾਂ ਫਾਇਦਾ ਉਠਾਉਂਦੀਆ ਰਹਿਣਗੀਆਂ।

ਸਿੱਖਾਂ ਨੂੰ ਸਮਝਣ ਦੀ ਲੋੜ ਹੈ ਕਿ ਉਨ੍ਹਾਂ ਦੇ ਕਿੰਨੇ ਹੀ ਕੌਮੀ ਪ੍ਰਵਾਨਿਆਂ ਨੇ ਆਪਣੀਆਂ ਜੁਆਨੀਆਂ ਜੇਲ੍ਹਾਂ ਵਿਚ ਗੁਜ਼ਾਰ ਦਿੱਤੀਆਂ ਹਨ, ਉਹ ਲੰਬੇ ਸਮੇਂ ਤੋਂ ਜੇਲ੍ਹਾਂ ਵਿਚ ਬੰਦ ਹਨ, ਉਨ੍ਹਾਂ ਨਾਲ ਕਿਸੇ ਪ੍ਰਕਾਰ ਦੀ ਕੋਈ ਰਿਆਇਤ ਨਹੀਂ, ਕੋਈ ਪੈਰੋਲ ਨਹੀਂ ਪਰ ਦੂਜੇ ਪਾਸੇ ਸੌਧਾ ਸਾਧ ਗੁਰਮੀਤ ਰਾਮ ਰਹੀਮ ਕਤਲ ਤੇ ਬਲਾਤਕਾਰੀ ਕੇਸ ਵਿਚ ਹੋਣ ਦੇ ਬਾਵਜੂਦ ਵੀ ਲਗਪਗ ਬਾਰ੍ਹਾਂ ਵਾਰੀ ਪੈਰੋਲ 'ਤੇ ਬਾਹਰ ਆ ਚੁੱਕਿਆ ਹੈ। ਸਿੱਖ ਕਦੋਂ ਤਕ ਆਪਸੀ-ਫੁੱਟ ਤੇ ਆਪੋ-ਧਾਪੀ ਦਾ ਸ਼ਿਕਾਰ ਹੁੰਦੇ ਰਹਿਣਗੇ?

# ਗੁਰਦੁਆਰਾ ਪ੍ਰਬੰਧਕ ਸੁਚੇਤ ਹੋਣ

ਗੁਰਦੁਆਰਿਆਂ ਵਿਚ ਬਿਜਲੀ ਦੇ ਸਰਕਟ ਸ਼ਾਰਟ ਹੋਣ ਕਾਰਨ ਅੱਗਾਂ ਲੱਗਣ ਦੀਆਂ ਦੁੱਖਦਾਈ ਘਟਨਾਵਾਂ ਕਾਰਨ ਹੋਰ ਨੁਕਸਾਨ ਦੇ ਨਾਲ-ਨਾਲ ਕਈ ਵਾਰ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਵੀ ਅਗਨ ਭੇਟ ਹੋ ਜਾਂਦੇ ਹਨ। ਗੁਰਦੁਆਰਿਆਂ ਵਿਚ ਸ਼ਰਧਾ-ਵੱਸ ਕਈ ਤਰ੍ਹਾਂ ਦੇ ਸਜਾਵਟੀ ਲੈਂਪ, ਬਿਜਲੀ ਦੀਆਂ ਲੜੀਆਂ ਆਦਿ ਲਗਾਈਆਂ ਜਾਂਦੀਆਂ ਹਨ, ਜਿਨ੍ਹਾਂ ਦੀਆਂ ਤਾਰਾਂ ਦੇ ਜੋੜ ਉਚਿਤ ਢੰਗ ਨਾਲ ਨਹੀਂ ਲਗਾਏ ਜਾਂਦੇ। ਸਰਕਟ ਸ਼ਾਰਟ ਹੋਣ ਕਾਰਨ ਜਦ ਕੋਈ ਦੁੱਖਦਾਈ ਘਟਨਾ ਵਾਪਰ ਜਾਂਦੀ ਹੈ ਤਾਂ ਬੇਵੱਸੀ ਜ਼ਾਹਿਰ ਕਰ ਕੇ ਛੁਟਕਾਰਾ ਪਾਉਣ ਦਾ ਯਤਨ ਕੀਤਾ ਜਾਂਦਾ ਹੈ ਜਾਂ ਫਿਰ ਕਈ ਵਾਰ ਅਣਗਹਿਲੀ ਨੂੰ ਛੁਪਾਉਣ ਲਈ ਕਿਸੇ ਨਾ ਕਿਸੇ 'ਤੇ ਸ਼ੱਕ ਦੀ ਸੂਈ ਟਿਕਾ ਦਿੱਤੀ ਜਾਂਦੀ ਹੈ, ਜੋ ਉਚਿਤ ਨਹੀਂ। ਗੁਰੂ-ਘਰਾਂ ਦੇ ਪ੍ਰਬੰਧਕਾਂ ਨੂੰ ਨਿਮਰਤਾ ਪੂਰਵਕ ਅਪੀਲ ਕੀਤੀ ਜਾਂਦੀ ਹੈ ਕਿ ਗੁਰਦੁਆਰਾ ਸਾਹਿਬ ਅੰਦਰ ਏ.ਸੀ., ਕੂਲਰ, ਪੱਖੇ, ਲਾਈਟਾਂ, ਧੂਫ, ਦੀਵਾ-ਬੱਤੀ ਆਦਿ ਤਦ ਤੱਕ ਹੀ ਜਾਰੀ ਰੱਖਣਾ ਚਾਹੀਦਾ ਹੈ ਜਦ ਤਕ ਕੋਈ ਨਿਗਰਾਨੀ ਵਾਲਾ ਹਾਜ਼ਰ ਹੋਵੇ। ਗੁਰਦੁਆਰਾ ਸਾਹਿਬ ਦੇ ਕਿਵਾੜ ਬੰਦ ਕਰਨ ਸਮੇਂ ਜਾਂ ਬਾਹਰ ਜਾਣ ਸਮੇਂ ਬਿਜਲਈ ਉਪਕਰਣ, ਧੂਫ, ਦੀਵਾਬੱਤੀ ਬੰਦ ਕਰਕੇ ਜਾਣਾ ਚਾਹੀਦਾ ਹੈ। ਗੁਰਦੁਆਰੇ ਅੰਦਰ ਬਿਜਲੀ ਦੀਆਂ ਤਾਰਾਂ ਸਮੇਤ ਸਮੁੱਚੀ ਫਿਟਿੰਗ ਆਦਿ ਉਚਿਤ ਢੰਗ ਨਾਲ ਕੀਤੀ ਜਾਵੇ। ਸੁਖ-ਆਸਣ ਵਾਲੇ ਪਲੰਘ ਨਾਲ ਬਿਜਲੀ ਦੇ ਬੱਲਬ, ਪੱਖੇ ਜਾਂ ਹੋਰ ਕਿਸੇ ਯੰਤਰ ਦੀ ਫਿਟਿੰਗ ਨਾ ਕੀਤੀ ਜਾਵੇ। ਜ਼ਿਆਦਾ ਗਰਮੀ, ਤੇਜ਼ ਹਵਾਵਾਂ ਅਤੇ ਹਨ੍ਹੇਰੀਆਂ ਆਦਿ ਚੱਲਣ ਸਮੇਂ ਅਕਸਰ ਤਾਰਾਂ ਸ਼ਾਰਟ ਹੋਣ ਦਾ ਡਰ ਬਣਿਆ ਰਹਿੰਦਾ ਹੈ। ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਕ, ਗ੍ਰੰਥੀ ਸਿੰਘ ਅਤੇ ਸੇਵਾਦਾਰ ਉਪਰੋਕਤ ਦਿੱਤੇ ਸੁਝਾਵਾਂ ਨੂੰ ਅਮਲ 'ਚ ਲਿਆ ਕੇ ਗੁਰੂ ਸਾਹਿਬ ਦੇ ਅਦਬ-ਸਤਿਕਾਰ ਨੂੰ ਯਕੀਨੀ ਬਣਾਉਣ।

**ਸਕੱਤਰ,**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

# ਸੇਵਾ ਤੋਂ ਗੁਰਿਆਈ ਤਕ

***-ਡਾ. ਰਾਜਵਿੰਦਰ ਸਿੰਘ ਜੋਗਾ****

ਹਰੇਕ ਧਰਮ ਦੇ ਆਪਣੇ-ਆਪਣੇ ਉੱਚੇ ਤੇ ਸੁੱਚੇ ਕੁਝ ਆਦਰਸ਼ ਤੇ ਸੰਕਲਪ ਮਿਥੇ ਹੋਏ ਹਨ ਤੇ ਇਨ੍ਹਾਂ ਦੀ ਪ੍ਰਾਪਤੀ ਲਈ ਕੁਝ ਜੁਗਤਾਂ ਤੇ ਵਿਧੀਆਂ ਵੀ ਦਰਸਾਈਆਂ ਗਈਆਂ ਹਨ, ਇਨ੍ਹਾਂ ਵਿਚੋਂ ਇਕ ਹੈ 'ਸੇਵਾ' ਦਾ ਸੰਕਲਪ, ਜੋ ਕਿ ਸਾਰੇ ਧਰਮਾਂ ਵਿਚ ਕਿਸੇ ਨਾ ਕਿਸੇ ਰੂਪ ਵਿਚ ਜ਼ਰੂਰ ਮਿਲ ਜਾਂਦਾ ਹੈ। ਪਰ ਉਸ ਦੇ ਰੂਪ ਜਾਂ ਜੁਗਤਾਂ ਵੱਖਰੇ-ਵੱਖਰੇ ਹੋ ਸਕਦੇ ਹਨ। ਸਿੱਖ ਧਰਮ ਵਿਚ 'ਸੇਵਾ' ਦੀ ਬੜੀ ਮਹਾਨਤਾ ਹੈ ਤੇ ਇਸ ਦਾ ਸੰਕਲਪ ਤੇ ਜੁਗਤ ਬਾਕੀ ਧਰਮਾਂ ਨਾਲੋਂ ਵਿਲੱਖਣ ਹੈ। ਗੁਰੂ ਸਾਹਿਬ ਫੁਰਮਾਉਂਦੇ ਹਨ- *'ਅਨਿਕ ਭਾਂਤਿ ਕਰਿ ਸੇਵਾ ਕਰੀਐ॥ ਜੀਉ ਪ੍ਰਾਨ ਧਨੁ ਆਗੈ ਧਰੀਐ॥ ਪਾਨੀ ਪਖਾ ਕਰਉ ਤਜਿ ਅਭਿਮਾਨੁ॥ ਅਨਿਕ ਬਾਰ ਜਾਈਐ ਕੁਰਬਾਨੁ॥'* ਭਾਵ ਸੇਵਾ ਅਨੇਕਾਂ ਤਰੀਕਿਆਂ ਨਾਲ ਕਰਨੀ ਚਾਹੀਦੀ ਹੈ। ਇਹ ਜਿੰਦ, ਪ੍ਰਾਣ ਤੇ ਧਨ ਭਾਵ ਆਪਣਾ ਸਭ ਕੁਝ ਉਸ ਦੇ ਅੱਗੇ ਰੱਖ ਦੇਣਾ ਹੈ। ਮੈਂ, ਮੇਰੀ, ਹਉਮੈ, ਅਹੰਕਾਰ ਤਿਆਗ ਕੇ ਉਸ ਦਾ ਪਾਣੀ ਢੋਣ ਤੇ ਉਸ ਨੂੰ ਪੱਖਾ ਝੱਲਣ ਦੀ ਸੇਵਾ ਕਰਾਂ ਤੇ ਉਸ ਤੋਂ ਅਨੇਕਾਂ ਵਾਰੀ ਕੁਰਬਾਨ ਹੋ ਜਾਵਾਂ। ਗੁਰਮਤਿ ਅਨੁਸਾਰ ਵਿਵਹਾਰਿਕ ਰੂਪ ਵਿਚ ਸੇਵਾ ਕਰਨ ਨਾਲ ਆਦਰਸ਼ਕ ਜੀਵਨ-ਜਾਚ ਆ ਜਾਂਦੀ ਹੈ। ਇਹ ਸੁਚੱਜਾ ਜੀਵਨ ਜੀਉਣ ਦੀ ਇਕ ਕਲਾ ਹੈ। ਇਸੇ ਕਰਕੇ ਗੁਰੂ ਸਾਹਿਬਾਨ ਨੇ ਸੇਵਾ ਨੂੰ ਅਧਿਆਤਮਿਕ ਉਨਤੀ ਦਾ ਪੜਾਅ ਨਿਸ਼ਚਿਤ ਕੀਤਾ ਹੈ, ਜਿਸ ਰਾਹੀਂ ਮਨੁੱਖ ਦੀ 'ਹਉਮੈ' ਸਮਰਪਿਤ ਭਾਵਨਾ ਵਿਚ ਬਦਲ ਜਾਂਦੀ ਹੈ ਤੇ ਉਸ ਨੂੰ ਗੁਰੂ ਤੇ ਸੰਗਤ ਦੀ ਸੇਵਾ ਕਰਦਿਆਂ ਅਕਾਲ ਪੁਰਖ ਨਾਲ ਅਭੇਦ ਹੋਣ ਦਾ ਸਾਧਨ ਮਿਲ ਜਾਂਦਾ ਹੈ।

ਗੁਰਮਤਿ ਅਨੁਸਾਰ ਮਨੁੱਖਤਾ ਦੇ ਕਲਿਆਣ ਹਿਤ 'ਸੇਵਾ' ਦਾ ਵਿਸ਼ੇਸ਼ ਮਹੱਤਵ ਹੈ। ਦੁਨਿਆਵੀ ਤੌਰ 'ਤੇ ਮਨੁੱਖ ਹਉਮੈ, ਅਹੰਕਾਰ ਵਿਚ ਭਰਿਆ ਹੋਇਆ ਕਾਰਜ ਕਰਦਾ ਹੈ। ਪਰ ਸੇਵਾ ਹੀ ਇਕ ਐਸੀ ਚੀਜ਼ ਹੈ ਜਿਹੜੀ ਮਨੁੱਖ ਦੀ ਇਸ ਬਿਰਤੀ ਦਾ ਸ਼ੁੱਧੀਕਰਨ ਕਰਕੇ ਉਸ ਨੂੰ ਕਲਿਆਣਕਾਰੀ ਤੇ ਪਰਉਪਕਾਰੀ ਆਚਰਣ ਵਾਲੀ ਸ਼ਖ਼ਸੀਅਤ ਦਾ ਮਾਲਕ ਬਣਾ ਦਿੰਦੀ ਹੈ। ਜਦੋਂ ਅਸੀਂ ਪੁਰਾਤਨ ਇਤਿਹਾਸ 'ਤੇ ਨਜ਼ਰ ਮਾਰਦੇ ਹਾਂ ਤਾਂ ਵੇਖਦੇ ਹਾਂ ਕਿ ਸਨਾਤਨੀ ਧਰਮ ਵਿਚ ਕਿਸੇ ਦੁਨਿਆਵੀ ਜਾਂ ਆਤਮਿਕ ਮਨਸਾ ਨੂੰ ਪੂਰਾ ਕਰਨ ਲਈ ਦੇਵੀ-ਦੇਵਤਿਆਂ ਦੀ ਪੂਜਾ ਕੀਤੀ ਜਾਂਦੀ ਸੀ ਤੇ ਇਸ ਨੂੰ ਸੇਵਾ ਦਾ ਰੂਪ ਮੰਨਿਆ ਜਾਂਦਾ ਸੀ। ਫਿਰ ਹੌਲੀ-ਹੌਲੀ ਇਹ ਪੂਜਾ (ਸੇਵਾ) ਪੂਜਾਰੀ ਸ਼੍ਰੇਣੀ ਨੇ ਆਪਣੇ ਤਕ ਰਾਖਵੀਂ ਕਰ ਲਈ ਤੇ ਬਾਕੀ ਜਨਤਾ ਤੋਂ ਇਨ੍ਹਾਂ ਦੇਵੀ-ਦੇਵਤਿਆਂ ਦੀ ਥਾਂ ਆਪਣੀ ਸੇਵਾ ਕਰਵਾਉਣੀ ਸ਼ੁਰੂ ਕਰ ਦਿੱਤੀ। ਜਿਸ ਨੇ ਸਮੇਂ ਦੇ ਬਦਲਾ ਨਾਲ ਇਸ ਦਾ ਰੂਪ ਹੀ ਨਹੀਂ ਬਦਲਿਆ ਬਲਕਿ ਇਸ ਨੂੰ ਇਕ ਵਿਸ਼ੇਸ਼ ਅਖੌਤੀ ਨੀਵੀਂ ਸ਼੍ਰੇਣੀ ਦੇ ਕਰਨ ਲਈ ਰਾਖਵੀਂ ਬਣਾ ਦਿੱਤਾ। ਇਸੇ ਕਰਕੇ ਭਾਰਤੀ ਸਮਾਜ ਵਿਚ 'ਸੇਵਾ' ਕਰਨ ਵਾਲੇ ਦਾ ਰੁਤਬਾ ਸਭ ਤੋਂ ਨੀਵਾਂ ਮੰਨਿਆ ਜਾਂਦਾ ਸੀ। ਇੱਥੇ ਹੀ ਬਸ ਨਹੀਂ ਸਮਾਜ ਦੀ ਅਖੌਤੀ ਵਰਣ ਵੰਡ ਅਨੁਸਾਰ ਇਹ ਕਾਰਜ ਆਮ ਕਰਕੇ ਨੀਵੀਆਂ ਜਾਤੀਆਂ ਤੇ ਖਾਸ ਕਰਕੇ ਸ਼ੂਦਰ ਜਾਤੀ ਦੇ

***ਇੰਚਾਰਜ ਤੇ ਐਸੋਸੀਏਟ ਐਡੀਟਰ, ਗੁਰਦੁਆਰਾ ਗਜ਼ਟ ਵਿਭਾਗ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ। ਮੋ:- ੯੫੦੧੩੦੦੪੫੯**

ਲੋਕਾਂ ਤੋਂ ਬੱਧਾਚੱਟੀ, ਵਗਾਰ ਵਿਚ ਜਾਂ ਜ਼ਬਰੀ ਤੌਰ 'ਤੇ ਕਰਵਾਇਆ ਜਾਂਦਾ ਸੀ। ਪਰ ਸਿੱਖ ਧਰਮ ਵਿਚ ਗੁਰੂ ਸਾਹਿਬਾਨ ਨੇ ਸੇਵਾ ਕਰਨ ਵਾਲੇ ਨੂੰ ਵਿਲੱਖਣ ਸਥਾਨ ਬਖ਼ਸ਼ਿਆ ਤੇ ਇਹ ਸ੍ਵੈ-ਇੱਛਾ ਨਾਲ ਮਨ, ਬਚਨ ਤੇ ਕਰਮ ਕਰਕੇ ਨਿਸ਼ਕਾਮ-ਭਾਵਨਾ ਨਾਲ ਕਰਨ ਦਾ ਆਦੇਸ਼ ਦਿੱਤਾ।

ਉਕਤ ਅਨੁਸਾਰ ਜਿਵੇਂ ਦੱਸਿਆ ਗਿਆ ਹੈ ਕਿ ਜਿੱਥੇ ਭਾਰਤੀ ਸਮਾਜ ਵਿਚ ਸਨਾਤਨੀ ਪਰੰਪਰਾ ਅਨੁਸਾਰ ਸੇਵਾ ਕਰਨ ਵਾਲੇ 'ਸੇਵਾਦਾਰ' ਨੂੰ ਨੀਵਾਂ ਸਮਝਿਆ ਹੀ ਨਹੀਂ ਜਾਂਦਾ ਸੀ, ਬਲਕਿ ਤਿਰਸਕਾਰਿਆ ਤੇ ਦੁਰਕਾਰਿਆ ਵੀ ਜਾਂਦਾ ਸੀ। ਉੱਥੇ ਸਿੱਖ ਗੁਰੂ ਸਾਹਿਬਾਨ ਨੇ ਸੇਵਾ ਕਰਨ ਵਾਲੇ 'ਸੇਵਾਦਾਰ' ਨੂੰ ਮਾਣ ਤੇ ਸਤਿਕਾਰ ਹੀ ਨਹੀਂ ਦਿੱਤਾ, ਬਲਕਿ ਉਸ ਨੂੰ ਆਪਣਾ ਉਤਰਾਧਿਕਾਰੀ ਚੁਣ ਕੇ ਗੁਰਿਆਈ ਦੀ ਪਦਵੀ ਵੀ ਬਖ਼ਸ਼ੀ। ਗੁਰੂ ਸਾਹਿਬਾਨ ਨੇ ਸੇਵਾ ਕਿਸੇ ਵਿਅਕਤੀ ਵਿਸ਼ੇਸ਼ ਜਾਂ ਸ਼੍ਰੇਣੀ ਲਈ ਰਾਖਵੀ ਨਹੀਂ ਰੱਖੀ, ਬਲਕਿ ਹਰ ਇਕ ਪ੍ਰਾਣੀ ਮਾਤਰ ਨੂੰ ਸੇਵਾ ਕਰਨ ਦਾ ਉਪਦੇਸ਼ ਹੀ ਨਹੀਂ ਦਿੱਤਾ ਸਗੋਂ ਪਹਿਲਾਂ ਆਪ ਸੇਵਾ ਕਰਕੇ ਪ੍ਰੇਰਣਾ ਸ੍ਰੋਤ ਬਣੇ। ਗੁਰਮਤਿ ਵਿਚ ਖਾਸ ਕਰਕੇ ਨਿਸ਼ਕਾਮ ਸੇਵਾ ਕਰਨ ਲਈ ਪ੍ਰੇਰਿਆ ਜਾਂਦਾ ਹੈ। 'ਨਿਸ਼ਕਾਮ ਸੇਵਾ' ਅਸਲ ਵਿਚ ਬਿਨਾਂ ਕਿਸੇ ਆਸ, ਸੁਆਰਥ ਦੇ ਦੂਜਿਆਂ ਦੇ ਕੰਮ ਆਉਣ ਦੀ ਪ੍ਰਕਿਰਿਆ ਹੈ।

ਧਰਮ ਦੀ ਦੁਨੀਆਂ ਵਿਚ ਸਾਂਝੇ ਕੰਮਾਂ ਵਿਚ ਸ਼ਰਧਾਪੂਰਨ ਹੋ ਕੇ ਕੰਮ ਕਰਨ ਦੀ ਭਾਵਨਾਂ ਨੂੰ ਸੇਵਾ ਦੇ ਨਾਂ ਨਾਲ ਜਾਣਿਆ ਜਾਂਦਾ ਹੈ। ਗੁਰਬਾਣੀ ਵਿਚ ਸੇਵਾ ਪ੍ਰਥਾਇ ਫੁਰਮਾਇਆ ਗਿਆ ਹੈ-

*ਇਤੁ ਤਨਿ ਲਾਗੈ ਬਾਣੀਆ॥ ਸੁਖੁ ਹੋਵੈ ਸੇਵ ਕਮਾਣੀਆ॥*
*ਸਭ ਦੁਨੀਆ ਆਵਣ ਜਾਣੀਆ॥੩॥*
*ਵਿਚਿ ਦੁਨੀਆ ਸੇਵ ਕਮਾਈਐ॥ ਤਾ ਦਰਗਹ ਬੈਸਣੁ ਪਾਈਐ॥*
*ਕਹੁ ਨਾਨਕ ਬਾਹ ਲੁਡਾਈਐ॥੪॥*[੧]

ਸ੍ਰੀ ਗੁਰੂ ਅਰਜਨ ਦੇਵ ਜੀ ਨੇ ਤਾਂ ਇੱਥੋਂ ਤਕ ਫੁਰਮਾਇਆ ਹੈ ਕਿ ਸੇਵਾ ਮਨੁੱਖ ਨੂੰ ਅਜਿਹੀ ਸ਼ਕਤੀਸ਼ਾਲੀ ਮਿੱਟੀ ਵਿਚ ਤਬਦੀਲ ਕਰ ਦਿੰਦੀ ਹੈ ਕਿ ਉਹ ਦੂਜਿਆਂ ਦੇ ਪੈਰਾਂ ਦੇ ਥੱਲੇ ਹੁੰਦੀ ਹੋਈ ਵੀ ਸਾਰਿਆਂ ਤੋਂ ਉੱਚੀ ਗਿਣੀ ਜਾਂਦੀ ਹੈ-

*ਪਵਹੁ ਚਰਣਾ ਤਲਿ ਊਪਰਿ ਆਵਹੁ ਐਸੀ ਸੇਵ ਕਮਾਵਹੁ॥*
*ਆਪਸ ਤੇ ਊਪਰਿ ਸਭ ਜਾਣਹੁ ਤਉ ਦਰਗਹ ਸੁਖੁ ਪਾਵਹੁ॥*[੨]

ਪੁਰਾਤਨ ਸਮੇਂ ਵਿੱਚ ਪੱਖਾ ਝੱਲਣਾ, ਜਲ ਵਰਤਾਉਣਾ, ਭਾਂਡੇ ਮਾਂਜਣਾ, ਝਾੜੂ ਦੇਣਾ ਆਦਿ ਨੀਂਵੇਂ ਕੰਮ ਸਮਝੇ ਜਾਂਦੇ ਸਨ ਤੇ ਉਕਤ ਅਨੁਸਾਰ ਇਨ੍ਹਾਂ ਕੰਮਾਂ ਨੂੰ ਅਕਸਰ ਹੀ ਸਮਾਜਿਕ ਤੌਰ 'ਤੇ ਮੰਨੀਆਂ ਜਾਂਦੀਆਂ ਨੀਵੀਂਆਂ ਜਾਤੀਆਂ ਦੇ ਲੋਕ ਕਰਦੇ ਸਨ। ਸੋ ਇਨ੍ਹਾਂ ਕੰਮਾਂ ਨੂੰ ਨੀਂਵਾਂ ਕੰਮ ਸਮਝ ਕੇ ਤੇ ਬੱਧਾਚੱਟੀ ਅਧੀਨ ਹੀ ਕੀਤਾ ਜਾਂਦਾ ਸੀ। ਇਸ ਲਈ ਇਨ੍ਹਾਂ ਕੰਮਾਂ ਵਿੱਚ ਸੇਵਾ ਦੀ ਭਾਵਨਾ ਤਾਂ ਮਨਫੀ ਹੋਣੀ ਤਾਂ ਸੁਭਾਬਿਕ ਹੀ ਸੀ, ਕਿਉਂ ਜੋ ਇਨ੍ਹਾਂ ਤੋਂ ਦਾਸ ਪ੍ਰਥਾ ਅਧੀਨ ਜਾਂ ਉੱਚ ਜਾਤੀ ਦੇ ਹੱਕ-ਹਕੂਕ ਅਧੀਨ ਆਪਣੇ ਅਧਿਕਾਰ ਸਮਝ ਕੇ ਕਰਵਾਇਆ ਜਾਂਦਾ ਸੀ। ਇਸ ਬਦਲੇ ਇਨ੍ਹਾਂ ਨੂੰ ਨਾ-ਮਾਤਰ ਮਿਹਨਤਾਨਾ ਭਾਵ ਮਜ਼ਦੂਰੀ ਦਿੱਤੀ ਜਾਂਦੀ ਸੀ ਜਾਂ ਫਿਰ ਗ਼ੁਲਾਮ ਪ੍ਰਥਾ ਤਹਿਤ ਮੁਫ਼ਤ ਅਤੇ ਵਗਾਰ ਵਿੱਚ ਹੀ ਕਰਵਾ ਲਿਆ ਜਾਂਦਾ ਸੀ। ਗੁਰੂ ਸਾਹਿਬਾਨ ਨੇ ਸੇਵਾ ਦੇ ਸੰਕਲਪ ਤੇ ਸਰੂਪ ਨੂੰ ਨਵੇਂ ਅਰਥ ਪ੍ਰਦਾਨ ਕੀਤੇ, ਜੋ ਇੱਕ ਉੱਤਮ ਕਰਮ ਬਣ ਗਏ ਤੇ ਇਸ ਨੂੰ ਅਮੀਰ-ਗਰੀਬ, ਉਚ-ਕੁੱਲ, ਇਸਤਰੀ-ਪੁਰਸ਼, ਬੱਚਾ ਤੇ ਬਜ਼ੁਰਗ ਆਦਿ ਦਾ ਹਰ ਇੱਕ ਪ੍ਰਾਣੀ ਕਰਨ ਲਈ ਤਿਆਰ ਹੋ ਗਿਆ। ਗੁਰੂ ਸਾਹਿਬ ਨੇ ਸੇਵਾ ਨੂੰ

ਪ੍ਰਮਾਤਮਾ ਦੀ ਪ੍ਰਾਪਤੀ ਦਾ ਪ੍ਰਮੁੱਖ ਸਾਧਨ ਦੱਸਿਆ ਹੈ। ਗੁਰੂ ਸਾਹਿਬ ਫੁਰਮਾਉਂਦੇ ਹਨ-

*ਸੇਵਾ ਕਰਤ ਹੋਇ ਨਿਹਕਾਮੀ॥*
*ਤਿਸ ਕਉ ਹੋਤ ਪਰਾਪਤਿ ਸੁਆਮੀ॥*[3]

ਭਾਵ ਜੋ ਸੇਵਕ ਬਿਨਾਂ ਕਿਸੇ ਕਾਮਨਾ ਦੇ, ਫਲ ਦੀ ਇੱਛਾ ਰੱਖੇ ਬਿਨਾਂ ਸੇਵਾ ਕਰਦਾ ਹੈ, ਉਸ ਨੂੰ ਮਾਲਿਕ ਪ੍ਰਭੂ ਮਿਲ ਜਾਂਦਾ ਹੈ। ਇਸ ਲਈ ਇਹ ਸਿੱਖ ਦੇ ਜੀਵਨ ਦਾ ਅਨਿੱਖੜਵਾਂ ਅੰਗ ਬਣ ਗਿਆ। ਸ੍ਰੀ ਗੁਰੂ ਨਾਨਕ ਦੇਵ ਜੀ ਦੀ ਸਾਧਨਾ ਵਿੱਚ ਸੇਵਾ ਦਾ ਬਹੁਤ ਮਹੱਤਵ ਹੈ। ਇਸ ਬਾਬਤ ਡਾ. ਰਤਨ ਸਿੰਘ ਜੱਗੀ ਲਿਖਦੇ ਹਨ, ਕਿ 'ਸੇਵਾਅਸਲ ਵਿਚ ਬੜੀ ਉੱਚੀ ਸਾਧਨਾ ਹੈ। ਮਨੁੱਖ ਦਾ ਕਾਰਜ ਹਉਮੈ ਨਾਲ ਯੁਗਤ ਹੁੰਦਾ ਹੈ। ਸੇਵਾ ਦੀ ਭਾਵਨਾ ਹੀ ਹਉਮੈ ਨੂੰ ਨਸ਼ਟ ਕਰਦੀ ਹੈ, ਕਿਉਂਕਿ ਹਉਮੈ ਧੁੰਧ ਗੁਬਾਰ ਵਾਂਗ ਹੈ ਤੇ ਸੇਵਾ ਪ੍ਰਕਾਸ਼ ਵਰਗੀ ਹੈ। ਹਊਮੈ ਦੀ ਅਵਸਥਾ ਵਿਚ ਆਪਣੇ ਆਪ ਲਈ ਜੀਉਣਾ ਹੁੰਦਾ ਹੈ, ਸੇਵਾ ਵਿਚ ਹੋਰਨਾਂ ਲਈ ਜੀਵਿਆ ਜਾਂਦਾ ਹੈ। ਜਦ ਤਕ ਜਿਗਿਆਸੂ ਹਊਮੈ ਜਾਂ ਆਪਣੇਪਨ ਦੀ ਭਾਵਨਾ ਨੂੰ ਨਸ਼ਟ ਨਹੀਂ ਕਰਦਾ, ਤਦ ਤਕ ਉਹ ਸੇਵਾ ਕਰਨ ਦਾ ਮਾਣ ਪ੍ਰਾਪਤ ਨਹੀਂ ਕਰ ਸਕਦਾ।[4]

ਇਸੇ ਸਮਰਪਿਤ ਭਾਵਨਾ ਅਧੀਨ ਹੀ ਸੇਵਾ ਕਰਕੇ ਇਕ ਸਿੱਖ ਭਾਈ ਲਹਿਣਾ ਜੀ, ਬਾਬਾ ਅਮਰਦਾਸ ਜੀ ਤੇ ਫਿਰ ਭਾਈ ਜੇਠਾ ਜੀ ਇਕ ਸੇਵਕ ਤੋਂ ਗੁਰੂ ਸਥਾਪਿਤ ਹੋਏ। 'ਸੇਵਾ' ਗੁਰੂ ਕਾਲ ਤੋਂ ਹੁੰਦੀ ਆ ਰਹੀ ਹੈ ਤੇ ਇਸੇ ਕਰਕੇ ਸਿੱਖ ਧਰਮ ਵਿੱਚ ਇਸ ਦਾ ਬਹੁਤ ਹੀ ਮਹੱਤਵਪੂਰਨ ਸਥਾਨ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਨੇ ਸਭ ਤੋਂ ਪਹਿਲਾਂ ਲੋੜਵੰਦਾਂ ਦੀ ਸੇਵਾ ਕਰ ਕੇ 'ਨਿਸ਼ਕਾਮ ਸੇਵਾ' ਕਰਨ ਦੀ ਪਿਰਤ ਪਾਈ। ਭਾਈ ਲਹਿਣਾ ਜੀ ਜਦੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਹਿਲੀ ਵਾਰ ਦਰਸ਼ਨ ਕਰਨ ਲਈ ਸ੍ਰੀ ਕਰਤਾਰਪੁਰ ਸਾਹਿਬ ਵਿਖੇ ਆਏ ਤਾਂ ਉਨ੍ਹਾਂ ਨੂੰ ਗੁਰੂ ਸਾਹਿਬ ਰਸਤੇ ਵਿਚ ਹੀ ਮਿਲ ਗਏ। ਭਾਈ ਲਹਿਣਾ ਜੀ ਨੇ ਗੁਰੂ ਸਾਹਿਬ ਨੂੰ ਹੀ ਉਨ੍ਹਾਂ ਦੇ ਸਥਾਨ ਬਾਰੇ ਪੁੱਛ ਲਿਆ! ਗੁਰੂ ਜੀ ਨੇ ਆਪਣੀ ਪਛਾਣ ਗੁਪਤ ਰੱਖਦਿਆਂ ਫੁਰਮਾਇਆ, ਆਓ! ਮੈਂ ਤੁਹਾਨੂੰ ਉਨ੍ਹਾਂ ਦੇ ਅਸਥਾਨ 'ਤੇ ਲੈ ਚੱਲਦਾ ਹਾਂ। ਗੁਰੂ ਜੀ ਭਾਈ ਲਹਿਣਾ ਜੀ ਦੀ ਘੋੜੀ ਦੀ ਲਗਾਮ ਫੜ੍ਹ ਕੇ ਅੱਗੇ-ਅੱਗੇ ਤੁਰ ਪਏ। ਅਸਥਾਨ ਦੇ ਨੇੜੇ ਜਾ ਕੇ ਭਾਈ ਲਹਿਣਾ ਜੀ ਨੂੰ ਕਿਹਾ ਕਿ ਆ ਗਿਆ ਉਨ੍ਹਾਂ ਦਾ ਅਸਥਾਨ। ਆਪ ਦੂਜੇ ਪਾਸੇ ਦੀ ਅੰਦਰ ਜਾ ਬੈਠੇ। ਭਾਈ ਲਹਿਣਾ ਜੀ ਨੇ ਜਦੋਂ ਅੰਦਰ ਪ੍ਰਵੇਸ਼ ਕੀਤਾ ਤਾਂ ਕੀ ਵੇਖਦੇ ਹਨ? ਕਿ ਅੱਗੇ ਉਹੀ ਮਹਾਂਪੁਰਸ਼ (ਸ੍ਰੀ ਗੁਰੂ ਨਾਨਕ ਦੇਵੀ) ਬਿਰਾਜਮਾਨ ਹਨ, ਜਿਹੜੇ ਉਨ੍ਹਾਂ ਦੀ ਘੋੜੀ ਦੀ ਲਗਾਮ ਫੜ੍ਹ ਕੇ ਲਿਆਏ ਸਨ। ਭਾਈ ਲਹਿਣਾ ਜੀ ਮਨ ਹੀ ਮਨ ਬਹੁਤ ਸ਼ਰਮਿੰਦਾ ਹੋਏ ਤੇ ਸੋਚਣ ਲੱਗੇ ਕਿ ਮੈਂ ਕਿਤਨੀ ਵੱਡੀ ਭੁੱਲ ਕੀਤੀ ਹੈ। ਮੈਂ ਆਪ ਘੋੜੀ 'ਤੇ ਚੜਿਆ ਆ ਰਿਹਾ ਸੀ ਤੇ ਗੁਰੂ ਜੀ ਨੂੰ ਪੈਦਲ ਤੋਰਿਆ। ਉਹ ਆਪਣੀਆਂ ਭੁੱਲਾਂ ਬਖ਼ਸ਼ਾਉਣ ਲਈ ਗੁਰੂ ਜੀ ਦੇ ਚਰਨਾਂ 'ਤੇ ਢਹਿ ਪਏ। ਗੁਰੂ ਸਾਹਿਬ ਨੇ ਬੜੀ ਨਿਮਰਤਾ ਤੇ ਪ੍ਰੇਮ ਸਹਿਤ ਉਨ੍ਹਾਂ ਨੂੰ ਉਠਾਇਆ ਤੇ ਸਮਝਾਇਆ, ਕਿ ਭਾਈ! ਤੂੰ 'ਲਹਿਣਾ' ਹੈ ਤੇ ਅਸੀਂ 'ਦੇਣਾ' ਹੈ। ਗੁਰੂ ਸਾਹਿਬ ਦੀ ਇਸ ਤਰ੍ਹਾਂ ਦੀ ਕਰਨੀ ਵੇਖ ਕੇ ਤੇ ਬਚਨ ਸੁਣ ਕੇ ਭਾਈ ਲਹਿਣਾ ਜੀ ਬਹੁਤ ਪ੍ਰਭਾਵਿਤ ਹੋਏ ਅਤੇ ਉੱਥੇ ਰਹਿ ਕੇ ਹੀ ਸੇਵਾ ਕਰਨ ਦਾ ਮਨ ਬਣਾ ਲਿਆ। ਭਾਈ ਲਹਿਣਾ ਜੀ ਨੇ ਅਥਾਹ ਸੇਵਾ ਕੀਤੀ ਤੇ ਗੁਰੂ ਜੀ ਦਾ ਹਰ ਇਕ ਬਚਨ ਮੰਨਿਆ। ਗੁਰਮਤਿ ਵਿੱਚ ਸਿੱਖ ਨੂੰ ਸੇਵਾ ਕਰਨ ਲਈ ਵਾਰ-ਵਾਰ ਹੁਕਮ ਦਿੱਤਾ ਗਿਆ ਹੈ ਤੇ ਸੇਵਾ ਤਨੋ, ਮਨੋ ਤੇ ਧਨੋ ਹਰ ਪੱਖ ਤੋਂ ਕਰਨ ਦੀ ਤਾਕੀਦ ਕੀਤੀ ਗਈ ਹੈ। ਦੂਸਰਿਆਂ ਦੀ ਸੇਵਾ ਕਰਨੀ ਸਿੱਖ ਦੇ ਜੀਵਨ ਦਾ ਜ਼ਰੂਰੀ ਅੰਗ ਹੈ, ਕਿਉਂਕਿ ਗੁਰਮਤਿ ਅਨੁਸਾਰ ਮਨੁੱਖਤਾ ਦੀ ਸੇਵਾ ਹੀ ਪ੍ਰਮਾਤਮਾ ਦੀ ਸੇਵਾ ਹੈ। ਹੱਥਲੇ ਪੇਪਰ ਵਿਚ 'ਸੇਵਾ ਤੋਂ ਗੁਰਿਆਈ ਤਕ' ਵਿਸ਼ੇ

ਅਧੀਨ ਵਿਚਾਰ ਕੀਤੀ ਜਾਵੇਗੀ, ਕਿ ਸੇਵਾ ਕਰਮ ਰਾਹੀਂ ਕਿਸ ਤਰ੍ਹਾਂ ਇਕ ਸਿੱਖ, ਸੇਵਕ ਤੋਂ ਗੁਰੂ ਸਥਾਪਿਤ ਹੁੰਦਾ ਹੈ।

ਗੁਰਮਤਿ ਵਿਚ ਸੇਵਾ ਨੂੰ ਮੁਕਤੀ ਦਾ ਇੱਕ ਅਹਿਮ ਸਾਧਨ ਮੰਨਿਆ ਗਿਆ ਹੈ, ਇਸ ਰਾਹੀਂ ਉਸ ਅਕਾਲ ਪੁਰਖ ਨਾਲ ਅਭੇਦ ਹੋਇਆ ਜਾ ਸਕਦਾ ਹੈ। ਸਿੱਖ ਇਤਿਹਾਸ ਵਿਚ ਸੇਵਾ ਕਰਨ ਵਾਲੇ ਨੂੰ ਸੇਵਕ, ਦਾਸ, ਚਾਕਰ, ਟਹਿਲੀਆ ਜਾਂ ਚੇਲਾ ਕਹਿ ਕੇ ਵੀ ਸੰਬੋਧਨ ਕੀਤਾ ਜਾਂਦਾ ਰਿਹਾ ਹੈ। ਇਸੇ ਸੇਵਾ ਸਦਕਾ ਗੁਰੂ ਦੇ ਸਿੱਖਾਂ ਵਿੱਚੋਂ ਇੱਕ ਸੇਵਕ/ਦਾਸ/ਟਹਿਲੀਏ ਜਾਂ ਚੇਲੇ ਨੇ ਗੁਰਿਆਈ ਦੀ ਬਖ਼ਸ਼ਿਸ ਪ੍ਰਾਪਤ ਕੀਤੀ। ਗੁਰ-ਇਤਿਹਾਸ ਵਿਚ ਸਭ ਤੋਂ ਪਹਿਲਾਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਨਿੰਨ ਸਿੱਖ ਤੇ ਸੇਵਕ ਭਾਈ ਲਹਿਣਾ (ਸ੍ਰੀ ਗੁਰੂ ਅੰਗਦ ਦੇਵ) ਜੀ ਦੀ ਸੇਵਾ ਇੰਨੀ ਪ੍ਰਵਾਨ ਚੜ੍ਹੀ ਕਿ ਉਹ ਗੁਰੂ ਸਥਾਪਿਤ ਹੋ ਗਏ। ਗੁਰੂ ਸਾਹਿਬ ਨੇ ਗੁਰ-ਗੱਦੀ ਦਾ ਅਧਿਕਾਰੀ ਹੀ ਉਸ ਨੂੰ ਪ੍ਰਵਾਨ ਕੀਤਾ ਜਿਸ ਨੇ ਬਾਹਰਲੀ ਤੇ ਅੰਦਰਲੀ ਦੋਹਾਂ ਤਰ੍ਹਾਂ ਦੀ ਸੇਵਾ ਵਿਚ ਨਿਪੁੰਨਤਾ ਪ੍ਰਾਪਤ ਕੀਤੀ। ਗੁਰੂ ਹਜ਼ੂਰੀ ਵਿਚ ਰਹਿੰਦਿਆਂ ਭਾਈ ਲਹਿਣਾ ਜੀ ਨੂੰ ਜੋ ਹੁਕਮ ਹੋਇਆ, ਉਹ ਚਾਹੇ ਮਰੀ ਹੋਈ ਚੂਹੀ ਘਰ ਵਿਚੋਂ ਬਾਹਰ ਸੁੱਟਣ ਦਾ ਸੀ ਜਾਂ ਖੇਤ ਵਿਚੋਂ ਪਾਣੀ ਨਾਲ ਭਿੱਜੇ ਹੋਏ ਨਦੀਨਾਂ ਦੀ ਪੰਡ ਸਿਰ 'ਤੇ ਚੁੱਕਣ ਦਾ ਤੇ ਜਾਂ ਫਿਰ ਮਰੇ ਹੋਏ ਮੁਰਦੇ ਨੂੰ ਖਾਣ ਦਾ ਸੀ, ਉਨ੍ਹਾਂ (ਭਾਈ ਲਹਿਣਾ ਜੀ) ਨੇ ਖਿੜੇ ਮੱਥੇ ਪ੍ਰਵਾਨ ਕੀਤਾ। ਭਾਈ ਲਹਿਣਾ ਜੀ ਸੇਵਾ ਤੇ ਹੁਕਮ ਪ੍ਰਵਾਨੀ ਦੇ ਸਦਕਾ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਉਤਰਾਧਿਕਾਰੀ ਬਣੇ। ਸ੍ਰੀ ਗੁਰੂ ਅੰਗਦ ਦੇਵ ਜੀ ਨੇ ਜਿੱਥੇ ਆਪ ਸੇਵਾ ਕੀਤੀ, ਉੱਥੇ ਆਪਣੇ ਮਹਿਲ ਮਾਤਾ ਖੀਵੀ ਜੀ ਨੂੰ ਲੰਗਰ ਦੀ ਸੇਵਾ ਸੌਂਪ ਕੇ ਸੇਵਾ ਕਰਨ ਦਾ ਮਾਣ ਤੇ ਇਸਤਰੀ ਜਾਤੀ ਨੂੰ ਸਮਾਜ ਵਿੱਚ ਬਣਦਾ ਸਤਿਕਾਰ ਬਖ਼ਸ਼ਿਸ਼ ਕੀਤਾ।

ਸ੍ਰੀ ਗੁਰੂ ਅਮਰਦਾਸ ਜੀ ਦਾ ਜੀਵਨ ਪੜ੍ਹਿਆਂ ਪਤਾ ਲੱਗਦਾ ਹੈ ਕਿ ਉਨ੍ਹਾਂ ਨੇ ਤਾਂ ਸਮਾਜਿਕ ਰਿਸ਼ਤਿਆਂ ਤੋਂ ਵੀ ਉਪਰ ਉਠ ਕੇ ਆਪਣੇ (ਸ੍ਰੀ ਅੰਗਦ ਦੇਵ ਜੀ ਦੀ ਸਪੁੱਤਰੀ ਬੀਬੀ ਅਮਰੋ ਜੀ ਸ੍ਰੀ ਗੁਰੂ ਅਮਰਦਾਸ ਜੀ ਨੇ ਭਤੀਜੇ ਨੂੰ ਵਿਆਹੀ ਹੋਈ ਸੀ) ਕੁੜਮ ਸ੍ਰੀ ਗੁਰੂ ਅੰਗਦ ਦੇਵ ਜੀ ਦੀ ਅਥਾਹ ਸੇਵਾ ਕੀਤੀ, ਜੋ ਕਿ ਸਿੱਖ ਪਰੰਪਰਾ ਅਨੁਸਾਰ ਲਗਪਗ ਬਾਰ੍ਹਾਂ ਸਾਲ ਨਿਰੰਤਰ ਪਾਣੀ ਢੋ ਕੇ ਇਸ਼ਨਾਨ ਕਰਵਾਉਂਦੇ ਰਹੇ। ਆਪ ਜੀ ਨੇ ਬਿਰਧ ਅਵਸਥਾ ਵਿਚ ਹੁੰਦੇ ਹੋਏ ਵੀ ਬੁਢੇਪੇ ਨੂੰ ਕਦੇ ਸੇਵਾ ਵਿਚ ਰੁਕਾਵਟ ਨਹੀਂ ਬਣਨ ਦਿੱਤਾ ਤੇ ਲੋਕਾਂ ਦੇ ਤਾਹਨੇ-ਮਿਹਣਿਆਂ ਦੀ ਵੀ ਕੋਈ ਪ੍ਰਵਾਹ ਨਹੀਂ ਕੀਤੀ, ਸਗੋਂ ਗੁਰੂ ਨੂੰ ਸਮਰਪਿਤ ਹੋ ਕੇ ਆਪਣੀ ਸੇਵਾ ਵਿਚ ਜੁਟੇ ਰਹੇ। ਇਸ ਨਿਸ਼ਕਾਮ ਸੇਵਾ ਦੀ ਪ੍ਰਸੰਨਤਾ ਲੈ ਕੇ ਆਪ ਜੀ ਨੇ ਗੁਰੂ ਪਦਵੀ ਪ੍ਰਾਪਤ ਕੀਤੀ।

ਇਸੇ ਤਰ੍ਹਾਂ ਸ੍ਰੀ ਗੁਰੂ ਅਮਰਦਾਸ ਜੀ ਦੇ ਅਨਿੰਨ ਸਿੱਖ ਭਾਈ ਜੇਠਾ ਜੀ, ਜੋ ਕਿ ਬਾਅਦ ਵਿੱਚ ਬੀਬੀ ਭਾਨੀ ਜੀ (ਸ੍ਰੀ ਗੁਰੂ ਅਮਰਦਾਸ ਜੀ ਦੀ ਸਪੁੱਤਰੀ) ਦੇ ਪਤੀ ਬਣੇ ਸਨ, ਨੇ ਗੁਰੂ ਦਰਬਾਰ ਵਿੱਚ ਦੁਨਿਆਵੀ ਰਿਸ਼ਤਿਆਂ ਤੋਂ ਉਪਰ ਉਠ ਕੇ ਅਣਥੱਕ ਘਾਲਣਾ ਘਾਲੀ, ਬੇਝਿਜਕ ਸੇਵਾ ਵਿੱਚ ਤਤਪਰ ਰਹੇ। ਆਪ ਜੀ ਦੀ ਸੇਵਾ ਪ੍ਰਥਾਇ ਸਰੂਪ ਦਾਸ ਭੱਲਾ ਕਰਤਾ ਮਹਿਮਾ ਪ੍ਰਕਾਸ਼ ਲਿਖਦਾ ਹੈ-

*ਜੇਠਾ ਜੀ ਸੇਵ ਸਿਖਨ ਕੀ ਕਰੇ। ਸਤਿਗੁਰ ਕੀ ਆਗਿਆ ਅਨੁਸਾਰੇ।*
*ਨਿਸ ਦਿਨ ਬਾਵਲੀ ਕਾਰ ਕਮਾਵੈ। ਸਤਿਗੁਰ ਕੋ ਮਨ ਤਨ ਰੁਚ ਭਾਵੈ।੮।*[੫]

ਇਸ ਸੇਵਾ ਦਾ ਵਰਣਨ ਕ੍ਰਿਪਾਲ ਦਾਸ ਭੱਲਾ ਮਹਿਮਾ ਪ੍ਰਕਾਸ਼ ਵਾਰਤਕ ਵਿਚ ਇਸ ਤਰ੍ਹਾਂ ਕਰਦਾ ਹੈ-

'ਜਬ ਸੰਗਤ ਸਾਹਿਬ ਕੇ ਆਵਤੀ ਤਬ ਸ੍ਰੀ ਗੁਰੂ ਰਾਮਦਾਸ ਜੀ, ਤਬ ਜੇਠਾ ਨਾਉ ਥਾ, ਅਗੇ ਸੰਗਤ ਕੋ ਲੇਨੇ ਕਉ ਜਾਤੇ। ਸੰਗਤ ਸਾਰੀ ਲਿਆਵਤੇ ਪਖਾਰਤੇ। ਪਖਾ ਕਰਤੇ/ਪਾਣੀ ਪਿਲਾਵਤੇ ਅਰ ਜੋ ਕੋਈ ਸਿਖ ਮਾਂਦਾ (ਥੱਕਿਆ) ਹੋਤਾ ਤੋ ਚਾਪੀ ਕਰਤੇ। ਇਸ ਭਾਂਤ ਸਿਖੋ ਕੀ ਟਹਲ ਹਰ ਵਖਤ ਕਰਤੇ ਥੇ। ਤਬ ਸਾਹਿਬ ਪੁਛਤੇ- ਭਾਈ ਬਲੂ ਜੇਠਾ ਜੀ ਕਹਾ ਕੀ। ਤਬ ਬਲੂ ਕਹਤੇ- ਸਚੇ ਪਾਤਸ਼ਾਹ ਜੇਠਾ ਸਿਖਾ ਕਉ ਪਾਣੀ ਪਲਾਵਤੇ ਹੈ, ਪਖਾ ਕਰਤੇ, ਚਾਪੀ ਕਰਤੇ ਹੈ, ਸਿਖਾ ਕੀ ਟਹਲ ਪ੍ਰੇਮ ਸੇ ਕਰਤੇ ਹੈ। ਤਬ ਬਚਨ ਹੋਇਆ ਸਹਿਬ ਕਾ- ਜੇਠਾ ਕੋ ਜਗਤ ਸਾਰਾ ਪਖਾ ਕਰੇਗਾ। ਅਰ ਜਗਤ ਪਾਣੀ ਪਖਾ ਚਰਨ ਦਾਬੇਗਾ। ਜੇਠਾ ਕੀ ਔਲਾਦ ਕੋ ਜਗਤ ਪੂਜੈਗਾ, ਮੰਨੇਗਾ। ਐਸੀ ਖੁਸੀ ਹੋਤੀ ਸਾਹਿਬ ਕੀ।' ਇਸ ਤਰ੍ਹਾਂ ਸੇਵਕ ਉਪਰ ਪਈ ਗੁਰੂ ਸਾਹਿਬ ਦੀ ਸਵੱਲੀ ਨਦਰ ਨੇ ਇੱਕ ਅਨਾਥ ਨੂੰ ਅਨਾਥਾਂ ਦਾ ਆਸਰਾ ਬਣਾ ਦਿੱਤਾ।[੬]

ਸ੍ਰੀ ਗੁਰੂ ਰਾਮਦਾਸ ਜੀ ਨੇ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਥਾਪਨਾ ਕਰਕੇ ਦੀਨ-ਦੁਖੀਆਂ ਦੀ ਸੇਵਾ ਲਈ ਸੇਵਾ ਦਾ ਇੱਕ ਮਹਾਨ ਕੇਂਦਰ (ਸ੍ਰੀ ਅੰਮ੍ਰਿਤਸਰ ਸਾਹਿਬ) ਸਥਾਪਿਤ ਕਰ ਦਿੱਤਾ। ਜਿੱਥੇ ਹੁਣ ਤਕ ਸੇਵਾ ਦਾ ਪ੍ਰਵਾਹ ਚੱਲ ਰਿਹਾ ਹੈ। ਇੱਥੇ ਦੁਨੀਆਂ ਦੇ ਕੋਨੇ-ਕੋਨੇ ਵਿਚੋਂ ਆ ਕੇ ਲੋਕ ਜਿੱਥੇ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਬਰਾਰ ਸਾਹਿਬ ਦੇ ਦਰਸ਼ਨ ਕਰਕੇ ਆਨੰਦ ਪ੍ਰਾਪਤ ਕਰਦੇ ਹਨ ਉੱਥੇ ਆਪਣੀ ਮੈਂ, ਮੇਰੀ ਦਾ ਤਿਆਗ ਕਰਕੇ ਲੰਗਰ ਤੇ ਜੋੜੇ ਘਰ ਆਦਿ ਵਿਚ ਸੇਵਾਵਾਂ ਨਿਭਾ ਕੇ ਆਪਣੀ ਸ਼ਰਧਾ ਦਾ ਪ੍ਰਗਟਾਵਾ ਵੀ ਕਰਦੇ ਹਨ। ਦੁਨਿਆਵੀ ਪੱਧਰ 'ਤੇ ਮਨੁੱਖ ਆਪਣੇ ਆਪ ਲਈ ਜਾਂ ਆਪਣੇ ਪਰਿਵਾਰ ਲਈ ਜੀਉਂਦਾ ਹੈ, ਪਰ 'ਸੇਵਾ' ਦੁਆਰਾ ਦੂਜਿਆਂ ਲਈ ਜੀਉਣ ਜਾਂ ਕੁਝ ਕਰਨ ਦਾ ਜ਼ਜਬਾ ਪੈਦਾ ਹੋ ਜਾਂਦਾ ਹੈ। ਸਿੱਖ ਧਰਮ ਵਿੱਚ ਅਸੀਂ ਵੇਖਦੇ ਹਾਂ, ਕਿ ਜਿੱਥੇ ਗੁਰੂ ਸਾਹਿਬਾਨ ਨੇ ਆਪ ਸੇਵਾ ਕੀਤੀ, ਉੱਥੇ ਉਨ੍ਹਾਂ ਦੇ ਸਿੱਖ ਵੀ ਸੇਵਾ ਦੇ ਮਾਰਗ ਨੂੰ ਅਪਣਾਉਂਦਿਆਂ ਲੋੜਵੰਦਾਂ ਤੇ ਦੀਨ-ਦੁਖੀਆਂ ਦੀ ਸੇਵਾ ਕਰ ਕੇ ਹੋਰਨਾਂ ਲਈ ਪ੍ਰੇਰਨਾ ਸ੍ਰੋਤ ਬਣੇ ਤੇ ਬਣ ਰਹੇ ਹਨ। ਪੁਰਾਤਨ ਸਮੇਂ ਵਿੱਚ ਆਮ ਕਰ ਕੇ ਹੱਥੀਂ ਸੇਵਾ ਬਹੁਤ ਕੀਤੀ ਜਾਂਦੀ ਸੀ। ਭਾਈ ਗੁਰਦਾਸ ਜੀ ਨੇ ਤਾਂ ਹੱਥੀਂ ਸੇਵਾ ਨੂੰ 'ਸੱਚੀ ਅੰਗ ਸਫਲਤਾ' ਕਿਹਾ ਹੈ-

*ਧ੍ਰਿਗੁ ਸਿਰੁ ਜੋ ਗੁਰ ਨਿਵੈ ਗੁਰ ਲਗੈ ਨ ਚਰਣੀ॥*
*ਧ੍ਰਿਗੁ ਲੋਇਣਿ ਗੁਰ ਦਰਸ ਵਿਣੁ ਵੇਖੈ ਪਰ ਤਰਣੀ॥*
*ਧ੍ਰਿਗੁ ਸਰਵਣਿ ਉਪਦੇਸ ਵਿਣੁ ਸੁਣਿ ਸੁਰਤਿ ਨ ਧਰਣੀ॥*
*ਧ੍ਰਿਗੁ ਜਿਹਬਾ ਗੁਰ ਸ਼ਬਦ ਵਿਣੁ ਹੋਰ ਮੰਤ੍ਰ ਸਿਮਰਣੀ॥*
*ਵਿਣੁ ਸੇਵਾ ਧ੍ਰਿਗੁ ਹਥ ਪੈਰ ਹੋਰ ਨਿਹਫਲ ਕਰਣੀ॥*
*ਪੀਰ ਮੁਰੀਦਾਂ ਪਿਰਹੜੀ ਸੁਖ ਸਤਿਗੁਰ ਸਰਣੀ॥*[੭]

ਗੁਰਮਤਿ ਅਨੁਸਾਰ ਸੇਵਾ ਤੇ ਭਗਤੀ ਦਾ ਗੂੜ੍ਹਾ ਸੰਬੰਧ ਹੈ, ਇਹ ਇਕ ਦੂਜੇ ਦੇ ਪੂਰਕ ਹਨ। ਸੇਵਾ ਤੇ ਸਿਮਰਨ ਭਾਵ ਭਗਤੀ ਨੂੰ ਪੰਛੀ ਦੇ ਦੋ ਖੰਭਾਂ ਨਾਲ ਤੁਲਨਾ ਦਿੱਤੀ ਗਈ ਹੈ ਕਿ ਜਿਵੇਂ ਕਿਸੇ ਪੰਛੀ ਦਾ ਇਕ ਖੰਭ ਟੁੱਟ ਜਾਵੇ ਤਾਂ ਉਡ ਨਹੀਂ ਸਕਦਾ। ਇਸੇ ਤਰ੍ਹਾਂ ਜਿਹੜਾ ਮਨੁੱਖ ਸੇਵਾ ਕਰਦਾ ਹੈ ਪਰ ਸਿਮਰਨ ਨਹੀਂ ਕਰਦਾ ਜਾਂ ਜਿਹੜਾ ਮਨੁੱਖ ਸਿਮਰਨ ਕਰਦਾ ਹੈ ਪਰ ਸੇਵਾ ਨਹੀਂ ਕਰਦਾ, ਉਹ ਅਧੂਰਾ ਰਹਿ ਜਾਂਦਾ ਹੈ। ਉਹ ਆਪਣੇ ਆਦਰਸ਼ ਤੋਂ ਵਾਂਝਾ ਰਹਿ ਜਾਵੇਗਾ। ਸੇਵਾ ਤੇ ਭਗਤੀ ਪ੍ਰਥਾਇ ਸ੍ਰੀ ਗੁਰੂ ਰਾਮਦਾਸ ਜੀ ਦੇ ਉਪਦੇਸ਼ਾਂ ਨੂੰ ਭਾਈ ਸਰੂਪ ਦਾਸ ਭੱਲਾ ਮਹਿਮਾ ਪ੍ਰਕਾਸ਼ ਵਿਚ ਇਸ ਤਰ੍ਹਾਂ ਬਿਆਨ ਕਰਦੇ

ਹੋਏ ਲਿਖਦੇ ਹਨ-

*ਦਿਵਸ ਏਕ ਪ੍ਰਭ ਕੀਆ ਦਿਵਾਨ। ਸਭ ਦਰਸਨ ਆਏ ਸਿਖ ਸੁਜਾਨ।*
*ਸਤ ਉਪਦੇਸ਼ ਦਇਆਲ ਗੁਰ ਕੀਨਾ। ਭਗਤ ਭਾਇ ਪ੍ਰੇਮ ਰਸ ਭੀਨਾ।੨।*
*ਜੋ ਕੋਈ ਮਮ ਸਿਖ ਕਹਾਵੈ। ਗੁਰਸਿਖ ਸਾਧ ਕੀ ਟਹਿਲ ਕਮਾਵੈ।*
*ਸੇਵਾ ਬਿਨਾ ਭਗਤ ਨਹੀ ਹੋਇ। ਬਿਨਾ ਭਗਤ ਮੁਕਤ ਨਹੀ ਕੋਇ।੩।*
*ਲਾਇ ਪ੍ਰੇਮ ਸੇਵਾ ਦ੍ਰਿੜ ਕੀਜੈ। ਅਮਰ ਪਦਾਰਥ ਸੁਖ ਫਲ ਲੀਜੈ।*
*ਜੋ ਮੇਰੀ ਆਗਿਆ ਦ੍ਰਿੜ ਮਾਨੇ। ਗੁਰਸਿਖ ਸੇਵਾ ਮੋ ਚਿਤ ਠਾਨੇ।੪।*
*ਚਾਰ ਪਦਾਰਥ ਜੇ ਕੋ ਚਹੈ। ਤਾਤਕਾਲ ਸੇਵਾ ਫਲੁ ਲਹੈ।*
*ਭਗਤ ਸਰੋਮਨ ਸੇਵਾ ਜਾਨੇ। ਸੋ ਮੈ ਪਿਆਰ ਮੋ ਮਨ ਮਾਨੇ।੫।*[੮]

ਜਿਹੜਾ ਹੱਥੀਂ ਸੇਵਾ ਨਹੀਂ ਕਰਦਾ ਸੀ, ਉਸ ਨੂੰ ਚੰਗਾ ਨਹੀਂ ਸਮਝਿਆ ਜਾਂਦਾ ਸੀ। ਸਿੱਖ ਇਤਿਹਾਸ ਵਿੱਚ ਜ਼ਿਕਰ ਮਿਲਦਾ ਹੈ ਕਿ ਹੱਥੀਂ ਸੇਵਾ ਨਾ ਕਰਨ ਵਾਲੇ ਤੋਂ ਗੁਰੂ ਸਾਹਿਬ ਕਦੇ ਅੰਨ ਪਾਣੀ ਵੀ ਨਹੀਂ ਛਕਦੇ ਸਨ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਦਰਬਾਰ ਦੀ ਗੱਲ ਹੈ ਕਿ ਇੱਕ ਵਾਰ ਗੁਰੂ ਜੀ ਦਾ ਹਜ਼ੂਰੀ ਸੇਵਾਦਾਰ ਕਿਤੇ ਨੇੜੇ ਨਹੀਂ ਸੀ, ਉਨ੍ਹਾਂ ਨੂੰ ਪਿਆਸ ਲੱਗੀ ਤੇ ਪਾਣੀ ਮੰਗਿਆ। ਨੇੜੇ ਇੱਕ ਸ਼ਰਧਾਲੂ ਸਿੱਖ ਨੇ ਸੁਣਿਆਂ ਤੇ ਪਾਣੀ ਲੈ ਕੇ ਆ ਗਿਆ। ਗੁਰੂ ਜੀ ਨੇ ਉਸ ਦੇ ਕੋਮਲ ਹੱਥਾਂ ਵੱਲ ਵੇਖਿਆ ਤੇ ਪੁੱਛਿਆ? ਕਿ ਭਾਈ ਸਿੱਖਾ! ਤੂੰ ਕੀ ਕੰਮ ਕਰਦਾ ਹੈਂ? ਕੀ ਕਦੇ ਕੋਈ ਸੇਵਾ ਵੀ ਕੀਤੀ ਹੈ? ਉਸ ਸਿੱਖ ਨੇ ਕਿਹਾ, ਗੁਰੂ ਜੀ! ਮੈਨੂੰ ਕੰਮ ਕਰਨ ਦੀ ਲੋੜ ਹੀ ਕੋਈ ਨਹੀਂ, ਮੇਰੇ ਕੋਲ ਬਹੁਤ ਧਨ ਦੌਲਤ ਹੈ ਤੇ ਬਹੁਤ ਸਾਰੇ ਨੌਕਰ ਚਾਕਰ ਵੀ ਹਨ। ਮੈਂ ਕਦੇ ਹੱਥੀਂ ਕੋਈ ਕੰਮ ਨਹੀਂ ਕੀਤਾ ਅਤੇ ਨਾ ਹੀ ਕਦੇ ਕੋਈ ਸੇਵਾ ਕੀਤੀ ਹੈ। ਅੱਜ ਪਹਿਲੀ ਵਾਰ ਆਪ ਜੀ ਨੂੰ ਪਾਣੀ ਫੜਾਇਆ ਹੈ। ਕਹਿੰਦੇ ਹਨ, ਕਿ ਗੁਰੂ ਜੀ ਨੇ ਉਹ ਪਾਣੀ ਨਹੀਂ ਪੀਤਾ। ਸਿੱਖ ਬਹੁਤ ਸ਼ਰਮਿੰਦਾ ਹੋਇਆ ਤੇ ਅੱਗੋਂ ਗੁਰੂ ਸੰਗਤ ਵਿੱਚ ਸੇਵਾ ਕਰਨ ਦਾ ਸੰਕਲਪ ਲਿਆ।

ਸਿੱਖਾਂ ਦੇ ਮਹਾਨ ਜਰਨੈਲ ਜਥੇਦਾਰ ਨਵਾਬ ਕਪੂਰ ਸਿੰਘ ਜੀ ਬਾਰੇ ਤੁਸੀਂ ਸਾਰਿਆਂ ਨੇ ਸੁਣਿਆ ਹੋਵੇਗਾ, ਕਿ ਜਦੋਂ ਲਾਹੌਰ ਤੋਂ ਭੇਜੀ ਗਈ ਸਿੱਖਾਂ ਲਈ ਨਵਾਬੀ ਦੀ ਖਿਲਤ ਆਈ, ਤਾਂ ਸਿੱਖ ਪੰਥ ਵੱਲੋਂ ਸ. (ਨਵਾਬ) ਕਪੂਰ ਸਿੰਘ ਜੀ ਨੂੰ ਚੁਣਿਆ ਗਿਆ। ਉਨ੍ਹਾਂ ਨੇ ਇਹ ਖਿਲਤ ਲੈਣ ਤੋਂ ਪਹਿਲਾਂ ਇੱਕ ਸ਼ਰਤ ਰੱਖੀ ਕਿ ਜੇਕਰ ਤੁਸੀਂ ਇਹ ਖਿਲਤ ਮੈਨੂੰ ਹੀ ਦੇਣੀ ਹੈ, ਤਾਂ ਘੋੜੇ ਆਦਿ ਦੀ ਲਿੱਦ ਚੁੱਕਣ ਅਤੇ ਸਿੱਖ ਸੰਗਤ ਦੀ ਝਾੜੂ ਦੀ ਸੇਵਾ ਕਰਨ ਤੋਂ ਮੈਨੂੰ ਨਹੀਂ ਰੋਕੋਗੇ। ਫਿਰ ਇਸ ਪ੍ਰਵਾਨਗੀ ਤੋਂ ਬਾਅਦ ਸ. ਕਪੂਰ ਸਿੰਘ ਜੀ ਨੇ ਜਥੇਦਾਰਾਂ ਦੇ ਚਰਨਾਂ ਨੂੰ ਛੁਹਾਕੇ ਨਵਾਬੀ ਲਈ ਸੀ। ਇੱਥੇ ਹੀ ਬੱਸ ਨਹੀਂ ਸਿੰਘਾਂ ਦੀ ਸ਼ਰਨ ਵਿਚ ਆਏ ਦੁਸ਼ਮਣ ਦੀ ਵੀ ਲਾਜ ਰੱਖੀ ਜਾਂਦੀ ਸੀ ਤੇ ਲੋੜ ਅਨੁਸਾਰ ਉਸ ਦੀ ਸੇਵਾ ਵੀ ਕੀਤੀ ਜਾਂਦੀ ਸੀ। ਸਿੰਘਾਂ 'ਤੇ ਕੁਝ ਸਮਾਂ ਐਸਾ ਵੀ ਆਇਆ ਕਿ ਉਨ੍ਹਾਂ ਨੂੰ ਆਪਣੇ ਘਰ-ਬਾਰ ਤਿਆਗ ਕੇ ਜੰਗਲ-ਵੇਲਿਆਂ ਵਿਚ ਲੁਕ-ਛਿਪ ਕੇ ਰਹਿਣਾ ਪਿਆ ਪਰ ਉਹ ਦੂਜਿਆਂ ਦੇ ਦੁੱਖਾਂ ਦੀ ਨਵਿਰਤੀ ਲਈ ਆਪਾ ਕੁਰਬਾਨ ਕਰਨ ਤੋਂ ਕਦੇ ਪਿੱਛੇ ਨਹੀਂ ਹਟੇ। ਇਸ ਸਮੇਂ ਉਨ੍ਹਾਂ ਨੂੰ ਭਾਵੇਂ ਆਪ ਭੁੱਖਣ-ਭਾਣੇ ਰਹਿਣਾ ਪਿਆ ਪਰ ਉਨ੍ਹਾਂ ਨੇ ਲੋੜਵੰਦਾਂ ਦੀ ਸੇਵਾ ਕੀਤੀ। ਇਹ ਸੀ, ਸਿੱਖ ਸਿਰਦਾਰਾਂ ਦਾ ਆਚਰਣ। ਇਸੇ ਕਰਕੇ ਇਨ੍ਹਾਂ ਦੇ ਆਚਰਣ ਦੀਆਂ ਗੱਲਾਂ ਮੁਗ਼ਲ ਸਰਕਾਰ ਦੇ ਗਲਿਆਰਿਆਂ ਵਿੱਚ ਆਮ ਹੁੰਦੀਆਂ ਸਨ। ਇਸ ਪ੍ਰਥਾਇ ਸ. ਰਤਨ ਸਿੰਘ ਭੰਗੂ ਪ੍ਰਾਚੀਨ ਪੰਥ ਪ੍ਰਕਾਸ਼ ਵਿੱਚ ਲਿਖਦੇ ਹਨ, ਕਿ ਇੱਕ ਵਾਰ

ਮੁਗ਼ਲਾਂ ਨਾਲ ਜਦੋ-ਜਹਿਦ ਸਮੇਂ ਮੁਗ਼ਲ ਗਵਰਨਰ ਨੂੰ ਸਿੱਖਾਂ ਦੇ ਖਿਲਾਫ਼ ਇੱਕ ਨਿਰੰਜਨੀਏ ਨੇ ਖ਼ਬਰ ਦਿੱਤੀ ਕਿ-

*ਹਰਭਗਤ ਨਿਰੰਜਨੀਏ ਯੌ ਭਾਖੀ। ਸੱਚ ਬਾਤ ਇਨ ਭਾਈ ਆਖੀ।*
*ਐਸੇ ਐਸੇ ਸਿੰਘ ਜਗ ਮਾਂਹੀ। ਸਿੰਘ ਛਕਾਇ ਪੀਐਂ ਨਿਜ ਖਾਂਹੀ।੧੧।*
*ਆਪ ਸਹੈਂ ਵੈ ਨੰਗ ਅਰ ਭੁੱਖ। ਦੇਖ ਸਕੈਂ ਨਹਿ ਸਿੰਘਨ ਦੁੱਖ।*
*ਆਪ ਗੁਜ਼ਾਰੈਂ ਅਗਨੀ ਨਾਲ। ਸਿੰਘਨ ਘਲੈ ਪੁਸ਼ਾਕ ਸਿਵਾਲ।੧੨।*
*ਕਈ ਪੀਸਨਾ ਪੀਸ ਕਮਾਵੈਂ। ਵੈ ਭੀ ਸਿੰਘਨ ਪਾਸ ਪੁਚਾਵੈਂ।*
*ਬਾਣ ਬੱਟ ਕਈ ਕਰੈਂ ਮਜੂਰੀ। ਭੇਜੈਂ ਸਿੰਘਨ ਪਾਸ ਜਰੂਰੀ।੧੩।*
*ਦੂਰ ਜਾਇ ਜੋ ਚਾਕਰੀ ਕਰਿਹੀਂ। ਆਇ ਸਿੰਘਨ ਕੇ ਆਗੇ ਧਰਿਹੀਂ।*
*ਸਿੰਘ ਜੋਊ ਪਰਦੇਸ਼ ਸਿਧਾਰੇ। ਭੇਜੈਂ ਸਿੰਘਨ ਓਇ ਗੁਰੂ ਪਯਾਰੇ।੧੪।*[੯]

ਦੁਨਿਆਵੀ ਤੌਰ 'ਤੇ ਕਿਸੇ ਲੋੜਵੰਦ ਦੀ ਤਨ, ਮਨ ਤੇ ਧਨ ਆਦਿ ਨਾਲ ਸਹਾਇਤਾ ਕਰਕੇ ਇਸ ਨੂੰ ਵੀ ਸੇਵਾ ਕਹਿ ਦਿੱਤਾ ਜਾਂਦਾ ਹੈ। ਪਰ ਗੁਰਮਤਿ ਵਿਚ ਇਸ ਤੋਂ ਇਲਾਵਾ 'ਸੇਵਾ' ਦੇ ਸੰਕਲਪ ਦੇ ਬਹੁਤ ਸਾਰੇ ਪੱਖ ਹਨ, ਜਿਵੇਂ ਪ੍ਰਭੂ-ਸੇਵਾ, ਗੁਰੂ-ਸੇਵਾ, ਸੰਗਤ-ਸੇਵਾ, ਕੀਰਤਨ ਤੇ ਗੁਰਬਾਣੀ-ਸੰਥਿਆ ਦੀ ਸੇਵਾ, ਲੰਗਰ ਵਿਚ ਭੋਜਨ ਆਦਿਕ ਤਿਆਰ ਕਰਨ ਤੇ ਪ੍ਰਸ਼ਾਦਾ ਵਰਤਾਉਣ ਦੀ ਸੇਵਾ, ਭਾਂਡਿਆਂ ਦੀ ਸੇਵਾ, ਗੁਰਦੁਆਰਾ ਸਾਹਿਬ ਵਿਚ ਜੋੜਿਆਂ, ਝਾੜੂ ਤੇ ਦਵਾਖਾਨੇ ਆਦਿ ਦੀ ਸੇਵਾ। ਵਰਤਮਾਨ ਯੁੱਗ ਵਿਚ ਭਾਵੇਂ ਇਨ੍ਹਾਂ ਵਿਚੋਂ ਕੁਝ ਸੇਵਾਵਾਂ ਦਾ ਰੂਪ ਬਦਲ ਵੀ ਗਿਆ ਹੈ ਪਰ ਸੇਵਾ ਦੀ ਮਨਸਾ ਨਿਸ਼ਕਾਮ ਤੇ ਦੂਸਰੇ ਦਾ ਭਲਾ ਕਰਨ ਦੀ ਅਜੇ ਵੀ ਮੌਜੂਦ ਹੈ। ਪੰਜਾਬੀ ਵਿਚ ਆਮ ਲੋਕ-ਮੁਹਾਵਰਾ ਵੀ ਹੈ- 'ਕਰ ਸੇਵਾ-ਖਾਹ ਮੇਵਾ' ਜਾਂ 'ਸੇਵਾ ਨੂੰ ਲੱਗਦਾ ਮੇਵਾ'।

ਗੁਰੂ ਸਾਹਿਬਾਨ ਨੇ ਆਪਣੇ ਸਿੱਖਾਂ ਵਿੱਚ ਸੇਵਾ ਦੇ ਸੰਕਲਪ ਦਾ ਅਜਿਹਾ ਬੀਜ ਬੀਜਿਆ, ਕਿ ਅੱਜ ਤਕ ਲਗਾਤਾਰ ਫੁੱਲ, ਫਲ ਤੇ ਸੁਗੰਧੀ ਦੇ ਰਿਹਾ ਹੈ ਅਤੇ ਰਹਿੰਦੀ ਦੁਨੀਆਂ ਤਕ ਦਿੰਦਾ ਰਹੇਗਾ। ਗੁਰਮਤਿ ਅਨੁਸਾਰ ਸੇਵਾ ਦਾ ਸੰਕਲਪ ਅਜਿਹਾ ਸੰਕਲਪ ਹੈ, ਕਿ ਸੇਵਾ ਕਰਨ ਲੱਗਿਆਂ ਇਹ ਨਹੀਂ ਵੇਖਿਆ ਜਾਂਦਾ, ਕਿ ਸੇਵਾ ਕਿਸ ਦੀ ਕੀਤੀ ਜਾ ਰਹੀ ਹੈ। ਭਾਵ ਜਿਸ ਦੀ ਸੇਵਾ ਕੀਤੀ ਜਾ ਰਹੀ ਹੈ, ਉਹ ਕਿਹੜੇ ਧਰਮ, ਰੰਗ-ਰੂਪ, ਨਸਲ-ਭੇਦ, ਜਾਤ ਜਾਂ ਖੇਤਰ ਦਾ ਹੈ। ਹਰ ਇੱਕ ਪ੍ਰਾਣੀ ਮਾਤਰ (ਲੋੜਵੰਦ) ਦੀ ਸੇਵਾ ਕਰਨ ਦਾ ਸਿਧਾਂਤ ਸਿੱਖ ਮਤ ਵਿੱਚ ਪ੍ਰਚਲਿਤ ਹੈ, ਉਹ ਚਾਹੇ ਕਿਸੇ ਵੀ ਦੇਸ਼, ਧਰਮ, ਮਜ਼ਹਬ, ਖਿੱਤੇ, ਰੰਗ-ਰੂਪ ਜਾਂ ਜਾਤ ਆਦਿ ਦਾ ਹੋਵੇ, ਇੱਕ ਸਮਾਨ ਸੇਵਾ ਕੀਤੀ ਜਾਂਦੀ ਹੈ। ਇਸ ਪ੍ਰਥਾਇ ਭਾਈ ਕਨੱਈਆ ਜੀ ਦੁਆਰਾ ਜੰਗ ਦੇ ਮੈਦਾਨ ਵਿਚ ਕੀਤੀ ਜਲ ਛਕਾਉਣ ਦੀ ਸੇਵਾ ਤੋਂ ਵੱਡੀ ਕੋਈ ਉਦਾਹਰਨ ਸ਼ਾਇਦ ਹੀ ਦੁਨੀਆਂ ਦੇ ਇਤਿਹਾਸ ਵਿਚ ਹੋਵੇ। ਸਿੱਖਾਂ ਦੁਆਰਾ ਨਿਸ਼ਕਾਮ ਤੇ ਬਿਨਾਂ ਭੇਦ-ਭਾਵ ਦੇ ਸਮੇਂ ਤੇ ਲੋੜ ਅਨੁਸਾਰ ਕੀਤੀਆਂ ਸੇਵਾਵਾਂ ਬਦਲੇ ਅੱਜ ਸਿੱਖ ਆਚਰਣ ਦੀਆਂ ਗੱਲਾਂ ਪੂਰੀ ਦੁਨੀਆਂ ਵਿਚ ਹੋ ਰਹੀਆਂ ਹਨ।

ਡਾ. ਜਸਬੀਰ ਸਿੰਘ ਸਾਬਰ ਲਿਖਦੇ ਹਨ ਕਿ 'ਸੇਵਾ ਹਰੇਕ ਮਨੁੱਖ ਲਈ ਸਤਿਕਾਰ ਤੇ ਸਮੁੱਚੀ ਮਾਨਵਤਾ ਦੇ ਗੌਰਵ ਵਿਚ ਵਿਸ਼ਵਾਸ ਦੇ ਸਿਧਾਂਤ ਨੂੰ ਉਜਾਗਰ ਕਰਨ ਦਾ ਸਾਧਨ ਹੈ ਜੋ ਜ਼ਖਮੀ ਦਿਲਾਂ ਲਈ ਮਲ੍ਹਮ, ਹਉਮੈ ਮਿਟਾਉਣ ਦੀ ਦਵਾ, ਸਮਾਜਿਕ ਵਧੀਕੀਆਂ 'ਤੇ ਰੋਕ ਅਤੇ ਨੈਤਿਕ-ਨਿਯਮਾਂ ਦੀ ਪਾਲਣਾ ਦਾ ਸਾਧਨ ਅਤੇ ਇਕ ਉੱਤਮ ਧਾਰਮਿਕ ਤੇ ਸਦਾਚਾਰਕ ਵਿਵਹਾਰ ਹੈ।'[੧੦]

ਸੋ ਸਿੱਖ ਧਰਮ ਵਿਚ ਸੇਵਾ ਨਾਦ-ਬਿੰਦ ਭਾਵ ਪਿਤਾ-ਪੁਰਖੀ ਰਿਸ਼ਤੇ ਤੋਂ ਵੀ ਸ੍ਰੇਸ਼ਟ ਪ੍ਰਵਾਨ ਕੀਤੀ ਗਈ ਹੈ। ਇਸ ਦੀਆਂ ਉਦਾਹਰਨਾਂ ਗੁਰ-ਇਤਿਹਾਸ ਤੇ ਸਿੱਖ ਇਤਿਹਾਸ ਵਿਚ ਪਹਿਲਾਂ ਸਾਂਝੀਆਂ ਕਰ ਆਏ ਹਾਂ ਕਿ ਗੁਰੂ ਸਾਹਿਬ ਤੇ ਗੁਰਸੰਗਤ ਦੀ ਅਥਾਹ ਸੇਵਾ ਬਦਲੇ ਗੁਰੂ-ਪੁੱਤਰਾਂ ਦੀ ਵਜਾਏ ਸੱਚੇ ਸੇਵਕ ਸਿੱਖਾਂ ਨੂੰ ਕਿਸ ਤਰ੍ਹਾਂ ਗੁਰਿਆਈ ਪ੍ਰਾਪਤ ਹੋਈ। ਜੰਗ ਦੇ ਮੈਦਾਨ ਵਿਚ ਨਿਰਭਉ ਤੇ ਨਿਰਵੈਰ ਭਾਵਨਾ ਸਹਿਤ ਕੀਤੀ ਸੇਵਾ ਬਦਲੇ ਮਾਨ-ਸਨਮਾਨ ਭਾਈ ਕਨੱਈਆ ਜੀ ਨੂੰ ਪ੍ਰਾਪਤ ਹੋਇਆ। ਜੇਕਰ ਨਵਾਬੀ ਦੀ ਗੱਲ ਕਰੀਏ ਤਾਂ ਘੋੜਿਆਂ ਦੀ ਲਿੱਦ ਚੁੱਕਣ ਵਾਲੇ ਤੇ ਲੰਗਰ ਵਿਚ ਪੱਖੇ-ਪਾਣੀ ਦੀ ਸੇਵਾ ਕਰਨ ਵਾਲੇ ਸ. ਕਪੂਰ ਸਿੰਘ ਨੂੰ ਮਿਲੀ। ਇਤਿਹਾਸ ਵਿਚ ਹੋਰ ਵੀ ਐਸੀਆਂ ਅਨੇਕਾਂ ਉਦਾਹਰਨਾਂ ਹਨ ਕਿੰਨੇ ਹੀ ਗੁਰਮੁਖਾਂ, ਸੇਵਕਾਂ ਨੇ ਸੇਵਾ ਕਰਕੇ ਜਿੱਥੇ ਦੁਨਿਆਵੀ ਤੌਰ 'ਤੇ ਵੱਡੇ-ਵੱਡੇ ਰੁਤਬੇ ਤੇ ਮਰਤਬੇ ਪ੍ਰਾਪਤ ਕੀਤੇ ਉੱਥੇ ਅਧਿਆਤਮਿਕ ਤੌਰ 'ਤੇ ਅਕਾਲ ਪੁਰਖ ਨਾਲ ਅਭੇਦ ਹੋਏ।

**ਫੁਟਨੋਟ-**


੧. ਸ੍ਰੀ ਗੁਰੂ ਗ੍ਰੰਥ ਸਾਹਿਬ, ਪੰਨਾ ੨੫.

੨. ਸ੍ਰੀ ਗੁਰੂ ਗ੍ਰੰਥ ਸਾਹਿਬ, ਪੰਨਾ ੮੮੩.

੩. ਸ੍ਰੀ ਗੁਰੂ ਗ੍ਰੰਥ ਸਾਹਿਬ, ਪੰਨਾ ੨੮੬.

੪. ਸਿੱਖ ਪੰਥ ਵਿਸ਼ਵਕੋਸ਼ (ਭਾਗ ਪਹਿਲਾ), ਡਾ. ਰਤਨ ਸਿੰਘ ਜੱਗੀ, ਪੰਨਾ ੩੩੧.

੫. ਮਹਿਮਾ ਪ੍ਰਕਾਸ਼, ਸਰੂਪ ਦਾਸ ਭੱਲਾ, ਸੰਪਾ. ਡਾ. ਉੱਤਮ ਸਿੰਘ ਭਾਟੀਆ, ਭਾਸ਼ਾ ਵਿਭਾਗ, ਪੰਜਾਬ, ਤੀਜੀ ਵਾਰ ੧੯੯੯, ਪੰਨਾ ੨੧੮.

੬. ਮਹਿਮਾ ਪ੍ਰਕਾਸ਼ (ਵਾਰਤਕ), ਕ੍ਰਿਪਾਲ ਦਾਸ ਭੱਲਾ, ਸੰਪਾ. ਡਾ. ਕੁਲਵਿੰਦਰ ਸਿੰਘ ਬਾਜਵਾ, ਸਿੰਘ ਬ੍ਰਦਰਜ਼, ਅੰਮ੍ਰਿਤਸਰ, ਪੰਨਾ ੯੯.

੭. ਵਾਰਾਂ, ਭਾਈ ਗੁਰਦਾਸ ਜੀ, ਵਾਰ ੨੭, ਪਉੜੀ ੧੦.

੮. ਮਹਿਮਾ ਪ੍ਰਕਾਸ਼ ਭਾਗ ਦੂਜਾ, ਸਰੂਪ ਦਾਸ ਭੱਲਾ, ਸੰਪਾ. ਡਾ. ਉੱਤਮ ਸਿੰਘ ਭਾਟੀਆ, ਭਾਸ਼ਾ ਵਿਭਾਗ, ਪੰਜਾਬ, ਤੀਜੀ ਵਾਰ ੧੯੯੯, ਪੰਨਾ ੨੯੧.

੯. ਸ੍ਰੀ ਗੁਰ ਪੰਥ ਪ੍ਰਕਾਸ਼, ਕ੍ਰਿਤ ਰਤਨ ਸਿੰਘ ਭੰਗੂ, ਸੰਪਾ. ਡਾ. ਬਲਵੰਤ ਸਿੰਘ ਢਿੱਲੋਂ, ਸਿੰਘ ਬ੍ਰਦਰਜ਼, ਅੰਮ੍ਰਿਤਸਰ, ਪੰਨਾ ੨੫੬.

੧੦. ਗੁਰਮਤਿ ਵਿਚ ਬਹੁਪੱਖੀ ਸੇਵਾ ਦਾ ਸੰਕਲਪ, ਸੰਪਾ. ਡਾ. ਜਸਬੀਰ ਸਿੰਘ ਸਾਬਰ, ਪੰਨਾ ੬.



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਗੁਰਪੁਰਬ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਜ ਪਿਆਰਿਆਂ ਦੀ ਅਗਵਾਈ ਵਿਚ ਨਗਰ ਕੀਰਤਨ ਦੀ ਆਰੰਭਤਾ ਸਮੇਂ ਜਥੇਦਾਰ ਗਿਆਨੀ ਰਘਬੀਰ ਸਿੰਘ, ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਅਧਿਕਾਰੀ ਤੇ ਸੰਗਤਾਂ। (4 ਜਨਵਰੀ)



ਗੁਰਦੁਆਰਾ ਝੰਡਾ ਬੁੰਗਾ ਸਾਹਿਬ ਵਿਖੇ ਸ਼ਹੀਦ ਭਾਈ ਸਤਵੰਤ ਸਿੰਘ ਤੇ ਸ਼ਹੀਦ ਭਾਈ ਕੇਹਰ ਸਿੰਘ ਦੀ ਬਰਸੀ ਸਮਾਗਮ ਦੌਰਾਨ ਸ਼ਹੀਦਾਂ ਦੇ ਪਰਿਵਾਰਕ ਮੈਂਬਰ ਸ. ਸਰਬਜੀਤ ਸਿੰਘ ਮੈਂਬਰ ਪਾਰਲੀਮੈਂਟ ਨੂੰ ਸਿਰੋਪਾਓ ਬਖ਼ਸ਼ਿਸ਼ ਕਰਨ ਸਮੇਂ ਸ੍ਰੀ ਦਰਬਾਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਭਾਈ ਬਲਜੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਮਨਜੀਤ ਸਿੰਘ ਭੂਰਾਕੋਹਨਾ, ਭਾਈ ਚਰਨਜੀਤ ਸਿੰਘ ਜੱਸੋਵਾਲ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਸਾਬਕਾ ਜਥੇਦਾਰ ਗਿਆਨੀ ਜਸਬੀਰ ਸਿੰਘ ਰੋਡੇ ਤੇ ਸੰਗਤਾਂ। (6 ਜਨਵਰੀ)



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਅਰਦਾਸ ਵਿਚ ਸ਼ਾਮਲ ਸ਼੍ਰੋਮਣੀ ਕਮੇਟੀ ਮੈਂਬਰ ਸ. ਸੁਰਜੀਤ ਸਿੰਘ ਭਿੱਟੇਵਡ, ਭਾਈ ਅਜਾਇਬ ਸਿੰਘ ਅਭਿਆਸੀ ਤੇ ਸੰਗਤਾਂ। (6 ਜਨਵਰੀ)



ਭਾਜਪਾ ਸਾਂਸਦ ਕੰਗਨਾ ਰਣੌਤ ਦੀ 'ਐਮਰਜੈਂਸੀ' ਫ਼ਿਲਮ 'ਤੇ ਰੋਕ ਲਗਵਾਉਣ ਲਈ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਦੇ ਨਾਮ ਮੰਗ ਪੱਤਰ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਨੂੰ ਸੌਂਪਣ ਸਮੇਂ ਸਕੱਤਰ ਸ. ਪ੍ਰਤਾਪ ਸਿੰਘ ਦੇ ਨਾਲ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ ਅਤੇ ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ। (16 ਜਨਵਰੀ)




ਪੰਜਾਬ ਦੇ ਵੱਖ-ਵੱਖ ਸ਼ਹਿਰਾਂ 'ਚ ਸਿਨੇਮਾ ਘਰਾਂ ਬਾਹਰ ਕੰਗਨਾ ਰਣੌਤ ਦੀ ਐਮਰਜੈਂਸੀ ਫ਼ਿਲਮ ਵਿਰੁੱਧ ਰੋਸ ਪ੍ਰਦਰਸ਼ਨ ਕਰਦੇ ਹੋਏ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧਿਕਾਰੀ ਤੇ ਕਰਮਚਾਰੀ। (17 ਜਨਵਰੀ)



ਡਾ. ਪਰਮਵੀਰ ਸਿੰਘ ਤੇ ਡਾ. ਕੁਲਵਿੰਦਰ ਸਿੰਘ ਵੱਲੋਂ ਸੰਪਾਦਿਤ ਕਿਤਾਬ 'ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮਹੱਤਵਪੂਰਨ ਮਤੇ ਤੇ ਫੇਸਲੇ 1920 ਤੋਂ ਜੂਨ 2024' ਲੋਕ ਅਰਪਣ ਕਰਦੇ ਹੋਏ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ, ਅੰਤ੍ਰਿੰਗ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਪ੍ਰਿਤਪਾਲ ਸਿੰਘ, ਸਿੱਖ ਚਿੰਤਕ ਭਾਈ ਸੁਰਿੰਦਰ ਸਿੰਘ ਕਿਸ਼ਨਪੁਰਾ, ਸ. ਇੰਦਰਪਾਲ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸ. ਮਲਕੀਤ ਸਿੰਘ ਤੇ ਹੋਰ।




ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਸੰਗਤਾਂ ਦੀ ਸਹੂਲਤ ਲਈ ਵਰਤੇ ਜਾਂਦੇ ਕੱਪੜਿਆਂ ਆਦਿ ਨੂੰ ਧੋਣ ਲਈ ਅਮਰੀਕਾ ਨਿਵਾਸੀ ਸ. ਬਲਵੰਤ ਸਿੰਘ ਦੇ ਪਰਿਵਾਰ ਵੱਲੋਂ ਭੇਟ ਕੀਤੀਆਂ ਚਾਰ ਵਾਸ਼ਿੰਗ ਮਸ਼ੀਨਾਂ ਦੀ ਸ਼ੁਰੂਆਤ ਕਰਨ ਸਮੇਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਸਕੱਤਰ ਸ. ਪ੍ਰਤਾਪ ਸਿੰਘ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ ਤੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ। (20 ਜਨਵਰੀ)



ਦਿੱਲੀ 'ਚ ਪਾਕਿਸਤਾਨ ਹਾਈ ਕਮਿਸ਼ਨ ਦੇ ਮੁੱਖ ਕਮਿਸ਼ਨਰ ਸਾਦ ਅਹਿਮਦ ਵੜੈਚ ਨਾਲ ਪਾਕਿਸਤਾਨ ਸਥਿੱਤ ਗੁਰਧਾਮਾਂ ਦੇ ਦਰਸ਼ਨਾਂ ਲਈ ਜਾਣ ਵਾਲੇ ਸਿੱਖ ਸ਼ਰਧਾਲੂਆਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਭੇਜੀ ਗਈ ਸੂਚੀ ਅਨੁਸਾਰ ਸਾਰੇ ਵੀਜ਼ੇ ਦੇਣ ਅਤੇ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਪ੍ਰਵਾਨਿਤ ਨਾਨਕਸ਼ਾਹੀ ਕੈਲੰਡਰ ਅਨੁਸਾਰ ਸਿੱਖ ਜਥਾ ਭੇਜੇ ਜਾਣ ਸਬੰਧੀ ਮੁਲਾਕਾਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਤੇ ਮੈਂਬਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸਕੱਤਰ ਸ. ਪ੍ਰਤਾਪ ਸਿੰਘ ਅਤੇ ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ ਸਨ। (24 ਜਨਵਰੀ)



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਮੁੰਬਈ ਵਿਖੇ ਚੱਲ ਰਹੇ ਗੁਰੂ ਨਾਨਕ ਖ਼ਾਲਸਾ ਕਾਲਜ ਮਾਟੂੰਗਾ ਵਿੱਚ ਚਾਰ ਸਾਹਿਬਜ਼ਾਦੇ ਐੱਮਆਰਆਈ ਤੇ ਸੀਟੀ ਸਕੈਨ ਸੈਂਟਰ ਦਾ ਉਦਘਾਟਨ ਕਰਨ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ, ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਬਲਦੇਵ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਿੰਦਰ ਸਿੰਘ ਬਾਵਾ, ਤਖ਼ਤ ਸ੍ਰੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਜਗਜੋਤ ਸਿੰਘ ਤੇ ਹੋਰ।। (24 ਜਨਵਰੀ)



ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਏ ਗਏ ਨਗਰ ਕੀਰਤਨ ਸਮੇਂ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਬਿਜੈ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਤੇ ਸੰਗਤਾਂ। (25 ਜਨਵਰੀ)



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਇਕ ਮੋਟਰਸਾਈਕਲ ਫਰੀਡਮ 125 (ਸੀਐਨਜੀ) ਭੇਟ ਕਰਨ ਪੁੱਜੇ ਬਜਾਜ ਕੰਪਨੀ ਦੇ ਰੀਜਨਲ ਮੈਨੇਜਰ ਸ. ਮਨਪ੍ਰੀਤ ਸਿੰਘ ਬਿੰਦਰਾ ਤੇ ਹੋਰ ਅਧਿਕਾਰੀਆਂ ਨੂੰ ਸਨਮਾਨਿਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਬਿਜੈ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਤੇ ਹੋਰ। (25 ਜਨਵਰੀ)




ਸ਼੍ਰੋਮਣੀ ਕਮੇਟੀ ਦੀ ਕਬੱਡੀ ਟੀਮ ਦਾ ਆਉਣ ਵਾਲੇ ਸੈਸ਼ਨ 2025 ਲਈ ਐਲਾਨ ਕਰਕੇ ਟੀਮ ਦੀਆਂ ਨਵੀਆਂ ਜਰਸੀਆਂ ਜਾਰੀ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਸ. ਅਮਰਜੀਤ ਸਿੰਘ ਭਲਾਈਪੁਰ, ਸਕੱਤਰ ਖੇਡਾਂ ਸ. ਤੇਜਿੰਦਰ ਸਿੰਘ ਪੱਡਾ, ਇੰਚਾਰਜ ਸ. ਗੁਰਮੀਤ ਸਿੰਘ ਮੁਕਤਸਰੀ, ਸਹਾਇਕ ਸੁਪ੍ਰਿੰਟੈਂਡੈਂਟ ਸ. ਸੁਰਜੀਤ ਸਿੰਘ ਰਾਣਾ ਤੇ ਕਬੱਡੀ ਖਿਡਾਰੀ। (29 ਜਨਵਰੀ)



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਰਵਿੰਦਰ ਸਿੰਘ ਤੇ ਮੈਨੇਜਰ ਸ. ਜਗਤਾਰ ਸਿੰਘ ਸ਼ਹੂਰਾ ਨੂੰ ਸੇਵਾ ਮੁਕਤ ਹੋਣ ਸਮੇਂ ਸਨਮਾਨਿਤ ਕਰਦੇ ਹੋਏ ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਤੁਗਲਵਾਲ, ਸਕੱਤਰ ਸ. ਪ੍ਰਤਾਪ ਸਿੰਘ, ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਤੇ ਹੋਰ। (31 ਜਨਵਰੀ)




ਸ਼੍ਰੋਮਣੀ ਕਮੇਟੀ ਤੋਂ ਸੇਵਾਮੁਕਤ ਹੋਏ ਚੀਫ ਅਕਾਊਂਟੈਂਟ ਸ. ਮਿਲਖਾ ਸਿੰਘ ਨੂੰ ਸਨਮਾਨਿਤ ਕਰਦੇ ਹੋਏ ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਤੁਗਲਵਾਲ, ਸਾਬਕਾ ਵਿਧਾਇਕ ਸ. ਵਿਰਸਾ ਸਿੰਘ ਵਲਟੋਹਾ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਪ੍ਰਤਾਪ ਸਿੰਘ, ਸ. ਸੁਖਮਿੰਦਰ ਸਿੰਘ, ਨਿੱਜੀ ਸਕੱਤਰ ਸ. ਸ਼ਾਹਬਾਜ ਸਿੰਘ, ਵਧੀਕ ਸਕੱਤਰ ਸ. ਤੇਜਿੰਦਰ ਸਿੰਘ ਪੱਡਾ ਤੇ ਹੋਰ। (31 ਜਨਵਰੀ)



ਗੁਰਦੁਆਰਾ ਗਜ਼ਟ ਵਿਭਾਗ ਦੇ ਹੈਲਪਰ ਸ. ਗੁਰਦੀਪ ਸਿੰਘ ਨੂੰ ਸੇਵਾ ਮੁਕਤ ਹੋਣ ਸਮੇਂ ਸਨਮਾਨਿਤ ਕਰਦੇ ਹੋਏ ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਤੁਗਲਵਾਲ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਇੰਚਾਰਜ ਡਾ. ਰਾਜਵਿੰਦਰ ਸਿੰਘ ਜੋਗਾ ਤੇ ਹੋਰ। (31 ਜਨਵਰੀ)

# ਸਿੱਖ ਧਰਮ ਅੰਦਰ ਇਸਤਰੀ ਦਾ ਸਥਾਨ ਤੇ ਜ਼ਿੰਮੇਵਾਰੀ

***-ਸ. ਮਨਪ੍ਰੀਤ ਸਿੰਘ ਬਾਜ****

ਸਿੱਖ ਧਰਮ ਅੰਦਰ ਗੁਰੂ ਸਾਹਿਬਾਨ ਨੇ ਇਸਤਰੀ ਲਈ ਧਾਰਮਿਕ ਤੇ ਸਮਾਜਕ ਰੂਪ ਵਿਚ ਮਹੱਤਵਪੂਰਨ ਤੇ ਸਤਿਕਾਰਤ ਸਥਾਨ ਸਥਾਪਿਤ ਕੀਤਾ ਹੈ। ਪਰੰਤੂ ਅਜੋਕੇ ਸਮਾਜਕ ਹਾਲਾਤ ਤੋਂ ਇਹ ਸਪੱਸ਼ਟ ਹੋ ਰਿਹਾ ਹੈ ਕਿ ਨਾ ਤਾਂ ਸਾਰੇ ਸਿੱਖ ਮਰਦ ਹੀ ਸਿੱਖ ਇਸਤਰੀਆਂ ਨੂੰ ਉਹ ਮਹੱਤਵ ਤੇ ਸਤਿਕਾਰ ਦੇ ਰਹੇ ਹਨ ਅਤੇ ਨਾ ਹੀ ਸਾਰੀਆਂ ਸਿੱਖ ਇਸਤਰੀਆਂ ਆਪਣੇ ਮਹੱਤਵ ਤੇ ਸਤਿਕਾਰ ਪ੍ਰਤੀ ਸੁਚੇਤ ਹਨ। ਅਜਿਹੇ ਹਾਲਾਤ ਸਿੱਖ ਸਮਾਜ ਅੰਦਰ ਨਿਵਾਣ ਦਾ ਕਾਰਨ ਬਣ ਰਹੇ ਹਨ। ਕਿਸੇ ਵੀ ਕੌਮ ਜਾਂ ਕਬੀਲੇ ਦਾ ਵਿਕਾਸ, ਗੁਣਵੱਤਾ, ਕੁਸ਼ਲਤਾ ਤੇ ਖ਼ਾਸਕਰ ਕੌਮ ਦੀ ਹੋਂਦ ਉਸ ਕੌਮ ਜਾਂ ਕਬੀਲੇ ਦੀਆਂ ਇਸਤਰੀਆਂ ਉੱਪਰ ਨਿਰਭਰ ਹੁੰਦੀ ਹੈ। ਇਸਤਰੀਆਂ ਦੀ ਯੋਗ ਅਗਵਾਈ ਤੋਂ ਬਿਨਾਂ ਕੋਈ ਵੀ ਕੌਮ ਖ਼ਤਮ ਹੋ ਸਕਦੀ ਹੈ ਤੇ ਕੁਰਾਹੇ ਪੈ ਸਕਦੀ ਹੈ, ਇਸ ਲਈ ਗੁਰਬਾਣੀ ਅਨੁਸਾਰ ਇਸਤਰੀ ਦੇ ਮਹੱਤਵ ਤੇ ਸਤਿਕਾਰ ਨੂੰ ਸਮਝ ਕੇ ਅਮਲੀ ਰੂਪ ਵਿਚ ਲਿਆਉਣਾ ਬੇਹੱਦ ਜ਼ਰੂਰੀ ਹੈ।

ਸਿੱਖ ਧਰਮ ਦਾ ਆਗਾਜ਼ ਉਨ੍ਹਾਂ ਹਾਲਾਤ ਦਰਮਿਆਨ ਹੋਇਆ ਸੀ ਜਦੋਂ ਸਮਾਜ ਅੰਦਰ ਖੁੱਲ੍ਹੇਆਮ ਇਸਤਰੀ ਦੀ ਦੁਰਦਸ਼ਾ ਕੀਤੀ ਜਾ ਰਹੀ ਸੀ। ਸ੍ਰੀ ਗੁਰੂ ਗੁਰੂ ਨਾਨਕ ਦੇਵ ਜੀ ਜਦੋਂ ਸਿੱਖ ਧਰਮ ਦੀ ਸਥਾਪਤੀ ਲਈ ਕਾਰਜਸ਼ੀਲ ਸਨ ਉਸ ਸਮੇਂ ਸਮਾਜ ਅੰਦਰ ਇਸਤਰੀ-ਜਾਤੀ ਦੇ ਹਾਲਾਤ ਬਹੁਤ ਮਾੜੇ ਸਨ। ਇਹ ਉਹ ਸਮਾਂ ਸੀ ਜਦੋਂ ਭਾਰਤ ਉੱਪਰ ਮੁਗ਼ਲਾਂ ਦੇ ਹਮਲੇ ਲਗਾਤਾਰ ਹੋ ਰਹੇ ਸਨ ਅਤੇ ਦੂਜੇ ਪਾਸੇ ਭਾਰਤ ਅੰਦਰ ਕਾਇਮ ਛੋਟੇ-ਵੱਡੇ ਰਾਜ ਇਕਜੁੱਟ ਨਹੀਂ ਸਨ ਅਤੇ ਜ਼ਿਆਦਾਤਰ ਰਾਜ ਆਪਸ ਵਿਚ ਲੜਦੇ-ਝਗੜਦੇ ਰਹਿੰਦੇ ਸਨ।

**ਭਾਰਤ ਅੰਦਰ ਇਸਤਰੀ ਦੀ ਦੁਰਦਸ਼ਾ:** ਭਾਰਤੀ ਸਮਾਜ ਵਿਚ ਇਸਤਰੀ ਨੂੰ ਨੀਵਾਂ ਸਮਝਿਆ ਜਾਂਦਾ ਸੀ। ਭਾਰਤੀ ਪਰੰਪਰਾ ਵਿਚ ਇਸਤਰੀ ਲਈ ਪ੍ਰਚੱਲਤ ਨਿਰਾਦਰ ਭਰੇ ਸ਼ਬਦ ਜਿਵੇਂ ਕਿ ਦਾਸੀ, ਗੋਲੀ, ਨਰਕ ਦੁਆਰੀ, ਪੈਰ ਦੀ ਜੁੱਤੀ, ਵਿਸ਼ ਭਰੀ ਗੰਦਲ, ਕੋਠੇ ਵਾਲੀ ਆਦਿ ਸ਼ਬਦ ਇਸਤਰੀ ਦੀ ਦੁਰਦਸ਼ਾ ਦੀ ਤਸਵੀਰ ਪੇਸ਼ ਕਰਦੇ ਹਨ। 'ਸਤੀ ਪ੍ਰਥਾ' ਰਾਹੀਂ ਇਸਤਰੀ ਨੂੰ ਦਰਦਨਾਕ ਮੌਤ ਦੇਣਾ। 'ਪਰਦਾ ਪ੍ਰਥਾ' ਰਾਹੀਂ ਇਸਤਰੀ ਨੂੰ ਮਰਦਾਂ ਤੋਂ ਨੀਵੀਂ ਹੋਣ ਦਾ ਅਹਿਸਾਸ ਕਰਵਾਉਣਾ। ਇੱਕ ਰਾਜੇ ਵੱਲੋਂ ਕਈ-ਕਈ ਰਾਣੀਆਂ ਅਤੇ ਕਈ-ਕਈ ਦਾਸੀਆਂ ਰੱਖਣ ਦਾ ਰਿਵਾਜ਼ ਇਹ ਦਰਸਾਉਂਦਾ ਹੈ ਕਿ ਇਸਤਰੀ ਕੇਵਲ ਕਾਮ ਵਾਸ਼ਨਾ ਦੀ ਪੂਰਤੀ ਦੀ ਵਸਤੂ ਸਮਝੀ ਜਾਂਦੀ ਸੀ। ਇਥੋਂ ਤਕ ਕਿ ਧਰਮ ਦੀ ਆੜ ਵਿਚ ਕੁਝ ਕੁ ਧਾਰਮਿਕ ਆਗੂਆਂ ਵੱਲੋਂ ਵੀ ਇਸਤਰੀਆਂ ਦਾ ਸੋਸ਼ਣ ਕਰਨ ਲਈ ਅਖੌਤੀ ਧਾਰਮਿਕ ਰੀਤੀ-ਰਿਵਾਜ਼ ਬਣਾਏ ਹੋਏ ਸਨ। ਇਸਤਰੀ ਨੂੰ ਮਰਦ ਦੇ ਬਰਾਬਰ ਅਧਿਕਾਰ ਦੇਣਾ ਤਾਂ ਦੂਰ ਦੀ ਗੱਲ ਸੀ ਬਲਕਿ ਇਸਤਰੀ ਨੂੰ ਇਨਸਾਨ ਵੀ ਨਹੀਂ ਸਮਝਿਆ ਜਾਂਦਾ ਸੀ।

**ਮੁਗ਼ਲ-ਕਾਲ ਵਿਚ ਇਸਤਰੀ ਦੀ ਦੁਰਦਸ਼ਾ:** ਮੁਗ਼ਲਾਂ ਨੇ ਭਾਰਤ ਅੰਦਰ ਬਹੁਤ ਵੱਡੇ ਪੱਧਰ

*ਈ-ਮੇਲ ਪਤਾ : baaz332211@gmail.com ਮੋ:- ੯੫੩੦੭੪੪੧੨੨

'ਤੇ ਲੁੱਟ-ਖੋਹ, ਕਤਲੋਗਾਰਤ ਅਤੇ ਤਬਾਹੀ ਕੀਤੀ ਸੀ। ਭਾਰਤ ਦੇ ਲੋਕਾਂ ਉੱਪਰ ਭਿਆਨਕ ਤਸ਼ੱਦਦ ਕੀਤਾ ਜਾ ਰਿਹਾ ਸੀ। ਮੁਗ਼ਲ ਹਮਲਾਵਰ ਦਾਨਵੀ ਸੋਚ ਦੇ ਮਾਲਕ ਸਨ, ਇਸੇ ਲਈ ਉਹ ਆਮ ਜਨਤਾ ਨੂੰ ਦਰਿੰਦਗੀ ਨਾਲ ਕਤਲ ਕਰਦੇ ਸਨ। ਮੁਗ਼ਲ ਸਾਰੇ ਪਾਸੇ ਹੋਰਨਾਂ ਧਰਮਾਂ ਨੂੰ ਖ਼ਤਮ ਕਰਕੇ ਇਸਲਾਮ ਦੀ ਸਥਾਪਨਾ ਕਰਨਾ ਚਾਹੁੰਦੇ ਸਨ। ਅਨੇਕਾਂ ਮਿਸਾਲਾਂ ਮਿਲਦੀਆਂ ਹਨ ਕਿ ਮੁਗ਼ਲ ਜਦੋਂ ਕਿਸੇ ਜਗ੍ਹਾ 'ਤੇ ਹਮਲਾ ਕਰਦੇ ਸਨ ਤਾਂ ਉਥੋਂ ਦੇ ਬਜ਼ੁਰਗਾਂ ਤੇ ਬੱਚਿਆਂ ਤਕ ਨੂੰ ਨਹੀਂ ਬਖਸ਼ਦੇ ਸਨ। ਅਜਿਹੇ ਭਿਆਨਕ ਹਾਲਾਤਾਂ ਵਿਚ ਇਸਤਰੀ ਦੀ ਹਾਲਤ ਹੋਰ ਵੀ ਤਰਸਯੋਗ ਤੇ ਭਿਆਨਕ ਸੀ। ਇਥੋਂ ਤਕ ਕਿ ਉਨ੍ਹਾਂ ਵੱਲੋਂ ਮਜ਼ਲੂਮ ਇਸਤਰੀਆਂ ਨਾਲ ਹਰ ਤਰ੍ਹਾਂ ਦੀ ਦਰਿੰਦਗੀ ਅਤੇ ਕੁਕਰਮ ਕੀਤੇ ਜਾਂਦੇ ਸਨ। ਇਸਤਰੀਆਂ ਨੂੰ ਹਰਮਾਂ ਵਿਚ ਕਾਮ ਭੋਗਣ ਦੀ ਵਸਤੂ ਵਜੋਂ ਦਾਸੀਆਂ ਬਣਾ ਕੇ ਰੱਖਿਆ ਜਾਂਦਾ ਸੀ ਅਤੇ ਉਨ੍ਹਾਂ ਕੋਲੋਂ ਹਰ ਤਰ੍ਹਾਂ ਦੇ ਨੀਵੇਂ ਦਰਜੇ ਦੇ ਕੰਮ ਕਰਵਾਏ ਜਾਂਦੇ ਸਨ। ਕਈ ਵਾਰ ਤਾਂ ਇਸਤਰੀਆਂ ਨੂੰ ਗਰਭਵਤੀ ਹੋਣ ਦੀ ਹਾਲਤ ਵਿਚ ਕਤਲ ਕਰ ਦਿੱਤਾ ਜਾਂਦਾ ਸੀ। ਅਜਿਹੇ ਹਾਲਾਤਾਂ ਵਿਚ ਕੁਝ ਇਸਤਰੀਆਂ ਨੂੰ ਮੁਗ਼ਲਾਂ ਦੀਆਂ ਨਾਜਾਇਜ਼ ਔਲਾਦਾਂ ਨੂੰ ਜਨਮ ਦੇਣ ਕਰਕੇ ਸਮਾਜ ਵਿਚ ਸ਼ਰਮਿੰਦਗੀ ਦਾ ਮੂੰਹ ਵੀ ਦੇਖਣਾ ਪਿਆ ਹੋਵੇਗਾ। ਇਹ ਸਿਲਸਿਲਾ ਵੱਡੇ ਮੁਗ਼ਲ ਹਾਕਮਾਂ ਵੱਲੋਂ ਲਾਗਾਤਰ ਜਾਰੀ ਰਿਹਾ ਸੀ।

**ਗਜ਼ਨੀ ਦੀ ਮੰਡੀ ਵਿਚ ਇਸਤਰੀਆਂ:** 'ਗਜ਼ਨੀ' ਅਫ਼ਗਾਨਿਸਤਾਨ ਦਾ ਪ੍ਰਾਚੀਨ ਸ਼ਹਿਰ ਹੈ। ਇਸ ਸ਼ਹਿਰ ਵਿਚ 'ਹਸੀਨਾ-ਏ-ਹਿੰਦ' ਨਾਮ ਦੀ ਮੰਡੀ ਲਗਾਈ ਜਾਂਦੀ ਸੀ ਜਿਸ ਵਿਚ ਮੁਗ਼ਲਾਂ ਵੱਲੋਂ ਬੰਦੀ ਬਣਾ ਕੇ ਲਿਜਾਈਆਂ ਭਾਰਤੀ ਇਸਤਰੀਆਂ ਨੂੰ ਵੇਚਿਆ ਜਾਂਦਾ ਸੀ। ਇਸਤਰੀਆਂ ਦੇ ਗਲਾਂ ਵਿਚ ਮੁੱਲ ਲਿਖ ਕੇ ਟੰਗੇ ਹੁੰਦੇ ਸਨ ਅਤੇ ਬੋਲੀ ਲਗਾਈ ਜਾਂਦੀ ਸੀ। ਅਰਬ ਦੇਸ਼ਾਂ ਦੇ ਅਮੀਰ ਲੋਕ ਉਨ੍ਹਾਂ ਇਸਤਰੀਆਂ ਨੂੰ ਖਰੀਦਣ ਲਈ ਆਉਂਦੇ ਸਨ। ਖਰੀਦਣ ਵਾਲਾ ਵਿਅਕਤੀ ਇਸਤਰੀ ਨੂੰ ਆਪਣੀ ਰਖੇਲ ਬਣਾ ਕੇ ਰੱਖਦਾ ਸੀ ਅਤੇ ਆਪਣੇ ਦੋਸਤਾਂ ਤੇ ਰਿਸ਼ਤੇਦਾਰਾਂ ਨੂੰ ਸੌਗਾਤ ਦੇ ਰੂਪ ਵਿਚ ਪੇਸ਼ ਕਰਦਾ ਸੀ।

**ਮੁਗ਼ਲ-ਕਾਲ ਵਿਚ ਸਿੱਖਾਂ ਵੱਲੋਂ ਇਸਤਰੀ-ਰੱਖਿਆ:** ਅਜਿਹੇ ਸਮੇਂ ਪੰਜਾਬ ਦੀ ਧਰਤੀ ਉੱਪਰ ਪੈਦਾ ਹੋਏ 'ਸਿੱਖ ਧਰਮ' ਨੇ ਇਸਤਰੀਆਂ ਦੀ ਰੱਖਿਆ ਕਰਨ ਲਈ ਮੁਗ਼ਲਾਂ ਦਾ ਰਾਹ ਰੋਕਿਆ। ਅਨੇਕਾਂ ਵਾਰ ਸਿੱਖਾਂ ਨੇ ਹਮਲਾ ਕਰਕੇ ਮੁਗ਼ਲਾਂ ਦੀ ਕੈਦ ਵਿਚੋਂ ਭਾਰਤੀ ਇਸਤਰੀਆਂ ਨੂੰ ਆਜ਼ਾਦ ਕਰਵਾਇਆ ਸੀ। ਸਿੱਖ ਜਰਨੈਲਾਂ ਅੰਦਰ ਸਿੱਖ ਧਰਮ ਦੀ ਕ੍ਰਾਂਤੀਕਾਰੀ ਵਿਚਾਰਧਾਰਾ ਨੇ ਅਜਿਹਾ ਜੋਸ਼ ਭਰ ਦਿੱਤਾ ਸੀ ਕਿ ਉਨ੍ਹਾਂ ਨੇ ਜਿੱਥੇ ਆਪਣੀ ਧਰਤੀ ਪੰਜਾਬ ਦੀ ਰੱਖਿਆ ਕੀਤੀ ਉਥੇ ਹੀ ਇਸਤਰੀਆਂ ਨੂੰ ਬਚਾਉਣਾ ਆਪਣਾ ਧਰਮ ਮੰਨ ਲਿਆ ਸੀ। ਜਦੋਂ ਵੀ ਸਿੰਘਾਂ ਤਕ ਕਿਸੇ ਮਜ਼ਲੂਮ ਇਸਤਰੀ ਦੀ ਫਰਿਆਦ ਪੁੱਜਦੀ ਸੀ ਤਾਂ ਖ਼ਾਲਸਾ ਫ਼ੌਜ ਉਸਦੀ ਮਦਦ ਕਰਨ ਲਈ ਜ਼ਰੂਰ ਪਹੁੰਚਦੀ ਸੀ।

**ਇਸਤਰੀ ਨੂੰ ਮੁਕਤੀ ਪ੍ਰਾਪਤ ਕਰਨ ਦਾ ਹੱਕ:** ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਅੰਦਰ ਜੋ ਅਧਿਆਤਮਕ ਉਪਦੇਸ਼ ਦਰਜ ਕੀਤੇ ਗਏ ਹਨ ਉਹ ਇਸਤਰੀ ਅਤੇ ਪੁਰਸ਼ ਦੋਹਾਂ ਲਈ ਬਰਾਬਰ ਹਨ। ਇਸਤਰੀ ਨੂੰ ਵਾਸ਼ਨਾਂ-ਪੂਰਤੀ ਤੀਕ ਸੀਮਤ ਕਰਨ ਅਤੇ ਧਰਮ ਕਮਾਉਣ ਤੋਂ ਵਾਂਝੇ ਰੱਖਣ ਵਾਲਿਆਂ ਨੂੰ ਸਿੱਖ ਗੁਰੂ ਸਾਹਿਬਾਨ ਨੇ ਸਿੱਧੀ ਚੁਣੌਤੀ ਪੇਸ਼ ਕਰਦਿਆਂ ਕਿਹਾ ਕਿ ਇਸਤਰੀ ਵੀ ਮੁਕਤੀ ਪ੍ਰਾਪਤ ਕਰ ਸਕਦੀ ਹੈ ਅਤੇ ਧਰਮ ਮਾਰਗ ਉੱਪਰ ਚੱਲਣ ਦੀ ਪੂਰੀ ਹੱਕਦਾਰ ਹੈ। ਸਿੱਖ ਧਰਮ ਵਿਚ ਇਸਤਰੀ ਨੂੰ ਵੀ ਭਗਤੀ ਕਰਨ ਅਤੇ ਧਾਰਮਿਕ ਜ਼ਿੰਦਗੀ ਜਿਊਣ ਦਾ ਉਪਦੇਸ਼ ਦਿੱਤਾ ਗਿਆ ਹੈ ਕਿਉਂਕਿ ਪਾਵਨ ਗੁਰਬਾਣੀ ਅਨੁਸਾਰ ਇਸਤਰੀ ਤੇ ਪੁਰਸ਼ ਪਰਮਾਤਮਾ ਦਾ ਹੀ ਅੰਸ਼ ਹਨ ਅਤੇ ਅੰਤ ਵਿਚ ਉਸੇ ਵਿਚ ਸਮਾਅ ਜਾਣਗੇ।

**ਇਸਤਰੀ ਦੇ ਸਤਿਕਾਰ ਸਬੰਧੀ ਉਪਦੇਸ਼:** ਇਸਤਰੀ ਨੂੰ ਸਤਿਕਾਰ ਦੇਣ ਲਈ ਸਿੱਖ ਗੁਰੂ ਸਾਹਿਬਾਨ ਨੇ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਅੰਦਰ ਉਪਦੇਸ਼ ਦਰਜ ਕਰ ਕੇ ਇਸਤਰੀ ਦੇ ਸਤਿਕਾਰ ਨੂੰ ਧਾਰਮਿਕ ਤੌਰ 'ਤੇ ਸਦੀਵ ਕਾਲ ਲਈ ਸਥਾਪਿਤ ਕਰ ਦਿੱਤਾ ਹੈ। ਜਿਹੜਾ ਵੀ ਮਨੁੱਖ ਸਿੱਖ ਧਰਮ

ਵਿਚ ਵਿਸ਼ਵਾਸ ਰੱਖਦਾ ਹੈ ਉਹ ਇਸਤਰੀ ਦਾ ਸਤਿਕਾਰ ਕਰਦਾ ਹੈ ਅਤੇ ਇਸਤਰੀ ਨੂੰ ਬਰਾਬਰ ਸਮਝਦਾ ਹੈ। ਇਸਤਰੀ ਤੋਂ ਹੀ ਮਰਦ ਪੈਦਾ ਹੁੰਦਾ ਹੈ ਅਤੇ ਇਸਤਰੀ ਤੋਂ ਹੀ ਮਨੁੱਖ ਪ੍ਰਜਾਤੀ ਦਾ ਵਿਕਾਸ ਹੁੰਦਾ ਹੈ, ਇਸ ਲਈ ਇਸਤਰੀ ਨੂੰ ਜਗ-ਜਨਣੀ ਵੀ ਕਿਹਾ ਜਾਂਦਾ ਹੈ। ਅਜਿਹੀ ਮਹਾਨਤਾ ਤੇ ਮਹੱਤਤਾ ਰੱਖਣ ਵਾਲੀ ਇਸਤਰੀ-ਜਾਤੀ ਨੂੰ ਇਨਸਾਨ ਨਾ ਸਮਝਣਾ ਅਤੇ ਉਸ ਨਾਲ ਅਣਮਨੁੱਖੀ ਵਿਹਾਰ ਕਰਨਾ ਸਰਾਸਰ ਗ਼ਲਤ ਹੈ।

*-ਭੰਡਿ ਜੰਮੀਐ ਭੰਡਿ ਨਿੰਮੀਐ ਭੰਡਿ ਮੰਗਣੁ ਵੀਆਹੁ॥*
*ਭੰਡਹੁ ਹੋਵੈ ਦੋਸਤੀ ਭੰਡਹੁ ਚਲੈ ਰਾਹੁ॥*
*ਭੰਡੁ ਮੁਆ ਭੰਡੁ ਭਾਲੀਐ ਭੰਡਿ ਹੋਵੈ ਬੰਧਾਨੁ॥*
*ਸੋ ਕਿਉ ਮੰਦਾ ਆਖੀਐ ਜਿਤੁ ਜੰਮਹਿ ਰਾਜਾਨ॥ (ਸ੍ਰੀ ਗੁਰੂ ਗ੍ਰੰਥ ਸਾਹਿਬ, ਪੰਨਾ ੪੭੩)*
*-ਪੁਰਖ ਮਹਿ ਨਾਰਿ ਨਾਰਿ ਮਹਿ ਪੁਰਖਾ ਬੂਝਹੁ ਬ੍ਰਹਮ ਗਿਆਨੀ॥ (ਪੰਨਾ ੮੭੯)*

**ਮਨੁੱਖ ਇਸਤਰੀ-ਰੂਪ ਅਤੇ ਪਰਮਾਤਮਾ ਪਤੀ-ਰੂਪ:** ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਸਾਰੇ ਮਨੁੱਖਾਂ ਨੂੰ ਇਸਤਰੀ-ਰੂਪ ਅਤੇ ਅਕਾਲ ਪੁਰਖ ਪਰਮਾਤਮਾ ਨੂੰ ਪਤੀ-ਰੂਪ ਦਰਸਾਇਆ ਗਿਆ ਹੈ। ਇਸਦਾ ਭਾਵ ਇਹ ਹੈ ਕਿ ਮਰਦ ਆਪਣੇ-ਆਪ ਨੂੰ ਮਰਦ ਹੋਣ ਕਰਕੇ ਇਸਤਰੀ ਤੋਂ ਉੱਤਮ ਨਾ ਸਮਝੇ ਕਿਉਂਕਿ ਰੱਬੀ ਦਰਗਾਹ ਵਿਚ ਸਾਰੇ ਮਨੁੱਖ ਇਸਤਰੀ-ਰੂਪ ਹੀ ਹਨ। ਗੁਰਬਾਣੀ ਅੰਦਰ ਸਾਰੇ ਮਨੁੱਖਾਂ ਨੂੰ ਇਸਤਰੀ-ਰੂਪ ਦੱਸਦਿਆਂ ਪਰਮਾਤਮਾ ਅੱਗੇ ਬੇਨਤੀ ਕੀਤੀ ਗਈ ਹੈ ਕਿ ਤੂੰ ਸਾਨੂੰ ਆਪਣੇ ਚਰਨਾਂ ਵਿਚ ਸਦੀਵੀ ਨਿਵਾਸ ਬਖਸ਼ਿਸ਼ ਕਰ ਭਾਵ ਮੁਕਤੀ ਪ੍ਰਦਾਨ ਕਰ-

*ਹਮ ਤੇਰੀ ਧਰ ਸੁਆਮੀਆ ਮੇਰੇ ਤੂ ਕਿਉ ਮਨਹੁ ਬਿਸਾਰੇ॥*
*ਇਸਤ੍ਰੀ ਰੂਪ ਚੇਰੀ ਕੀ ਨਿਆਈ ਸੋਭ ਨਹੀ ਬਿਨੁ ਭਰਤਾਰੇ॥੧॥*
*ਬਿਨਉ ਸੁਨਿਓ ਜਬ ਠਾਕੁਰ ਮੇਰੈ ਬੇਗਿ ਆਇਓ ਕਿਰਪਾ ਧਾਰੇ॥*
*ਕਹੁ ਨਾਨਕ ਮੇਰੋ ਬਨਿਓ ਸੁਹਾਗੋ ਪਤਿ ਸੋਭਾ ਭਲੇ ਅਚਾਰੇ॥*
*(ਸ੍ਰੀ ਗੁਰੂ ਗ੍ਰੰਥ ਸਾਹਿਬ, ਪੰਨਾ ੧੨੬੭)*

**ਇਸਤਰੀ ਨੂੰ ਕਾਮ-ਵਸਤੂ ਨਾ-ਸਮਝਣ ਦਾ ਉਪਦੇਸ਼:** ਮਰਦ ਨੂੰ ਇਸਤਰੀ ਪ੍ਰਤੀ ਪ੍ਰਚੱਲਤ ਮਾੜੀ ਸੋਚ ਰੱਖਣ ਤੋਂ ਵਰਜਣ ਸਬੰਧੀ ਸ੍ਰੀ ਗੁਰੂ ਗ੍ਰੰਥ ਸਾਹਿਬ ਅੰਦਰ ਉਪਦੇਸ਼ ਦਰਜ ਹੈ ਕਿ ਮਰਦ ਨੇ ਕਦੇ ਵੀ ਇਸਤਰੀ ਨੂੰ ਕਾਮ-ਭੋਗਣ ਦੀ ਵਸਤੂ ਨਹੀਂ ਸਮਝਣਾ ਕਿਉਂਕਿ ਇਸ ਤਰ੍ਹਾਂ ਮੁਕਤੀ ਪ੍ਰਾਪਤ ਨਹੀਂ ਹੋਵੇਗੀ। ਜੇਕਰ ਮੁਕਤੀ ਪ੍ਰਾਪਤ ਕਰਨੀ ਹੈ ਤਾਂ ਇਸਤਰੀ ਨੂੰ ਵੀ ਮਨੁੱਖ ਵਾਂਗ ਸਤਿਕਾਰ ਦੇਣਾ ਪਵੇਗਾ। ਅਜਿਹਾ ਉਪਦੇਸ਼ ਧਰਮ ਗ੍ਰੰਥ ਵਿਚ ਦਰਜ ਕਰਨਾ ਉਸ ਸਮੇਂ ਦੀ ਸਥਾਪਿਤ ਵਿਚਾਰਧਾਰਾ ਨੂੰ ਵੱਡੀ ਚੁਣੌਤੀ ਦੇਣਾ ਸੀ। ਇਸਤਰੀ ਨੂੰ ਕਾਮ-ਭੋਗਣ ਦੀ ਵਸਤੂ ਸਮਝਣ ਵਾਲੀ ਵਿਕਸਿਤ ਹੋਈ ਸਮਾਜਕ ਮਾਨਸਿਕਤਾ ਨੂੰ ਬਦਲਣ ਲਈ, ਇਸ ਗੱਲ ਨੂੰ ਜੀਵਨ-ਮੁਕਤੀ ਨਾਲ ਜੋੜ ਕੇ ਸਮਝਾਉਣਾ ਗੁਰੂ ਸਾਹਿਬ ਦੇ ਅਧਿਆਤਮਕ ਗਿਆਨ ਦਾ ਪ੍ਰਗਟਾਵਾ ਸੀ ਜਿਸਦੀ ਮਿਸਾਲ ਕਿਸੇ ਹੋਰ ਧਰਮ ਅੰਦਰ ਨਹੀਂ ਮਿਲਦੀ।

*ਅੰਤਿ ਕਾਲਿ ਜੋ ਇਸਤ੍ਰੀ ਸਿਮਰੈ ਐਸੀ ਚਿੰਤਾ ਮਹਿ ਜੇ ਮਰੈ॥*
*ਬੇਸਵਾ ਜੋਨਿ ਵਲਿ ਵਲਿ ਅਉਤਰੈ॥ (ਸ੍ਰੀ ਗੁਰੂ ਗ੍ਰੰਥ ਸਾਹਿਬ, ਪੰਨਾ ੫੨੬)*

**ਇਸਤਰੀ ਦੇ ਪਰਦਾ ਕਰਨ ਦਾ ਵਿਰੋਧ:** ਗੁਰੂ ਸਾਹਿਬਾਨ ਨੇ ਸੰਗਤ ਵਿਚ ਆਈਆਂ ਇਸਤਰੀਆਂ ਨੂੰ ਪਰਦੇ ਅੰਦਰ ਰਹਿਣ ਦੇ ਗ਼ੁਲਾਮੀ ਵਾਲੇ ਰਿਵਾਜ਼ ਤੋਂ ਮੁਕਤ ਕੀਤਾ। ਗੁਰੂ ਸਾਹਿਬ ਦੇ ਹੁਕਮ ਅਨੁਸਾਰ ਇਸਤਰੀਆਂ ਬਿਨਾਂ ਮੂੰਹ ਢਕੇ ਗੁਰਦੁਆਰਾ ਸਾਹਿਬ ਆਉਂਦੀਆਂ, ਲੰਗਰ ਵਿਚ ਸੇਵਾ ਕਰਦੀਆਂ ਅਤੇ ਪ੍ਰਸ਼ਾਦਾ ਛਕਦੀਆਂ। ਇਸ ਤਰ੍ਹਾਂ ਗੁਰੂ ਸਾਹਿਬਾਨ ਨੇ ਇਸਤਰੀ ਨੂੰ ਸਮਾਜ ਅੰਦਰ ਬਰਾਬਰਤਾ ਨਾਲ ਵਿਚਰਨ ਦਾ ਹੱਕ ਪ੍ਰਦਾਨ ਕੀਤਾ।

**ਇਸਤਰੀ ਦੇ ਸਤੀ ਹੋਣ ਦਾ ਵਿਰੋਧ:** ਗੁਰੂ ਸਾਹਿਬ ਨੇ ਸਮਾਜ ਅੰਦਰ ਲੰਮੇ ਸਮੇਂ ਤੋਂ ਚੱਲੀ ਆ ਰਹੀ ਸਤੀ ਪ੍ਰਥਾ ਦਾ ਡੱਟ ਕੇ ਵਿਰੋਧ ਕੀਤਾ। ਸਤੀ ਪ੍ਰਥਾ ਅਨੁਸਾਰ ਇਸਤਰੀ ਨੂੰ ਆਪਣੇ ਮਰ ਚੁੱਕੇ ਪਤੀ ਦੀ ਚਿਖਾ ਉੱਪਰ ਜਿਉਂਦੀ ਸੜ ਕੇ ਮਰਨਾ ਪੈਂਦਾ ਸੀ। ਇਸਤਰੀ ਦੀ ਦਰਦਨਾਕ ਮੌਤ ਦੀ ਇਹ ਪ੍ਰਥਾ ਧਾਰਮਿਕ ਰੀਤੀ ਬਣਾ ਦਿੱਤੀ ਗਈ ਸੀ ਜੋ ਇਸਤਰੀ ਦੇ ਜ਼ਿੰਦਾ ਰਹਿਣ ਦਾ ਹੱਕ ਖੋਹੰਦੀ ਸੀ ਅਤੇ ਮਨੁੱਖ ਹੋਣ ਦਾ ਰੁਤਬਾ ਵੀ ਖ਼ਤਮ ਕਰਦੀ ਸੀ। ਇਹ ਪ੍ਰਥਾ ਸਿੱਧੇ ਰੂਪ ਵਿਚ ਇਸਤਰੀ ਦੇ ਮਨੁੱਖੀ ਅਧਿਕਾਰ ਦਾ ਖ਼ਾਤਮਾ ਸੀ। ਗੁਰੂ ਸਾਹਿਬਾਨ ਨੇ ਸਮਾਜ ਅੰਦਰ ਧਾਰਮਿਕ ਰੀਤ ਵਜੋਂ ਪ੍ਰਵਾਨ ਹੋ ਚੁੱਕੀ ਸਤੀ ਪ੍ਰਥਾ ਨੂੰ ਖ਼ਤਮ ਕਰਨ ਲਈ ਜ਼ੋਰਦਾਰ ਪ੍ਰਚਾਰ ਕੀਤਾ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਅੰਦਰ ਉਪਦੇਸ਼ ਦਰਜ ਕੀਤੇ-

*-ਸਤੀਆ ਏਹਿ ਨ ਆਖੀਅਨਿ ਜੋ ਮੜਿਆ ਲਗਿ ਜਲੰਨ੍ਹਿ॥*
*ਨਾਨਕ ਸਤੀਆ ਜਾਣੀਅਨ੍ਹਿ ਜਿ ਬਿਰਹੇ ਚੋਟ ਮਰੰਨ੍ਹਿ॥...*
*-ਭੀ ਸੋ ਸਤੀਆ ਜਾਣੀਅਨਿ ਸੀਲ ਸੰਤੋਖਿ ਰਹੰਨ੍ਹਿ॥*
*ਸੇਵਨਿ ਸਾਈ ਆਪਣਾ ਨਿਤ ਉਠਿ ਸੰਮ੍ਹਾਲੰਨ੍ਹਿ॥ (ਸ੍ਰੀ ਗੁਰੂ ਗ੍ਰੰਥ ਸਾਹਿਬ, ਪੰਨਾ ੭੮੭)*

**ਇਸਤਰੀ ਨੂੰ ਪੁਨਰ-ਵਿਆਹ ਕਰਵਾਉਣ ਦਾ ਹੱਕ:** ਸਿੱਖ ਗੁਰੂ ਸਾਹਿਬਾਨ ਨੇ ਜਿੱਥੇ ਇਸਤਰੀ ਜਾਤੀ ਉੱਪਰ ਧਰਮ ਦੀ ਆੜ ਵਿਚ ਥੋਪੀ ਗਈ 'ਸਤੀ ਪ੍ਰਥਾ' ਦਾ ਧਰਮ ਉਪਦੇਸ਼ਾਂ ਰਾਹੀਂ ਸਖ਼ਤ ਵਿਰੋਧ ਕੀਤਾ, ਉਥੇ ਹੀ ਇਸਤਰੀ ਨੂੰ ਪੁਨਰ-ਵਿਆਹ ਕਰਵਾਉਣ ਦਾ ਹੱਕ ਦੇਣਾ ਯੁੱਗ-ਪਲਟਾਊ ਕ੍ਰਾਂਤੀਕਾਰੀ ਵਿਚਾਰਧਾਰਾ ਸੀ। ਸਿੱਖ ਧਰਮ ਅੰਦਰ ਇਸਤਰੀ ਨੂੰ ਪੁਨਰ-ਵਿਆਹ ਦਾ ਹੱਕ ਮਿਲਣ ਨਾਲ ਇੱਕ ਤਾਂ ਇਸਤਰੀ ਦੀ ਸਤੀ ਹੋਣ ਤੋਂ ਜਾਨ ਬਚ ਗਈ, ਦੂਜਾ ਇਸਤਰੀ ਨੂੰ ਮਰਦ ਦੇ ਬਰਾਬਰ ਸਮਾਜਕ ਹੱਕ ਪ੍ਰਾਪਤ ਹੋ ਗਿਆ। ਇਤਿਹਾਸ ਅੰਦਰ ਇਹ ਵਰਤਾਰਾ ਪਹਿਲੀ ਵਾਰ ਇਸਤਰੀ ਦੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਦਾ ਆਧਾਰ ਬਣਿਆ।

**ਇਸਤਰੀ ਦੇ ਸਤਿਕਾਰ ਦੀਆਂ ਇਤਿਹਾਸਕ ਮਿਸਾਲਾਂ:** ਸਮਾਜ ਅੰਦਰ ਪ੍ਰਚੱਲਤ 'ਇਸਤਰੀ ਨੂੰ ਘਰ ਦੀ ਚਾਰਦੀਵਾਰੀ ਵਿਚ ਰੱਖਣ' ਦੀ ਸੋਚ ਦਾ ਖੰਡਨ ਕਰਦਿਆਂ ਸਿੱਖ ਗੁਰੂ ਸਾਹਿਬਾਨ ਨੇ ਅਮਲੀ ਰੂਪ ਵਿਚ ਗੁਰੂ-ਪਰਿਵਾਰ ਦੀਆਂ ਇਸਤਰੀਆਂ ਨੂੰ ਸਮਾਜਕ ਤੇ ਧਾਰਮਿਕ ਜ਼ਿੰਮੇਵਾਰੀਆਂ ਸੌਂਪ ਕੇ ਉਦਾਹਰਣਾਂ ਕਾਇਮ ਕੀਤੀਆਂ, ਜਿਸ ਤੋਂ ਪ੍ਰੇਰਣਾ ਲੈ ਕੇ ਆਮ ਸਿੱਖ ਇਸਤਰੀਆਂ ਵੀ ਸਮਾਜਕ ਤੇ ਧਾਰਮਿਕ ਤੌਰ 'ਤੇ ਕਾਰਜਸ਼ੀਲ ਹੋਈਆਂ। ਇਤਿਹਾਸ ਅੰਦਰ ਦਰਜ ਹੈ ਕਿ ਜਦੋਂ ਸ੍ਰੀ ਗੁਰੂ ਨਾਨਕ ਦੇਵ ਜੀ ਪ੍ਰਚਾਰ ਯਾਤਰਾ 'ਤੇ ਜਾਂਦੇ ਸਨ ਤਾਂ ਪਿੱਛੋਂ ਭੈਣ ਨਾਨਕੀ ਜੀ ਗੁਰੂ-ਪਰਿਵਾਰ ਦੀ ਜ਼ਿੰਮੇਵਾਰੀ ਸੰਭਾਲਦੇ ਸਨ, ਸ੍ਰੀ ਗੁਰੂ ਅੰਗਦ ਦੇਵ ਜੀ ਦੇ ਸੁਪਤਨੀ ਮਾਤਾ ਖੀਵੀ ਜੀ ਵੱਲੋਂ ਲੰਗਰ ਦੇ ਪ੍ਰਬੰਧ ਦੀ ਜ਼ਿੰਮੇਵਾਰੀ ਬਾਖ਼ੂਬੀ ਨਿਭਾਈ ਜਾਂਦੀ ਸੀ। ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਮਾਤਾ ਜੀ ਅਤੇ ਸੁਪਤਨੀ ਗੁਰੂ ਸਾਹਿਬ ਨਾਲ ਪ੍ਰਚਾਰ ਯਾਤਰਾਵਾਂ ਦੌਰਾਨ ਸਮਾਜਕ ਤੇ ਧਾਰਮਿਕ ਤੌਰ 'ਤੇ ਵਿਚਰਦੇ ਰਹੇ। ਗੁਰੂ ਸਾਹਿਬ ਵੱਲੋਂ ਸਿੱਖੀ ਪ੍ਰਚਾਰ ਲਈ ਥਾਪੀਆਂ ਗਈਆਂ ਮੰਜੀਆਂ ਤੇ ਪੀਹੜਿਆਂ ਦੀਆਂ ਮੁਖੀ ਵਜੋਂ ਕੁਝ ਇਸਤਰੀਆਂ ਨੂੰ ਮਿਲੀ ਧਾਰਮਿਕ ਜ਼ਿੰਮੇਵਾਰੀ ਵਿਸ਼ਵ ਦੇ ਧਾਰਮਿਕ ਇਤਿਹਾਸ ਅੰਦਰ ਕ੍ਰਾਂਤੀਕਾਰੀ ਮਿਸਾਲ ਵਜੋਂ ਸਥਾਪਿਤ ਹੈ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਖ਼ਾਲਸਾ ਸਾਜਣ ਸਮੇਂ ਤਿਆਰ ਕੀਤੀ ਗਈ ਖੰਡੇ ਬਾਟੇ ਦੀ ਪਾਹੁਲ ਵਿਚ ਮਾਤਾ ਜੀਤੋ ਜੀ ਵੱਲੋਂ ਪਤਾਸੇ ਪਾਏ ਗਏ ਸਨ ਜੋ ਇਸਤਰੀ ਦੀ ਧਾਰਮਿਕ ਤੌਰ 'ਤੇ ਮਹੱਤਤਾ ਤੇ ਮਹਾਨਤਾ ਦਾ ਸਿਖ਼ਰ ਹੋ ਨਿਬੜਿਆ।

ਜਦੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਕੋਲ ਬ੍ਰਾਹਮਣ ਫਰਿਆਦ ਲੈ ਕੇ ਆਏ ਕਿ ਉਨ੍ਹਾਂ ਦੀ ਬੇਟੀ ਦਾ ਡੋਲਾ ਮੁਗ਼ਲਾਂ ਨੇ ਲੁੱਟ ਲਿਆ ਹੈ ਤਾਂ ਗੁਰੂ ਜੀ ਨੇ ਆਪਣੇ ਵੱਡੇ ਸਪੁੱਤਰ ਬਾਬਾ ਅਜੀਤ ਸਿੰਘ ਤੇ ਭਾਈ ਉਦੈ ਸਿੰਘ ਨੂੰ ਉਸ ਲੜਕੀ ਨੂੰ ਬਚਾਉਣ ਲਈ ਭੇਜਿਆ ਅਤੇ ਸਿੰਘ ਉਸ ਨੂੰ ਬਚਾਅ ਲਿਆਏ

ਅਤੇ ਉਸਦੇ ਪਰਿਵਾਰ ਦੇ ਹਵਾਲੇ ਕੀਤਾ। ਅਜਿਹੀਆਂ ਅਨੇਕਾਂ ਘਟਨਾਵਾਂ ਸਿੱਖ ਇਤਿਹਾਸ ਵਿਚ ਦਰਜ ਹਨ ਜਦੋਂ ਸਿੱਖਾਂ ਨੇ ਮੁਗ਼ਲਾਂ ਕੋਲੋਂ ਇਸਤਰੀਆਂ ਨੂੰ ਬਚਾਇਆ ਸੀ।

ਖ਼ਾਲਸਾ ਰਾਜ ਦੇ ਜਰਨੈਲ ਸਰਦਾਰ ਹਰੀ ਸਿੰਘ ਨਲੂਆ ਨੇ ਜਦੋਂ ਦੱਰਾ ਖ਼ੈਬਰ ਉੱਪਰ ਕਬਜ਼ਾ ਕੀਤਾ ਤਾਂ ਉਸ ਸਮੇਂ ਬਾਨੋ ਨਾਮ ਦੀ ਇਕ ਮੁਸਲਿਮ ਲੜਕੀ ਸਰਦਾਰ ਹਰੀ ਸਿੰਘ ਨਲੂਆ ਕੋਲ ਆਈ ਤੇ ਕਹਿਣ ਲੱਗੀ ਮੈਂ ਚਾਹੁੰਦੀ ਹਾਂ ਕਿ ਮੇਰੇ ਪੇਟ ਤੋਂ ਤੇਰੇ ਵਰਗਾ ਬਹਾਦਰ ਪੁੱਤਰ ਪੈਦਾ ਹੋਵੇ। ਸਰਦਾਰ ਹਰੀ ਸਿੰਘ ਨਲੂਆ ਨੇ ਉਸਨੂੰ ਕਿਹਾ ਕਿ ਮੈਂ ਅਜਿਹਾ ਨਹੀਂ ਕਰ ਸਕਦਾ ਤੂੰ ਇਥੋਂ ਚਲੀ ਜਾ। ਬਾਨੋ ਨੇ ਜਦੋਂ ਕਿਹਾ ਕਿ ਮੈਂ ਸੁਣਿਆ ਸੀ ਕਿ ਸਿੱਖਾਂ ਦੇ ਦਰ ਤੋਂ ਕਦੇ ਕੋਈ ਖਾਲੀ ਨਹੀਂ ਮੁੜਦਾ ਤਾਂ ਸਰਦਾਰ ਹਰੀ ਸਿੰਘ ਨਲੂਆ ਨੇ ਬਾਨੋ ਮੂਹਰੇ ਹੱਥ ਜੋੜ ਕੇ ਕਿਹਾ ਕਿ ਮੈਂ ਤੁਹਾਨੂੰ ਖਾਲੀ ਨਹੀਂ ਮੋੜਾਂਗਾ, ਅੱਜ ਤੋਂ ਤੂੰ ਮੈਨੂੰ ਆਪਣਾ ਪੁੱਤਰ ਸਮਝ। ਇਸ ਤੋਂ ਸਪੱਸ਼ਟ ਹੁੰਦਾ ਹੈ ਕਿ ਸਿੱਖ ਫ਼ੌਜ ਦੁਸ਼ਮਣਾਂ ਦੀਆਂ ਇਸਤਰੀਆਂ ਨਾਲ ਵੀ ਸਤਿਕਾਰ ਨਾਲ ਪੇਸ਼ ਆਉਂਦੀ ਸੀ। ਇਤਿਹਾਸ ਵਿਚ ਕਿਧਰੇ ਵੀ ਅਜਿਹਾ ਨਹੀਂ ਮਿਲਦਾ ਕਿ ਕਦੇ ਸਿੱਖ ਫ਼ੌਜ ਨੇ ਦੁਸ਼ਮਣ ਦੀ ਕਿਸੇ ਇਸਤਰੀ ਨਾਲ ਬਦਸਲੂਕੀ ਕੀਤੀ ਹੋਵੇ, ਕੁਕਰਮ ਤਾਂ ਦੂਰ ਦੀ ਗੱਲ ਰਹੀ। ਅਜਿਹੀਆਂ ਘਟਨਾਵਾਂ ਕੋਈ ਇੱਕਾ-ਦੁੱਕਾ ਨਹੀਂ ਸਗੋਂ ਅਨੇਕਾਂ ਦੀ ਗਿਣਤੀ ਵਿਚ ਵਾਪਰੀਆਂ ਸਨ ਜਦੋਂ ਸਿੱਖਾਂ ਨੇ ਇਸਤਰੀਆਂ ਦੇ ਸਤਿਕਾਰ ਵਿਚ ਮਿਸਾਲਾਂ ਕਾਇਮ ਕਰਕੇ ਇਤਿਹਾਸ ਸਿਰਜੇ।

**ਸਿੱਖ ਇਸਤਰੀਆਂ ਨੂੰ ਸ਼ਸਤਰਧਾਰੀ ਹੋਣ ਦਾ ਉਪਦੇਸ਼:** ਸਿੱਖ ਗੁਰੂ ਸਾਹਿਬਾਨ ਨੇ ਇਸਤਰੀ ਨੂੰ ਵੀ ਅੰਮ੍ਰਿਤ ਦੀ ਦਾਤ ਬਖਸ਼ਿਸ਼ ਕੀਤੀ ਅਤੇ ਸ਼ਸਤਰਧਾਰੀ ਬਣਾਇਆ। ਇਸਤਰੀ ਨੂੰ ਘਰ ਦੀ ਚਾਰਦੀਵਾਰੀ ਅੰਦਰ ਸੀਮਤ ਨਹੀਂ ਕੀਤਾ ਸਗੋਂ ਸ਼ਸਤਰਧਾਰੀ ਹੋ ਕੇ ਜਿੱਥੇ ਆਪਣੇ ਪਰਿਵਾਰ ਦੀ ਸਾਂਭ-ਸੰਭਾਲ ਕਰਨਾ ਸਿਖਾਇਆ, ਉਥੇ ਹੀ ਪਰਿਵਾਰ ਦੀ ਰੱਖਿਆ ਕਰਨ ਦੇ ਸਮਰੱਥ ਵੀ ਬਣਾਇਆ ਹੈ। ਜਿਨ੍ਹਾਂ ਇਸਤਰੀਆਂ ਨੂੰ ਨਿਰਬਲ, ਮਜ਼ਲੂਮ ਤੇ ਵਸਤੂਆਂ ਸਮਝਿਆ ਜਾਂਦਾ ਸੀ ਉਨ੍ਹਾਂ ਇਸਤਰੀਆਂ ਵੱਲੋਂ ਸ਼ਸਤਰਧਾਰੀ ਬਣ ਕੇ ਹਮਲਾਵਰਾਂ ਦਾ ਮੁਕਾਬਲਾ ਕਰਨਾ ਵਿਸ਼ਵ ਦੇ ਇਤਿਹਾਸ ਅੰਦਰ ਯੁੱਗ-ਪਲਟਾਊ ਵਰਤਾਰਾ ਹੋ ਨਿਬੜਿਆ। ਸਿੱਖ ਇਤਿਹਾਸ ਵਿਚ ਅਨੇਕਾਂ ਮਿਸਾਲਾਂ ਦਰਜ ਹਨ ਕਿ ਸ਼ਸਤਰਧਾਰੀ ਸਿੱਖ ਇਸਤਰੀਆਂ ਨੇ ਵੈਰੀਆਂ ਦੇ ਆਹੂ ਲਾਹ ਸੁੱਟੇ ਸਨ ਅਤੇ ਇਸਤਰੀਆਂ ਅੰਦਰ ਅਜਿਹੀ ਜੰਗਜੂ-ਸੂਰਬੀਰਤਾ ਅੰਮ੍ਰਿਤ ਛਕ ਕੇ ਸ਼ਸਤਰਧਾਰੀ ਬਣਨ ਨਾਲ ਪੈਦਾ ਹੋਈ ਸੀ। ਸਿੱਖ ਇਤਿਹਾਸ ਵਿਚ ਸਿੱਖ ਇਸਤਰੀਆਂ ਦੀ ਬਹਾਦਰੀ ਤੇ ਸਿਆਣਪ ਬੇਮਿਸਾਲ ਰੂਪ ਵਿਚ ਦਰਜ ਹੈ।

ਸਿੱਖ ਅਰਦਾਸ ਵਿਚ ਦਰਜ ਪੰਕਤੀ 'ਜਿਨ੍ਹਾਂ ਸਿੰਘਾਂ ਸਿੰਘਣੀਆਂ ਨੇ ਧਰਮ ਹੇਤ ਸੀਸ ਦਿੱਤੇ' ਤੋਂ ਸਪੱਸ਼ਟ ਹੋ ਜਾਂਦਾ ਹੈ ਕਿ ਇਤਿਹਾਸ ਅੰਦਰ ਸਿੱਖ ਇਸਤਰੀਆਂ ਨੇ ਵੀ ਧਰਮ ਲਈ ਵੱਡੇ ਪੱਧਰ 'ਤੇ ਕੁਰਬਾਨੀਆਂ ਦਿੱਤੀਆਂ ਸਨ। ਸਿੱਖ ਧਰਮ ਅੰਦਰ ਗੁਰੂ ਸਾਹਿਬ ਨੇ ਅਜਿਹੀ ਧਾਰਮਿਕ ਵਿਵਸਥਾ ਕਾਇਮ ਕੀਤੀ ਹੈ ਜਿਸਨੇ ਇਸਤਰੀ ਨੂੰ ਮਰਦ ਦੇ ਬਰਾਬਰ ਲਿਆ ਖੜ੍ਹਾ ਕਰ ਦਿੱਤਾ ਹੈ।

**ਸੋਸ਼ਲ ਮੀਡੀਆ 'ਤੇ ਇਸਤਰੀ ਦੀ ਦੁਰਦਸ਼ਾ:** ਸੋਸ਼ਲ ਮੀਡੀਆ ਉੱਪਰ ਫੈਲੀ ਲੱਚਰਤਾ ਤੋਂ ਕੁਝ ਸਿੱਖ ਇਸਤਰੀਆਂ ਪ੍ਰਭਾਵਿਤ ਹੋ ਚੁੱਕੀਆਂ ਹਨ ਅਤੇ ਕਈ ਤਾਂ ਲੱਚਰਤਾ ਫੈਲਾਉਣ ਵਿਚ ਮੋਹਰੀ ਬਣ ਰਹੀਆਂ ਹਨ। ਜਿਸ ਦੁਰਦਸ਼ਾ ਵਿੱਚੋਂ ਸਿੱਖ ਧਰਮ ਨੇ ਇਸਤਰੀ ਨੂੰ ਕੱਢਿਆ ਸੀ ਅੱਜ ਉਸੇ ਦੁਰਦਸ਼ਾ ਵਿਚ ਕਈ ਸਿੱਖ ਇਸਤਰੀਆਂ ਆਪਣੀ ਮਰਜ਼ੀ ਨਾਲ ਖ਼ਪਤ ਹੋ ਰਹੀਆਂ ਹਨ। ਇਹ ਕੌਮੀ ਚਿੰਤਾ ਦਾ ਵਿਸ਼ਾ ਹੈ ਕਿਉਂਕਿ ਇਹ ਵਰਤਾਰਾ ਜਿੱਥੇ ਗੁਰਮਤਿ ਦੀ ਉਲੰਘਣਾਂ ਹੈ, ਉਥੇ ਹੀ ਸਿੱਖ ਇਸਤਰੀ ਦੇ ਆਦਰਸ਼ਕ ਕਿਰਦਾਰ ਦੀ ਤਬਾਹੀ ਹੈ। ਜਿਸ ਬਾਰੇ ਸਮੁੱਚੀ ਸਿੱਖ ਕੌਮ ਨੂੰ ਇੱਕ ਜਾਗਰੂਕਤਾ ਲਹਿਰ ਖੜ੍ਹੀ ਕਰਨ ਦੀ ਲੋੜ ਹੈ ਤਾਂ ਜੋ ਭਟਕ ਚੁੱਕੀਆਂ ਉਨ੍ਹਾਂ ਸਿੱਖ ਇਸਤਰੀਆਂ ਦੀ ਘਰ-ਵਾਪਸੀ ਕਰਵਾਈ ਜਾ ਸਕੇ।

**ਸਿੱਖ ਇਸਤਰੀ ਆਪਣੀ ਜ਼ਿੰਮੇਵਾਰੀ ਪਛਾਣੇ:** ਅਜੋਕੇ ਸਮੇਂ ਫੈਮੀਨਿਜ਼ਮ ਦੇ ਪ੍ਰਭਾਵ ਅਧੀਨ

ਕੁਝ ਸਿੱਖ ਇਸਤਰੀਆਂ ਦੇ ਸਿੱਖ ਧਰਮ ਦੀਆਂ ਸਿੱਖਿਆਵਾਂ ਪ੍ਰਤੀ ਬਾਗ਼ੀ ਸੁਰ ਦੇਖਣ-ਸੁਣਨ ਨੂੰ ਮਿਲਦੇ ਰਹਿੰਦੇ ਹਨ। ਇਸਦਾ ਮੁੱਖ ਕਾਰਨ ਹੈ ਕਿ ਜ਼ਿਆਦਾਤਰ ਸਿੱਖ ਇਸਤਰੀਆਂ ਗੁਰਬਾਣੀ ਤੇ ਸਿੱਖ ਇਤਿਹਾਸ ਨੂੰ ਪੜ੍ਹਨ ਤੋਂ ਦੂਰ ਜਾ ਰਹੀਆਂ ਹਨ। ਗੁਰਬਾਣੀ ਦੇ ਇਲਾਹੀ ਗਿਆਨ ਨਾਲ ਆਪਣਾ ਜੀਵਨ ਸੰਵਾਰਨ ਤੋਂ ਕੁਝ ਸਿੱਖ ਇਸਤਰੀਆਂ ਅਗਿਆਨੀ ਹੀ ਰਹਿ ਜਾਂਦੀਆਂ ਹਨ। ਅਕਸਰ ਇਹ ਦੇਖਿਆ ਜਾਂਦਾ ਹੈ ਕਿ ਬਹੁਤਾਤ ਸਿੱਖ ਇਸਤਰੀਆਂ ਕੌਮੀ ਮਸਲਿਆਂ ਦੀ ਜਾਣਕਾਰੀ ਲੈਣ ਅਤੇ ਗੁਰਮਤਿ ਸਿਧਾਂਤਾਂ ਬਾਰੇ ਪੜ੍ਹਨ-ਸਮਝਣ ਪ੍ਰਤੀ ਕੋਈ ਰੁਚੀ ਨਹੀਂ ਰੱਖਦੀਆਂ। ਕੁਝ ਸਿੱਖ ਇਸਤਰੀਆਂ ਸਿੱਖ ਰਹਿਤ ਮਰਯਾਦਾ ਅਨੁਸਾਰ ਰੀਤੀ-ਰਿਵਾਜ਼ ਆਦਿ ਨਿਭਾਉਣ ਵਿਚ ਵੱਡੀਆਂ ਗ਼ਲਤੀਆਂ ਕਰਦੀਆਂ ਹਨ। ਇਸ ਵਰਤਾਰੇ ਪਿੱਛੇ ਵੱਡਾ ਕਸੂਰ ਸਿੱਖ ਇਸਤਰੀਆਂ ਦਾ ਆਪਣਾ ਹੈ।

ਅੱਜ ਲੋੜ ਹੈ ਕਿ ਸਿੱਖ ਇਸਤਰੀਆਂ ਆਪਣੇ ਵਡਮੁੱਲੇ ਇਤਿਹਾਸ ਤੋਂ ਪ੍ਰੇਰਣਾ ਲੈਣ ਅਤੇ ਕੌਮ ਪ੍ਰਤੀ ਆਪਣੀ ਬਣਦੀ ਜ਼ਿੰਮੇਵਾਰੀ ਨੂੰ ਪਛਾਣਦਿਆਂ ਢੁੱਕਵੇਂ ਕਾਰਜ ਕਰਨ। ਸਿੱਖ ਇਸਤਰੀਆਂ ਨੂੰ ਆਪਣੇ ਸੁਨਹਿਰੀ ਸਿੱਖ ਇਤਿਹਾਸ ਨੂੰ ਪੜ੍ਹਨਾ ਚਾਹੀਦਾ ਹੈ ਤਾਂ ਜੋ ਉਨ੍ਹਾਂ ਨੂੰ ਇਹ ਸਮਝ ਲੱਗ ਸਕੇ ਕਿ ਸਿੱਖ ਇਸਤਰੀ ਦਾ ਕਿਰਦਾਰ, ਆਦਰਸ਼ ਅਤੇ ਜੀਵਨ ਉਦੇਸ਼ ਹੋਰਨਾਂ ਇਸਤਰੀਆਂ ਨਾਲੋਂ ਬੇਹੱਦ ਉਚੇਰਾ ਤੇ ਮਹਾਨ ਹੈ।

ਸਿੱਖ ਇਤਿਹਾਸ ਅੰਦਰ ਝਾਤੀ ਮਾਰਿਆਂ ਅਨੇਕਾਂ ਸੂਰਬੀਰ ਸਿੱਖ ਇਸਤਰੀਆਂ ਦੇ ਦਰਸ਼ਨ ਹੋ ਜਾਂਦੇ ਹਨ ਜਿਨ੍ਹਾਂ ਨੇ ਆਪਣਾ ਪਰਿਵਾਰ ਪਾਲਦਿਆਂ ਕੌਮ ਦੀ ਰੱਖਿਆ ਲਈ ਤੇਗਾਂ ਵੀ ਸੂਤ ਲਈਆਂ ਅਤੇ ਬਹਾਦਰੀ ਦੇ ਝੰਡੇ ਗੱਡ ਦਿੱਤੇ। ਵਿਸ਼ਵ ਦਾ ਇਤਿਹਾਸ ਜੋ ਇਸਤਰੀਆਂ ਬਾਰੇ ਰਚਿਆ ਗਿਆ ਹੈ, ਉੱਪਰ ਝਾਤ ਮਾਰਨੀ ਚਾਹੀਦੀ ਹੈ ਕਿ ਕਿਵੇਂ ਇਸਤਰੀ ਨੂੰ ਨੀਵੇਂ ਪੱਧਰ 'ਤੇ ਰੱਖਿਆ ਜਾਂਦਾ ਸੀ ਅਤੇ ਅਜਿਹੇ ਸਮੇਂ ਗੁਰੂ ਸਾਹਿਬਾਨ ਨੇ ਇਸਤਰੀ ਨੂੰ ਉੱਚਾ ਹੀ ਨਹੀਂ ਚੁੱਕਿਆ ਬਲਕਿ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਅੰਦਰ ਉਪਦੇਸ਼ ਦਰਜ ਕਰਕੇ ਇਸਤਰੀ ਲਈ ਸਨਮਾਨਯੋਗ ਸਥਾਨ ਸਦੀਵਕਾਲ ਲਈ ਸਥਾਪਿਤ ਕਰ ਦਿੱਤਾ ਸੀ।

**ਫੈਮੀਨਿਜ਼ਮ ਵਿਚਾਰਧਾਰਾ ਬਨਾਮ ਸਿੱਖ ਵਿਚਾਰਧਾਰਾ:** ਇਸਤਰੀਆਂ ਦੇ ਹੱਕਾਂ ਲਈ ਫੈਮੀਨਿਜ਼ਮ ਵਿਚਾਰਧਾਰਾ ਦੇ ਸਥਾਪਿਤ ਹੋਣ ਦਾ ਕਾਰਨ ਇਸਤਰੀਆਂ ਨਾਲ ਧਾਰਮਿਕ ਤੇ ਸਮਾਜਕ ਰੂਪ ਵਿਚ ਕੀਤੇ ਜਾਂਦੇ ਵਿਤਕਰੇ ਸਨ। ਖ਼ਾਸਕਰ ਧਾਰਮਿਕ ਵਿਤਕਰਿਆਂ ਕਾਰਨ ਇਸਤਰੀਆਂ ਅੰਦਰ ਫੈਮੀਨਿਜ਼ਮ ਦੇ ਰੂਪ ਵਿਚ ਜ਼ੋਰਦਾਰ ਵਿਰੋਧ ਨੇ ਜਨਮ ਲਿਆ ਸੀ। ਭਾਵੇਂ ਕਿ ਫੈਮੀਨਿਜ਼ਮ ਵਿਚਾਰਧਾਰਾ ਨੇ ਇਸਤਰੀਆਂ ਦੇ ਹੱਕਾਂ ਪ੍ਰਤੀ ਜਾਗਰੂਕਤਾ ਪੈਦਾ ਕੀਤੀ ਹੈ ਪਰੰਤੂ ਅਨੇਕਾਂ ਇਸਤਰੀਆਂ ਇਸ ਵਿਚਾਰਧਾਰਕ ਅਖੌਤੀ ਆਜ਼ਾਦੀ ਦੀ ਆੜ ਵਿਚ ਨੰਗੇਜ਼, ਲੱਚਰਤਾ ਤੇ ਕਾਮ-ਕਰੀੜਾ ਦੇ ਰਾਹ ਉੱਪਰ ਤੁਰ ਪਈਆਂ ਹਨ। ਫੈਮੀਨਿਜ਼ਮ ਦਾ ਉਦੇਸ਼ ਉੱਚ ਆਦਰਸ਼ਕ ਜੀਵਨ-ਜਾਚ ਦੀ ਪ੍ਰਾਪਤੀ ਕਰਨਾ ਨਾ ਹੋਣ ਕਾਰਨ ਅਖੌਤੀ ਆਜ਼ਾਦੀ ਅਤੇ ਬਰਾਬਰਤਾ ਦੇ ਖੋਖਲੇ ਵਿਚਾਰਾਂ ਨੇ ਇਸਤਰੀ ਨੂੰ ਫਿਰ ਤੋਂ ਕਾਮ-ਭੋਗਣ ਦੀ ਵਸਤੂ ਦੇ ਪੱਧਰ 'ਤੇ ਲਿਆ ਖੜ੍ਹਾ ਕਰ ਦਿੱਤਾ ਹੈ। ਇਸਤਰੀਆਂ ਵੱਲੋਂ ਆਪਣੇ-ਆਪ ਨੂੰ ਮੁੜ ਤੋਂ ਕਾਮ-ਵਸਤੂ ਬਣਾ ਕੇ ਪੇਸ਼ ਕਰਨ ਪਿੱਛੇ ਫੈਮੀਨਿਜ਼ਮ ਵਿਚਾਰਧਾਰਾ ਮੁੱਖ ਰੂਪ ਵਿਚ ਜ਼ਿੰਮੇਵਾਰ ਹੈ।

ਸਮਝਣਯੋਗ ਹੈ ਕਿ ਫੈਮੀਨਿਜ਼ਮ ਵਿਚਾਰਧਾਰਾ ਪੱਛਮੀ ਦੇਸ਼ਾਂ ਵਿਚ ਸਥਾਪਿਤ ਕੀਤੀ ਗਈ ਸੀ ਅਤੇ ਉਥੋਂ ਦੀਆਂ ਇਸਤਰੀਆਂ ਦੇ ਧਾਰਮਿਕ ਤੇ ਸਮਾਜਕ ਹਾਲਾਤ ਅਨੁਸਾਰ ਇਸਨੂੰ ਪਰਿਭਾਸ਼ਤ ਕੀਤਾ ਗਿਆ ਸੀ। ਦੂਜੇ ਪਾਸੇ ਸਿੱਖ ਧਰਮ ਅੰਦਰ ਇਸਤਰੀ ਨੂੰ ਉੱਚ-ਆਦਰਸ਼ਕ ਜੀਵਨ-ਜਾਚ ਤਕ ਪਹੁੰਚਾਉਣ ਦਾ ਉਦੇਸ਼ ਮੌਜੂਦ ਹੈ ਅਤੇ ਇਸਦੀ ਪ੍ਰਾਪਤੀ ਲਈ ਵਿਉਂਤਬੱਧ ਵਿਵਸਥਾ ਕਾਇਮ ਕੀਤੀ ਗਈ ਹੈ। ਧਰਮ ਦੇ ਮਾਰਗ ਉੱਪਰ ਚੱਲਦਿਆਂ ਉੱਚ-ਆਦਰਸ਼ਕ ਜੀਵਨ-ਜਾਚ ਪ੍ਰਾਪਤ ਕਰਨ ਦਾ ਅਧਿਕਾਰ ਮਰਦ ਤੇ ਇਸਤਰੀ ਦੋਨਾਂ ਨੂੰ ਬਰਾਬਰ ਹੈ।

ਉੱਪਰ ਦਿੱਤੇ ਗਏ ਵਿਸਥਾਰ ਤੋਂ ਸਪੱਸ਼ਟ ਹੁੰਦਾ ਹੈ ਕਿ ਸਿੱਖ ਇਸਤਰੀਆਂ ਨੂੰ ਸਿੱਖ ਧਰਮ ਅੰਦਰ

ਧਾਰਮਿਕ ਅਤੇ ਸਮਾਜਕ ਰੂਪ ਵਿਚ ਬਰਾਬਰਤਾ ਵਾਲਾ ਸਥਾਨ ਆਰੰਭ ਤੋਂ ਹੀ ਮਿਲਿਆ ਹੋਇਆ ਹੈ। ਇਹ ਕਹਿਣਾ ਅਣ-ਉੱਚਿਤ ਨਹੀਂ ਹੋਵੇਗਾ ਕਿ ਵਾਹਦ ਇੱਕ ਸਿੱਖ ਧਰਮ ਹੈ ਜਿਸ ਵਿਚ ਇਸਤਰੀ ਦੇ ਮਹੱਤਵ ਤੇ ਸਤਿਕਾਰ ਲਈ ਧਰਮ ਉਪਦੇਸ਼ ਦਰਜ ਕੀਤੇ ਗਏ ਹਨ, ਜੋ ਇਸ ਗੱਲ ਦਾ ਪ੍ਰਮਾਣ ਹਨ ਕਿ ਇਸਤਰੀ ਦੇ ਸਤਿਕਾਰ ਨੂੰ ਹਰ ਹਾਲ ਬਹਾਲ ਰੱਖਣਾ ਸਿੱਖ ਸਮਾਜ ਦਾ ਧਾਰਮਿਕ ਫਰਜ਼ ਹੈ। ਇਸ ਲਈ ਦੁਨੀਆਂ ਉੱਪਰ ਪ੍ਰਚੱਲਿਤ ਫੈਮੀਨਿਜ਼ਮ ਦੀ ਵਿਚਾਰਧਾਰਾ ਨਾਲ ਸਿੱਖ ਇਸਤਰੀ ਦਾ ਕੋਈ ਵਾਹ-ਵਾਸਤਾ ਨਹੀਂ ਹੋਣਾ ਚਾਹੀਦਾ ਕਿਉਂਕਿ ਸਿੱਖ ਵਿਚਾਰਧਾਰਾ, ਸਿੱਖ ਇਸਤਰੀ ਨੂੰ ਫੈਮੀਨਿਜ਼ਮ ਵਿਚਾਰਧਾਰਾ ਨਾਲੋਂ ਕਿਤੇ ਜ਼ਿਆਦਾ ਮਹੱਤਤਾ ਤੇ ਸਤਿਕਾਰ ਪ੍ਰਦਾਨ ਕਰਦੀ ਹੈ।

**ਤੱਤ-ਸਾਰ:** ਸਿੱਖ ਧਰਮ ਇੱਕ ਵਾਹਦ ਧਰਮ ਹੈ ਜਿਸ ਦੇ ਧਰਮ ਗ੍ਰੰਥ ਵਿਚ ਇਸਤਰੀ ਦੇ ਸਤਿਕਾਰ ਲਈ ਉਪਦੇਸ਼ ਦਰਜ ਕੀਤੇ ਗਏ ਹਨ। ਸਿੱਖ ਇਤਿਹਾਸ ਅੰਦਰ ਇਸਤਰੀਆਂ ਦੇ ਹੌਂਸਲੇ, ਬਹਾਦਰੀ, ਨਿੱਡਰਤਾ ਅਤੇ ਉੱਚ ਆਦਰਸ਼ਕ ਜੀਵਨ ਦੀਆਂ ਮਿਸਾਲਾਂ ਸਮਾਜ ਲਈ ਪ੍ਰੇਰਣਾ ਸਰੋਤ ਹਨ। ਸਿੱਖ ਗੁਰੂ ਸਾਹਿਬਾਨ ਨੇ ਭਾਰਤ ਅੰਦਰ ਇਸਤਰੀਆਂ ਦੇ ਸਤਿਕਾਰ ਅਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਧਾਰਮਿਕ ਤੌਰ 'ਤੇ ਇੱਕ ਕ੍ਰਾਂਤੀਕਾਰੀ ਵਿਚਾਰਧਾਰਾ ਦੀ ਸਥਾਪਨਾ ਕੀਤੀ। ਸਿੱਖੀ ਵਿਚਾਰਧਾਰਾ ਤੋਂ ਸ਼ਕਤੀ ਪ੍ਰਾਪਤ ਕਰਕੇ ਅਨੇਕਾਂ ਸੂਰਬੀਰ ਇਸਤਰੀਆਂ ਨੇ ਕੌਮ ਦੀ ਰੱਖਿਆ ਲਈ ਹਥਿਆਰਬੰਦ ਸੰਘਰਸ਼ ਕੀਤਾ। ਮੀਰ ਮੰਨੂੰ ਦੀ ਕੈਦ ਵਿਚ ਅਨੇਕਾਂ ਇਸਤਰੀਆਂ ਨੇ ਧਰਮ ਦੀ ਖ਼ਾਤਰ ਆਪਣੇ ਬੱਚੇ ਕੁਰਬਾਨ ਕਰ ਦਿੱਤੇ ਆਦਿ ਸਾਖੀਆਂ ਦਾ ਵੱਡਾ ਸਿੱਖ ਇਤਿਹਾਸ ਸਿੱਖੀ ਨੂੰ ਕੇਸਾਂ-ਸੁਆਸਾਂ ਨਾਲ ਨਿਭਾਉਣ ਵਾਲੀਆਂ ਸਿੱਖ ਇਸਤਰੀਆਂ ਦੀ ਸੂਰਬੀਰ ਦਾਸਤਾਨ ਨਾਲ ਭਰਿਆ ਪਿਆ ਹੈ। ਇਤਿਹਾਸ ਅੰਦਰ ਦਰਜ ਮਹਾਨ ਸਿੱਖ ਇਸਤਰੀਆਂ ਦੀ ਮਹਾਨਤਾ ਨੂੰ ਉਜਾਗਰ ਕਰਦੀਆਂ ਕਿਤਾਬਾਂ ਜਿਵੇਂ ਕਿ 'ਪ੍ਰਸਿੱਧ ਸਿੱਖ ਬੀਬੀਆਂ' (ਲੇਖਕ ਬੀਬੀ ਸਿਮਰਨ ਕੌਰ), 'ਮਹਾਨ ਸਿੱਖ ਇਸਤਰੀਆਂ' (ਲੇਖਕ ਡਾ. ਰਾਜਿੰਦਰਜੀਤ ਕੌਰ ਢੀਂਡਸਾ) ਆਦਿ ਪੜ੍ਹਨਯੋਗ ਹਨ।

ਆਪਣੇ ਸ਼ਾਨਾਮੱਤੇ ਇਤਿਹਾਸ ਨੂੰ ਪੜ੍ਹ ਕੇ ਹਰੇਕ ਸਿੱਖ ਇਸਤਰੀ ਜਿੱਥੇ ਆਪਣੇ-ਆਪ ਉੱਪਰ ਮਾਣ ਮਹਿਸੂਸ ਕਰੇਗੀ, ਉਥੇ ਹੀ ਉਸਦੇ ਅੰਦਰ ਨਿੱਡਰਤਾ ਅਤੇ ਬਹਾਦਰੀ ਦੀ ਭਾਵਨਾ ਵੀ ਪ੍ਰਚੰਡ ਹੋਵੇਗੀ। ਉਸ ਨੂੰ ਅਹਿਸਾਸ ਹੋਵੇਗਾ ਕਿ ਉਹ ਅਜਿਹੀਆਂ ਮਹਾਨ ਸੂਰਬੀਰ ਇਸਤਰੀਆਂ ਦੀ ਵਾਰਿਸ ਹੈ ਜਿੰਨ੍ਹਾਂ ਨੇ ਤਿੱਖੀਆਂ ਤੇਗਾਂ ਨਾਲ ਹਮਲਾਵਰਾਂ ਦੀਆਂ ਭੀੜਾਂ ਦਾ ਮੁਕਾਬਲਾ ਕੀਤਾ ਸੀ। ਅੱਜ ਲੋੜ ਹੈ ਸਿੱਖ ਇਸਤਰੀਆਂ ਨੂੰ ਆਪਣੇ ਸੁਨਹਿਰੀ ਇਤਿਹਾਸ ਬਾਰੇ ਜਾਗਰੂਕ ਕਰਨ ਦੀ ਤਾਂ ਜੋ ਉਹ ਆਪਣੇ ਉੱਪਰ ਹੋ ਰਹੇ ਚਹੁੰ-ਤਰਫੀਂ ਹਮਲਿਆਂ ਦਾ ਮੂੰਹ ਤੋੜਵਾਂ ਜਵਾਬ ਦੇ ਸਕਣ। ਸਿੱਖ ਇਸਤਰੀਆਂ ਦੇ ਜਿਸ ਮਹੱਤਵ, ਕਿਰਦਾਰ ਤੇ ਸਤਿਕਾਰ ਦੀ ਗੱਲ ਪਾਵਨ ਗੁਰਬਾਣੀ ਕਰਦੀ ਹੈ ਉਸਨੂੰ ਜਿਉਂਦਾ ਰੱਖਣ ਲਈ ਸੰਜੀਦਾ ਯਤਨ ਕਰਨਾ ਸਮੁੱਚੀ ਸਿੱਖ ਕੌਮ ਦਾ ਧਾਰਮਿਕ ਫਰਜ਼ ਹੈ।

# ਸ਼੍ਰੋਮਣੀ ਕਮੇਟੀ ਖ਼ਬਰਨਾਮਾ

## ਕਿਤਾਬ 'ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ 1920-2024 ਤੱਕ ਦੇ ਮਤੇ ਤੇ ਫੇਸਲੇ' ਲੋਕ ਅਰਪਣ

ਸ੍ਰੀ ਅਨੰਦਪੁਰ ਸਾਹਿਬ- ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਧਰਮ ਅਧਿਐਨ ਵਿਭਾਗ ਦੇ ਮੁਖੀ ਡਾ. ਪਰਮਵੀਰ ਸਿੰਘ ਤੇ ਡਾ. ਕੁਲਵਿੰਦਰ ਸਿੰਘ ਵੱਲੋਂ ਸ਼ਤਾਬਦੀ ਨੂੰ ਸਮਰਪਿਤ 'ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮਹੱਤਵਪੂਰਨ ਮਤੇ ਤੇ ਫੇਸਲੇ ੧੯੨੦ ਤੋਂ ਜੂਨ ੨੦੨੪' ਸੰਪਾਦਿਤ ਕੀਤੀ ਕਿਤਾਬ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ ਵੱਲੋਂ ਲੋਕ ਅਰਪਣ ਕੀਤੀ ਗਈ। ਇਸ ਮੌਕੇ ਐਡਵੋਕੇਟ ਧਾਮੀ ਨੇ ਕਿਹਾ ਕਿ ਡਾ. ਪਰਮਵੀਰ ਸਿੰਘ ਨੇ ਮਹਾਨ ਸਿੱਖ ਸੰਸਥਾ ਦੇ ਮਤਿਆਂ ਇਕੱਤਰ ਕਰਕੇ ਸ਼ਲਾਘਾਯੋਗ ਕਾਰਜ ਕੀਤਾ ਹੈ। ਇਸ ਮੌਕੇ ਅੰਤ੍ਰਿੰਗ ਮੈਂਬਰ ਸ. ਦਲਜੀਤ ਸਿੰਘ ਭਿੰਡਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਸ੍ਰੀ ਫਤਹਿਗੜ੍ਹ ਸਾਹਿਬ ਦੇ ਵਾਈਸ ਚਾਂਸਲਰ ਡਾ. ਪ੍ਰਿਤਪਾਲ ਸਿੰਘ, ਸਿੱਖ ਚਿੰਤਕ ਭਾਈ ਸੁਰਿੰਦਰ ਸਿੰਘ ਕਿਸ਼ਨਪੁਰਾ, ਸ. ਇੰਦਰਪਾਲ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸ. ਮਲਕੀਤ ਸਿੰਘ ਆਦਿ ਹਾਜ਼ਰ ਸਨ।

## ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਇਆ ਨਗਰ ਕੀਰਤਨ

ਅੰਮ੍ਰਿਤਸਰ- ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਗੁਰਪੁਰਬ ਦੇ ਸਬੰਧ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਗਰ ਕੀਰਤਨ ਸਜਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਸਜਾਏ ਗਏ ਨਗਰ ਕੀਰਤਨ ਦੀ ਆਰੰਭਤਾ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕੀਤਾ। ਇਸ ਮੌਕੇ ਗੱਤਕਾ ਅਤੇ ਬੈਂਡ ਪਾਰਟੀਆਂ ਨੇ ਹਾਜ਼ਰੀ ਭਰੀ ਅਤੇ ਸ਼ਬਦੀ ਜਥਿਆਂ ਨੇ ਗੁਰੂ ਸਾਹਿਬ ਜੀ ਦੀ ਉਸਤਤ ਵਿਚ ਗੁਰੂ ਜਸ ਗਾਇਨ ਕੀਤਾ। ਇਸ ਮੌਕੇ ਮੌਜੂਦ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਦਸਮ ਪਾਤਸ਼ਾਹ ਜੀ ਦੇ ਪਾਵਨ ਪ੍ਰਕਾਸ਼ ਗੁਰਪੁਰਬ ਦੀ ਸੰਗਤ ਨੂੰ ਵਧਾਈ ਦਿੰਦਿਆਂ ਕਿਹਾ ਕਿ ਦੁਨੀਆ ਦੇ ਧਾਰਮਿਕ ਇਤਿਹਾਸ ਅੰਦਰ ਸ੍ਰੀ ਗੁਰੂ ਗੋਬਿੰਦ ਸਿੰਘ ਦਾ ਜੀਵਨ ਲਾਸਾਨੀ ਅਤੇ ਪ੍ਰੇਰਣਾਦਾਇਕ ਹੈ। ਉਨ੍ਹਾਂ ਸੰਗਤ ਨੂੰ ਗੁਰੂ ਸਾਹਿਬ ਵੱਲੋਂ ਬਖ਼ਸ਼ੇ ਖੰਡੇ ਬਾਟੇ ਦਾ ਅੰਮ੍ਰਿਤਪਾਨ ਕਰਕੇ ਬਾਣੀ ਅਤੇ ਬਾਣੇ ਨਾਲ ਜੁੜਨ ਦੀ ਪ੍ਰੇਰਣਾ ਕੀਤੀ।

ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਰੰਭ ਹੋਣ ਮਗਰੋਂ ਨਗਰ ਕੀਰਤਨ ਬਜ਼ਾਰ ਮਾਈ ਸੇਵਾਂ, ਬਜ਼ਾਰ ਕਾਠੀਆਂ, ਬਜ਼ਾਰ ਪਾਪੜਾਂ, ਬਜ਼ਾਰ ਬਾਂਸਾਂ, ਚੌਂਕ ਛੱਤੀ ਖੂਹੀ, ਚਾਵਲ ਮੰਡੀ, ਦਾਲ ਮੰਡੀ, ਢਾਬ ਵਸਤੀ ਰਾਮ, ਜੌੜਾ ਪਿੱਪਲ, ਬਜ਼ਾਰ ਲੁਹਾਰਾ, ਚੌਂਕ ਲਛਮਣਸਰ, ਚੌਂਕ ਬਾਬਾ ਸਾਹਿਬ, ਚੌਂਕ ਪਰਾਗਦਾਸ ਆਦਿ ਥਾਵਾਂ 'ਤੇ ਸੰਗਤ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਨਗਰ ਕੀਰਤਨ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਤੋਂ ਇਲਾਵਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਮਲਕੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਰਾਮ ਸਿੰਘ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਸਕੱਤਰ ਸ. ਪ੍ਰਤਾਪ ਸਿੰਘ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ, ਸ. ਨਰਿੰਦਰ ਸਿੰਘ, ਸ. ਸਤਨਾਮ ਸਿੰਘ ਰਿਆੜ, ਵਧੀਕ ਮੈਨੇਜਰ ਸ. ਜਸਪਾਲ ਸਿੰਘ, ਸ. ਇਕਬਾਲ ਸਿੰਘ ਮੁਖੀ, ਸ. ਗੁਰਿੰਦਰ ਸਿੰਘ ਦੇਵੀਦਾਸਪੁਰ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਨੇ ਸ਼ਮੂਲੀਅਤ ਕੀਤੀ।੪ ਜਨਵਰੀ

## ਐਡਵੋਕੇਟ ਧਾਮੀ ਨੇ ਦਸਵੇਂ ਪਾਤਸ਼ਾਹ ਦੇ ਪ੍ਰਕਾਸ਼ ਗੁਰਪੁਰਬ ਦੀ ਸੰਗਤ ਨੂੰ ਦਿੱਤੀ ਵਧਾਈ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀ ਸੰਗਤ ਨੂੰ ਵਧਾਈ ਦਿੰਦਿਆਂ ਗੁਰੂ ਸਾਹਿਬ ਦੇ ਦਰਸਾਏ ਮਾਰਗ 'ਤੇ ਚੱਲਣ ਦੀ ਅਪੀਲ ਕੀਤੀ। ਉਨ੍ਹਾਂ ਆਖਿਆ ਕਿ ਦਸਮ ਪਾਤਸ਼ਾਹ ਜੀ ਦਾ ਜੀਵਨ ਮਨੁੱਖਤਾ ਲਈ ਚਾਨਣ ਮੁਨਾਰਾ ਹੈ, ਜਿਸ ਤੋਂ ਸੇਧ ਲੈ ਕੇ ਜੀਵਨ ਦੀਆਂ ਤਰਜੀਹਾਂ ਨਿਰਧਾਰਤ ਕਰਨੀਆਂ ਚਾਹੀਦੀਆਂ ਹਨ। ਗੁਰੂ ਸਾਹਿਬ ਇਕ ਕ੍ਰਾਂਤੀਕਾਰੀ ਰਹਿਬਰ ਸਨ, ਜਿਨ੍ਹਾਂ ਨੇ ਜਬਰ ਜ਼ੁਲਮ ਵਿਰੁੱਧ ਅਵਾਜ਼ ਉਠਾਈ ਅਤੇ ਮਨੁੱਖਤਾਂ ਨੂੰ ਸਵੈਮਾਨ ਨਾਲ ਜੀਵਨ ਜੀਣ ਲਈ ਉਤਸਾਹਤ ਕੀਤਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਗੁਰੂ ਸਾਹਿਬ ਨੇ ਆਪਣਾ ਸਰਬੰਸ ਮਾਨਵਤਾ ਲਈ ਵਾਰ ਕੇ ਦੁਨੀਆਂ ਦੇ ਧਾਰਮਿਕ ਇਤਿਹਾਸ ਅੰਦਰ ਇਕ ਵਿਲੱਖਣ ਮਿਸਾਲ ਕਾਇਮ ਕੀਤੀ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਉਹ ਗੁਰੂ ਸਾਹਿਬ ਦੇ ਪ੍ਰਕਾਸ਼ ਪੁਰਬ ਮੌਕੇ ਸਮਾਜਿਕ ਬੁਰਾਈਆਂ ਵਿਰੁੱਧ ਅਵਾਜ਼ ਬੁਲੰਦ ਕਰਨ ਅਤੇ ਗੁਰੂ ਸਾਹਿਬ ਦੇ ਜੀਵਨ ਤੇ ਉਪਦੇਸ਼ਾਂ 'ਤੇ ਚੱਲ ਕੇ ਗੁਰੂ ਸਾਹਿਬ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਨ।੫ ਜਨਵਰੀ

## ਗੁਰਦੁਆਰਾ ਝੰਡਾ ਬੁੰਗਾ ਸਾਹਿਬ ਵਿਖੇ ਸ਼ਹੀਦ ਭਾਈ ਸਤਵੰਤ ਸਿੰਘ ਤੇ ਸ਼ਹੀਦ ਭਾਈ ਕੇਹਰ ਸਿੰਘ ਦੀ ਬਰਸੀ ਮਨਾਈ

ਅੰਮ੍ਰਿਤਸਰ-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਸਮੂਹ 'ਚ ਸਥਿਤ ਗੁਰਦੁਆਰਾ ਝੰਡਾ ਬੁੰਗਾ ਸਾਹਿਬ ਵਿਖੇ ਸ਼ਹੀਦ ਭਾਈ ਸਤਵੰਤ ਸਿੰਘ ਅਤੇ ਸ਼ਹੀਦ ਭਾਈ ਕੇਹਰ ਸਿੰਘ ਦੀ ਬਰਸੀ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਕਮਲਦੀਪ ਸਿੰਘ ਦੇ ਜਥੇ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ। ਅਰਦਾਸ ਭਾਈ ਬਲਜੀਤ ਸਿੰਘ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਸਰਵਣ ਕਰਵਾਇਆ। ਇਸ ਮੌਕੇ ਸੰਗਤ ਨੂੰ ਸੰਬੋਧਨ ਕਰਦਿਆਂ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ

ਨੇ ਕਿਹਾ ਕਿ ੧੯੮੪ 'ਚ ਤੱਤਕਾਲੀ ਕਾਂਗਰਸ ਸਰਕਾਰ ਨੇ ਫ਼ੌਜੀ ਹਮਲਾ ਕਰਕੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਢਹਿ-ਢੇਰੀ ਕੀਤਾ ਤੇ ਅਨੇਕਾਂ ਬੇਦੋਸ਼ੀਆਂ ਸੰਗਤਾਂ ਨੂੰ ਸ਼ਹੀਦ ਕੀਤਾ। ਭਾਈ ਸਤਵੰਤ ਸਿੰਘ, ਭਾਈ ਬੇਅੰਤ ਸਿੰਘ ਤੇ ਭਾਈ ਕੇਹਰ ਸਿੰਘ ਨੇ ਇਸ ਦਾ ਬਦਲਾ ਲੈਂਦਿਆਂ ਸਿੱਖ ਕੌਮ ਦਾ ਸਿਰ ਉੱਚਾ ਕੀਤਾ ਅਤੇ ਸ਼ਹਾਦਤ ਪ੍ਰਾਪਤ ਕੀਤੀ। ਉਨ੍ਹਾਂ ਕਿਹਾ ਕਿ ਕੌਮ ਲਈ ਆਪਾ ਵਾਰਨ ਵਾਲੇ ਸ਼ਹੀਦਾਂ ਨੂੰ ਯਾਦ ਕਰਨਾ ਸਾਡਾ ਕੌਮੀ ਫ਼ਰਜ਼ ਹੈ ਅਤੇ ਸਿੱਖ ਕੌਮ ਆਪਣੇ ਸ਼ਹੀਦਾਂ ਨੂੰ ਹਮੇਸ਼ਾ ਯਾਦ ਰੱਖੇਗੀ। ਸਮਾਗਮ ਦੌਰਾਨ ਸ਼ਹੀਦਾਂ ਦੇ ਪਰਿਵਾਰਕ ਮੈਂਬਰਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦਿੱਤੇ ਗਏ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਸੁਰਜੀਤ ਸਿੰਘ ਭਿੱਟੇਵਡ, ਭਾਈ ਮਨਜੀਤ ਸਿੰਘ ਭੂਰਾਕੋਹਨਾ, ਭਾਈ ਅਜਾਇਬ ਸਿੰਘ ਅਭਿਆਸੀ, ਭਾਈ ਚਰਨਜੀਤ ਸਿੰਘ ਜੱਸੋਵਾਲ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਸਾਬਕਾ ਜਥੇਦਾਰ ਗਿਆਨੀ ਜਸਬੀਰ ਸਿੰਘ ਰੋਡੇ, ਸ. ਸਿਮਰਨਜੀਤ ਸਿੰਘ ਮਾਨ, ਸ. ਸਰਬਜੀਤ ਸਿੰਘ ਮੈਂਬਰ ਪਾਰਲੀਮੈਂਟ, ਸ. ਵਰਿਆਮ ਸਿੰਘ ਅਗਵਾਨ, ਦਲ ਖਾਲਸਾ ਦੇ ਆਗੂ ਸ. ਕੰਵਲਪਾਲ ਸਿੰਘ, ਸ. ਪਰਮਜੀਤ ਸਿੰਘ ਮੰਡ, ਸ. ਜਸਕਰਨ ਸਿੰਘ ਕਾਹਨ ਸਿੰਘ ਵਾਲਾ, ਸ. ਤਰਸੇਮ ਸਿੰਘ, ਸ. ਰਣਜੀਤ ਸਿੰਘ ਭੋਮਾ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ, ਸ. ਬਿਕਰਮਜੀਤ ਸਿੰਘ ਝੰਗੀ, ਸ. ਗੁਰਿੰਦਰ ਸਿੰਘ ਦੇਵੀਦਾਸਪੁਰ, ਸ. ਜੁਗਰਾਜ ਸਿੰਘ, ਸ. ਗੁਰਤਿੰਦਰਪਾਲ ਸਿੰਘ, ਸ. ਅਜੇ ਸਿੰਘ, ਸ. ਈਮਾਨ ਸਿੰਘ ਮਾਨ, ਸ. ਜਰਨੈਲ ਸਿੰਘ ਸਖੀਰਾ ਸਮੇਤ ਸੰਗਤਾਂ ਮੌਜੂਦ ਸਨ।੬ ਜਨਵਰੀ

# ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਵੱਡੀ ਗਿਣਤੀ 'ਚ ਸੰਗਤਾਂ ਹੋਈਆਂ ਨਤਮਸਤਕ

## ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖਤ ਸਾਹਿਬ ਤੇ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਵਿਖੇ ਸਜਾਏ ਗਏ ਅਲੌਕਿਕ ਜਲੌ

## ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਸਜਾਏ ਗਏ ਧਾਰਮਿਕ ਦੀਵਾਨ

ਅੰਮ੍ਰਿਤਸਰ-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸਰਬੰਸਦਾਨੀ, ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿਚ ਸੰਗਤ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਪੁੱਜ ਕੇ ਦਰਸ਼ਨ ਇਸ਼ਨਾਨ ਕਰਨ ਦੇ ਨਾਲ-ਨਾਲ ਗੁਰਬਾਣੀ ਕੀਰਤਨ ਸਰਵਣ ਕੀਤਾ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੰਗਤਾਂ ਅੰਮ੍ਰਿਤ ਵੇਲੇ ਤੋਂ ਹੀ ਪੁੱਜਣੀਆਂ ਸ਼ੁਰੂ ਹੋ ਗਈਆਂ ਸਨ ਅਤੇ ਸਾਰਾ ਦਿਨ ਸੰਗਤ ਦੀ ਆਮਦ ਨਿਰੰਤਰ ਬਣੀ ਰਹੀ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖਤ ਸਾਹਿਬ ਤੇ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਵਿਖੇ ਅਲੌਕਿਕ ਜਲੌ ਸਜਾਏ ਗਏ ਜਿਸ ਦੇ ਦਰਸ਼ਨ ਕਰਕੇ ਸੰਗਤ ਨੇ ਅਨੰਦ ਮਾਣਿਆ। ਇਸੇ ਦੌਰਾਨ ਦਸਵੇਂ ਪਾਤਸ਼ਾਹ ਜੀ ਦੇ ਪ੍ਰਕਾਸ਼ ਗੁਰਪੁਰਬ ਦੇ ਸਬੰਧ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ।

ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਹਰਪਾਲ ਸਿੰਘ ਦੇ ਜਥੇ ਨੇ

ਕੀਰਤਨ ਕੀਤਾ। ਅਰਦਾਸ ਭਾਈ ਗੁਰਚਰਨ ਸਿੰਘ ਨੇ ਕੀਤੀ ਅਤੇ ਸੰਗਤਾਂ ਨੂੰ ਪਾਵਨ ਹੁਕਮਨਾਮਾ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਨੇ ਸਰਵਨ ਕਰਵਾਇਆ। ਉਨ੍ਹਾਂ ਸੰਗਤਾਂ ਨਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਇਤਿਹਾਸ ਦੀ ਸਾਂਝ ਪਾਈ ਅਤੇ ਸੰਗਤ ਨੂੰ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਨ ਦੀ ਪ੍ਰੇਰਨਾ ਦਿੱਤੀ। ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਸਾਰਾ ਦਿਨ ਸਜੇ ਧਾਰਮਿਕ ਦੀਵਾਨ ਵਿਚ ਰਾਗੀ, ਢਾਡੀ, ਕਵੀਸ਼ਰ, ਪ੍ਰਚਾਰਕਾਂ ਤੇ ਪੰਥਕ ਕਵੀਆਂ ਨੇ ਹਾਜਰੀ ਭਰੀ ਅਤੇ ਗੁਰੂ ਸਾਹਿਬ ਜੀ ਦਾ ਜੀਵਨ ਇਤਿਹਾਸ ਸੰਗਤ ਨਾਲ ਸਾਂਝਾ ਕੀਤਾ। ਇਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਤੇ ਸ੍ਰੀ ਅਕਾਲ ਤਖ਼ਤ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਸੰਗਤਾਂ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਗੁਰੂ ਉਪਦੇਸ਼ਾਂ ਅਨੁਸਾਰ ਅੰਮ੍ਰਿਤਧਾਰੀ ਹੋਣ ਦੀ ਪ੍ਰੇਰਨਾ ਕੀਤੀ।

ਇਸ ਮੌਕੇ ਵਧੀਕ ਮੁੱਖ ਗ੍ਰੰਥੀ ਗਿਆਨੀ ਅਮਰਜੀਤ ਸਿੰਘ, ਗਿਆਨੀ ਰਾਜਬੀਰ ਸਿੰਘ, ਗਿਆਨੀ ਬਲਜੀਤ ਸਿੰਘ, ਗਿਆਨੀ ਪਰਵਿੰਦਰਪਾਲ ਸਿੰਘ, ਗਿਆਨੀ ਕੇਵਲ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਸ. ਸੁਰਜੀਤ ਸਿੰਘ ਭਿੱਟੇਵਡ, ਭਾਈ ਮਨਜੀਤ ਸਿੰਘ ਭੂਰਾਕੋਹਨਾ, ਭਾਈ ਅਜਾਇਬ ਸਿੰਘ ਅਭਿਆਸੀ, ਭਾਈ ਚਰਨਜੀਤ ਸਿੰਘ ਜੱਸੋਵਾਲ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਸ. ਜਗਤਾਰ ਸਿੰਘ, ਸ. ਨਰਿੰਦਰ ਸਿੰਘ, ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ, ਸ. ਬਿਕਰਮਜੀਤ ਸਿੰਘ ਝੰਗੀ, ਸ. ਗੁਰਿੰਦਰ ਸਿੰਘ ਦੇਵੀਦਾਸਪੁਰ, ਸ. ਜੁਗਰਾਜ ਸਿੰਘ, ਸ. ਗੁਰਤਿੰਦਰਪਾਲ ਸਿੰਘ, ਸ. ਅਜੈ ਸਿੰਘ ਸਮੇਤ ਸੰਗਤਾਂ ਮੌਜੂਦ ਸਨ।੬ ਜਨਵਰੀ

# ਸ਼੍ਰੋਮਣੀ ਕਮੇਟੀ ਦੀਆਂ ਵੋਟਾਂ ਸਬੰਧੀ ਪ੍ਰਕਾਸ਼ਿਤ ਮੁੱਢਲੀਆਂ ਸੂਚੀਆਂ ਦੋਸ਼ ਪੂਰਣ- ਐਡਵੋਕੇਟ ਧਾਮੀ

## ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਗੁਰਦੁਆਰਾ ਚੋਣ ਕਮਿਸ਼ਨਰ ਨੂੰ ਲਿਖਿਆ ਪੱਤਰ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਗੁਰਦੁਆਰਾ ਚੋਣ ਕਮਿਸ਼ਨਰ ਜਸਟਿਸ ਐੱਸ ਐੱਸ ਸਾਰੋਂ ਨੂੰ ਪੱਤਰ ਲਿਖ ਕੇ ਕਮਿਸ਼ਨ ਵੱਲੋਂ ਸ਼੍ਰੋਮਣੀ ਕਮੇਟੀ ਦੀਆਂ ਆਮ ਚੋਣਾਂ ਸਬੰਧੀ ਪ੍ਰਕਾਸ਼ਿਤ ਮੁੱਢਲੀਆਂ ਸੂਚੀਆਂ ਦੇ ਸਬੰਧ ਵਿੱਚ ਇਤਰਾਜ਼ ਦਰਜ ਕਰਵਾਏ ਹਨ। ਉਨ੍ਹਾਂ ਕਿਹਾ ਕਿ ਪ੍ਰਕਾਸ਼ਿਤ ਕੀਤੀ ਗਈਆਂ ਸੂਚੀਆਂ ਵਿੱਚ ਕਈ ਗ਼ੈਰ ਸਿੱਖਾਂ ਦੇ ਨਾਮ ਸਾਹਮਣੇ ਆ ਰਹੇ ਹਨ, ਜਿਨ੍ਹਾਂ ਦੇ ਨਾਵਾਂ ਨਾਲ ਸਿੰਘ ਅਤੇ ਕੌਰ ਵੀ ਸ਼ਾਮਲ ਨਹੀਂ ਹੈ। ਇਸ ਤੋਂ ਇਲਾਵਾ ਸੂਚੀਆਂ ਵਿੱਚ ਵੋਟਰਾਂ ਦੀ ਸ਼ਨਾਖਤ ਲਈ ਪਛਾਣ ਦਰਸਾਉਂਦੀਆਂ ਫੋਟੋਆਂ ਵੀ ਸ਼ਾਮਲ ਨਹੀਂ ਕੀਤੀਆਂ ਗਈਆਂ। ਪ੍ਰਕਾਸ਼ਿਤ ਕੀਤੀਆਂ ਸੂਚੀਆਂ ਹਾਸਲ ਕਰਨ ਵਿੱਚ ਵੀ ਸਿੱਖ ਸੰਗਤ ਨੂੰ ਵੱਡੀਆਂ ਪਰੇਸ਼ਾਨੀਆਂ ਆ ਰਹੀਆਂ ਹਨ।

ਐਡਵੋਕੇਟ ਧਾਮੀ ਨੇ ਕਿਹਾ ਕਿ ਇਸ ਚੱਲ ਰਹੀ ਪ੍ਰਕਿਰਿਆ ਤਹਿਤ ਸਹੀ ਤਰੀਕੇ ਨਾਲ ਇਤਰਾਜ਼ ਦਰਜ ਕਰਵਾਉਣੇ ਸੰਭਵ ਨਹੀਂ ਹਨ ਅਤੇ ਇਸ ਸਭ ਤੋਂ ਪੰਜਾਬ ਸਰਕਾਰ ਦੀ ਮਨਮਰਜ਼ੀ ਸਪੱਸ਼ਟ ਹੋ ਰਹੀ ਹੈ, ਜਿਸ ਸਬੰਧੀ ਸ਼੍ਰੋਮਣੀ ਕਮੇਟੀ ਪਹਿਲਾਂ ਹੀ ਖ਼ਦਸ਼ੇ ਪ੍ਰਗਟ ਕਰ ਚੁੱਕੀ ਹੈ। ਉਨ੍ਹਾਂ ਕਿਹਾ ਕਿ ਇੰਝ ਜਾਪਦਾ ਹੈ ਕਿ ਬਿਨਾਂ ਫੋਟੋਆਂ ਵਾਲੀਆਂ ਸੂਚੀਆਂ ਵੋਟਰਾਂ ਵੱਲੋਂ ਫੋਟੋ ਸਮੇਤ ਜਮ੍ਹਾਂ ਕਰਵਾਏ ਗਏ ਫਾਰਮਾਂ ਦੀ ਥਾਂ ਬੂਥ ਪੱਧਰ ਉੱਤੇ ਤਾਇਨਾਤ ਬੀਐੱਲਓ ਵੱਲੋਂ ਵਿਧਾਨ ਸਭਾ ਤੇ ਲੋਕ ਸਭਾ ਚੋਣਾਂ ਸਬੰਧੀ ਸੂਚੀਆਂ ਵਿੱਚੋਂ ਚੁੱਕ ਕੇ ਤਿਆਰ ਕੀਤੀਆਂ ਗਈਆਂ ਹੋਣ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੀ ਬਿਹਤਰ

ਪ੍ਰਬੰਧਕੀ ਵਿਵਸਥਾ ਲਈ ਇਹ ਜ਼ਰੂਰੀ ਹੈ ਕਿ ਇਸ ਸੰਸਥਾ ਦੇ ਮੈਂਬਰ ਚੁਣਨ ਲਈ ਵੋਟਰ ਵੀ ਨਿਯਮਾਂ ਅਨੁਸਾਰ ਯੋਗ ਤਰੀਕੇ ਨਾਲ ਹੀ ਰਜਿਸਟਰ ਕੀਤੇ ਜਾਣ।

ਲਿਖੇ ਪੱਤਰ ਵਿੱਚ ਐਡਵੋਕੇਟ ਧਾਮੀ ਨੇ ਮੁੱਖ ਕਮਿਸ਼ਨਰ ਗੁਰਦੁਆਰਾ ਚੋਣਾਂ ਪਾਸੋਂ ਮੰਗ ਕੀਤੀ ਹੈ ਕਿ ਵੋਟਰ ਸੂਚੀਆਂ ਦੀ ਆਨਲਾਈਨ ਅਤੇ ਬਣਾਏ ਗਏ ਕੇਂਦਰਾਂ ਉੱਤੇ ਉਪਲੱਬਧਤਾ ਯਕੀਨੀ ਬਣਾਈ ਜਾਵੇ। ਗੁਰਦੁਆਰਾ ਚੋਣ ਕਮਿਸ਼ਨ ਵੱਲੋਂ ਵੋਟਰ ਰਜਿਸਟ੍ਰੇਸ਼ਨ ਪ੍ਰਕਿਰਿਆ ਸਮੇਂ ਫ਼ੋਟੋਆਂ ਸਮੇਤ ਫਾਰਮ ਜਮ੍ਹਾਂ ਕਰਵਾਉਣ ਦੀਆਂ ਹਦਾਇਤਾਂ ਦੇ ਮੱਦੇਨਜ਼ਰ ਸੂਚੀਆਂ ਵੋਟਰਾਂ ਦੀਆਂ ਫੋਟੋਆਂ ਸਮੇਤ ਪ੍ਰਕਾਸ਼ਿਤ ਕੀਤੀਆਂ ਜਾਣ, ਤਾਂ ਤੋ ਪਤਾ ਲੱਗ ਸਕੇ ਕਿ ਵੋਟਰ ਬਣਨ ਵਾਲਾ ਵਿਅਕਤੀ ਸਾਬਤ ਸੂਰਤ/ਕੇਸਾਧਾਰੀ ਸਿੱਖ ਹੈ। ਉਨ੍ਹਾਂ ਗ਼ੈਰ-ਸਿੱਖਾਂ ਦੇ ਸ਼ਾਮਲ ਨਾਮ ਖਾਰਜ ਕਰਨ ਦੇ ਆਦੇਸ਼ ਜਾਰੀ ਕਰਨ ਦੀ ਵੀ ਮੰਗ ਕੀਤੀ।

੧੦ ਜਨਵਰੀ

# ਬੀਬੀ ਅਮਰਜੀਤ ਕੌਰ ਦੇ ਅਕਾਲ ਚਲਾਣੇ 'ਤੇ ਐਡਵੋਕੇਟ ਧਾਮੀ ਵੱਲੋਂ ਦੁੱਖ ਪ੍ਰਗਟ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ਼ਹੀਦ ਭਾਈ ਫੌਜਾ ਸਿੰਘ ਦੀ ਪਤਨੀ ਬੀਬੀ ਅਮਰਜੀਤ ਕੌਰ ਦੇ ਅਕਾਲ ਚਲਾਣਾ ਕਰ ਜਾਣ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਥ ਦੋਖੀ ਨਕਲੀ ਨਿਰੰਕਾਰੀਆਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਪ੍ਰਤੀ ਕੀਤੇ ਜਾ ਰਹੇ ਕੂੜ ਪ੍ਰਚਾਰ ਨੂੰ ਰੋਕਣ ਲਈ ੧੯੭੮ ਦੀ ਵਿਸਾਖੀ ਵਾਲੇ ਦਿਨ ਸ਼ਹੀਦ ਭਾਈ ਫੌਜਾ ਸਿੰਘ ਨੇ ੧੩ ਸਿੰਘਾਂ ਸਮੇਤ ਸ਼ਹਾਦਤ ਪ੍ਰਾਪਤ ਕੀਤੀ। ਧਰਮ ਲਈ ਸ਼ਹੀਦ ਹੋਣ ਵਾਲੇ ਭਾਈ ਫੌਜਾ ਸਿੰਘ ਤੇ ਉਨ੍ਹਾਂ ਦੇ ਪਰਿਵਾਰ ਦਾ ਸਿੱਖ ਧਰਮ ਅੰਦਰ ਵੱਡਾ ਸਤਿਕਾਰ ਹੈ। ਉਨ੍ਹਾਂ ਕਿਹਾ ਕਿ ਸ਼ਹੀਦ ਭਾਈ ਫੌਜਾ ਸਿੰਘ ਦੀ ਧਰਮ ਪਤਨੀ ਬੀਬੀ ਅਮਰਜੀਤ ਕੌਰ ਨੇ ਵੀ ਸਮਾਜ ਅੰਦਰ ਵੱਡੇ ਕਾਰਜ ਕੀਤੇ ਹਨ। ਬੀਬੀ ਅਮਰਜੀਤ ਕੌਰ ਦਾ ਸੰਸਾਰ ਤੋਂ ਚਲੇ ਜਾਣਾ ਪਰਿਵਾਰ ਅਤੇ ਸਿੱਖ ਸਮਾਜ ਲਈ ਵੱਡਾ ਘਾਟਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਵਾਹਿਗੁਰੂ ਦੇ ਚਰਨਾਂ ਵਿਚ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿਚ ਨਿਵਾਸ ਦੇਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬੱਲ ਪ੍ਰਦਾਨ ਕਰਨ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਵੀ ਬੀਬੀ ਅਮਰਜੀਤ ਕੌਰ ਦੇ ਚਲਾਣੇ 'ਤੇ ਦੁੱਖ ਦਾ ਇਜਹਾਰ ਕਰਦਿਆਂ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ।੧੩ ਜਨਵਰੀ

# ਐਡਵੋਕੇਟ ਧਾਮੀ ਨੇ ਬਾਪੂ ਸੂਰਤ ਸਿੰਘ ਦੇ ਅਕਾਲ ਚਲਾਣਾ ਕਰ ਜਾਣ 'ਤੇ ਕੀਤਾ ਦੁੱਖ ਪ੍ਰਗਟ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਬੰਦੀ ਸਿੰਘਾਂ ਦੀ ਰਿਹਾਈ ਲਈ ਲੰਮਾ ਸਮਾਂ ਸੰਘਰਸ਼ ਲੜਣ ਵਾਲੇ ਬਾਪੂ ਸੂਰਤ ਸਿੰਘ ਦੇ ਅਕਾਲ ਚਲਾਣੇ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਬਾਪੂ ਸੂਰਤ ਸਿੰਘ ਨੇ ਆਪਣੀ ਜਿੰਦਗੀ ਦਾ ਵੱਡਾ ਹਿੱਸਾ ਬੰਦੀ ਸਿੰਘ ਦੀ ਰਿਹਾਈ ਦੇ ਲੇਖੇ ਲਾਇਆ। ਉਨ੍ਹਾਂ ਨੇ ਆਪਣਾ ਸੰਘਰਸ਼ ਪੂਰੀ ਦ੍ਰਿੜਤਾ ਨਾਲ ਲੜਿਆ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਬਾਪੂ ਸੂਰਤ ਸਿੰਘ ਦੇ ਅਕਾਲ ਚਲਾਣਾ ਕਰ ਜਾਣ ਨਾਲ ਸਿੱਖ ਕੌਮ ਕੋਲੋਂ ਇੱਕ ਦ੍ਰਿੜ ਆਗੂ ਚਲਾ ਗਿਆ ਹੈ, ਜਿਸ ਨਾਲ

ਪੰਥ ਨੂੰ ਵੱਡਾ ਘਾਟਾ ਪਿਆ ਹੈ। ਐਡਵੋਕੇਟ ਧਾਮੀ ਨੇ ਕਰਤਾ ਪੁਰਖ ਅੱਗੇ ਅਰਦਾਸ ਕੀਤੀ ਕਿ ਬਾਪੂ ਸੂਰਤ ਸਿੰਘ ਨੂੰ ਆਪਣੇ ਚਰਨਾਂ ਵਿਚ ਨਿਵਾਸ ਦੇਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬੱਲ ਪ੍ਰਦਾਨ ਕਰਨ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਵੀ ਬਾਪੂ ਸੂਰਤ ਸਿੰਘ ਦੇ ਅਕਾਲ ਚਲਾਣਾ ਕਰ ਜਾਣ 'ਤੇ ਗਹਿਰੀ ਸੰਵੇਦਨਾ ਪ੍ਰਗਟ ਕਰਦਿਆਂ ਪਰਿਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ। ੧੫ ਜਨਵਰੀ

## ਪਿੰਡ ਗੋਲੇਵਾਲਾ 'ਚ ਗੁਟਕਾ ਸਾਹਿਬ ਦੀ ਹੋਈ ਬੇਅਦਬੀ ਦੀ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕੀਤੀ ਸਖ਼ਤ ਨਿੰਦਾ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜਿਲ੍ਹਾ ਫਰੀਦਕੋਟ ਦੇ ਪਿੰਡ ਗੋਲੇਵਾਲਾ 'ਚ ਗੁਰਬਾਣੀ ਦੇ ਪਾਵਨ ਗੁਟਕਾ ਸਾਹਿਬ ਦੀ ਹੋਈ ਬੇਅਦਬੀ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਵਿਚ ਗੁਰਬਾਣੀ ਦੀ ਬੇਅਦਬੀ ਦੀਆਂ ਘਟਨਾਵਾਂ ਦਾ ਲਗਾਤਾਰ ਵਾਪਰਨਾ ਵੱਡੀ ਚਿੰਤਾ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਮਨੁੱਖ ਨੂੰ ਜੀਵਨ ਦਾ ਰਾਹ ਦਰਸਾਉਣ ਵਾਲੀ ਗੁਰਬਾਣੀ ਦੀ ਬੇਅਦਬੀ ਦੀਆਂ ਅਜਿਹੀਆਂ ਘਟਨਾਵਾਂ ਵਾਪਰਨ ਨਾਲ ਸਿੱਖ ਸੰਗਤਾਂ ਦੀਆਂ ਭਾਵਨਾਵਾਂ ਨੂੰ ਠੇਸ ਪੁੱਜਦੀ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਗੁਰਬਾਣੀ ਦੀ ਬੇਅਦਬੀ ਕਰਨ ਵਾਲਿਆਂ ਲਈ ਸਖ਼ਤ ਸਜ਼ਾ ਦਾ ਪ੍ਰਬੰਧ ਹੋਣਾ ਜ਼ਰੂਰੀ ਹੈ, ਤਾਂ ਜੋ ਅਜਿਹੀਆਂ ਘਟਨਾਵਾਂ 'ਤੇ ਰੋਕ ਲਗ ਸਕੇ। ਉਨ੍ਹਾਂ ਕਿਹਾ ਕਿ ਸਰਕਾਰਾਂ ਵੱਲੋਂ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਨਾ ਹੋਣ ਕਾਰਨ ਅਜਿਹੇ ਅਨਸਰਾਂ ਦੇ ਹੌਂਸਲੇ ਹੋਰ ਵੱਧ ਰਹੇ ਹਨ। ਐਡਵੋਕੇਟ ਧਾਮੀ ਨੇ ਮੰਗ ਕੀਤੀ ਕੇ ਬੇਅਦਬੀ ਦੇ ਦੋਸ਼ੀਆਂ ਦਾ ਪਤਾ ਲਗਾ ਕੇ ਉਨ੍ਹਾਂ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਸੰਗਤਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਘਰਾਂ ਵਿਚ ਰੱਖੇ ਗੁਰਬਾਣੀ ਦੇ ਪਾਵਨ ਗੁਟਕਾ ਸਾਹਿਬ ਦਾ ਪੂਰਨ ਸਤਿਕਾਰ ਅਤੇ ਸੰਭਾਲ ਕਰਨ। ੧੫ ਜਨਵਰੀ

## ਸਿੱਖਾਂ ਦਾ ਅਕਸ ਵਿਗਾੜਨ ਵਾਲੀ ਫ਼ਿਲਮ ਐਮਰਜੈਂਸੀ ਨੂੰ ਪੰਜਾਬ ਅੰਦਰ ਬੈਨ ਕਰੇ ਸਰਕਾਰ- ਐਡਵੋਕੇਟ ਧਾਮੀ

### ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਪੰਜਾਬ ਦੇ ਮੁੱਖ ਮੰਤਰੀ ਨੂੰ ਲਿਖਿਆ ਪੱਤਰ

### ਪੰਜਾਬ ਦੇ ਸਮੂਹ ਡਿਪਟੀ ਕਮਿਸ਼ਨਰਾਂ ਨੂੰ ਵੀ ਭੇਜੇ ਇਤਰਾਜ ਪੱਤਰ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਭਾਜਪਾ ਸਾਂਸਦ ਕੰਗਨਾ ਰਣੌਤ ਵੱਲੋਂ ਬਣਾਈ ਗਈ 'ਐਮਰਜੈਂਸੀ' ਫ਼ਿਲਮ 'ਤੇ ਸਖ਼ਤ ਇਤਰਾਜ਼ ਪ੍ਰਗਟ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਨੂੰ ਪੱਤਰ ਲਿਖ ਕੇ ਪੰਜਾਬ ਅੰਦਰ ਇਸ 'ਤੇ ਮੁਕੰਮਲ ਰੋਕ ਲਗਾਉਣ ਲਈ ਕਿਹਾ। ਇਹ ਫ਼ਿਲਮ ੧੭ ਜਨਵਰੀ ੨੦੨੫ ਨੂੰ ਰਲੀਜ਼ ਹੋ ਰਹੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਮੁੱਖ ਮੰਤਰੀ ਨੂੰ ਲਿਖੇ ਪੱਤਰ ਵਿਚ ਕਿਹਾ ਗਿਆ ਹੈ ਕਿ ਇਸ ਫ਼ਿਲਮ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਆਪਣਾ ਰੋਸ ਪ੍ਰਗਟ ਕਰਦਿਆਂ ਪੰਜਾਬ ਸਰਕਾਰ ਦੇ ਮੁੱਖ ਸਕੱਤਰ ਨੂੰ ਪੱਤਰ ਨੰ: ੨੨੨੧੧ ਮਿਤੀ ੧੪.੧੧.੨੦੨੪ ਰਾਹੀਂ ਅੰਤ੍ਰਿੰਗ ਕਮੇਟੀ ਦਾ ਮਤਾ ਨੰ: ੭੯੮ ਮਿਤੀ ੨੮.੦੯.੨੦੨੪ ਭੇਜ ਕੇ ਪਹਿਲਾਂ ਹੀ ਇਤਰਾਜ਼ ਦਰਜ ਕਰਵਾਏ ਜਾ ਚੁੱਕੇ ਹਨ, ਜਿਸ ਰਾਹੀਂ ਇਹ ਸਪਸ਼ਟ ਕਿਹਾ ਗਿਆ ਸੀ ਕਿ 'ਐਮਰਜੈਂਸੀ ਫ਼ਿਲਮ ਪੰਜਾਬ ਅੰਦਰ ਨਹੀਂ ਚੱਲਣ ਦਿੱਤੀ ਜਾਵੇਗੀ', ਕਿਉਂਕਿ ਇਹ ਫ਼ਿਲਮ ਸਿੱਖਾਂ

ਨੂੰ ਬਦਨਾਮ ਕਰਨ ਦੇ ਮੰਤਵ ਨਾਲ ਨੀਤੀਗਤ ਢੰਗ ਨਾਲ ਬਣਾਈ ਗਈ ਹੈ। ਮਤੇ ਰਾਹੀਂ ਸੂਬਾ ਸਰਕਾਰ ਪਾਸੋਂ ਪੰਜਾਬ ਅੰਦਰ ਇਸ ਫ਼ਿਲਮ ਦੀ ਰਿਲੀਜ਼ 'ਤੇ ਰੋਕ ਲਗਾਉਣ ਦੀ ਮੰਗ ਕੀਤੀ ਗਈ ਸੀ। ਉਨ੍ਹਾਂ ਪੱਤਰ ਵਿਚ ਕਿਹਾ ਕਿ ਦੁੱਖ ਦੀ ਗੱਲ ਹੈ ਕਿ ਪੰਜਾਬ ਸਰਕਾਰ ਨੇ ਹੁਣ ਤੀਕ ਫ਼ਿਲਮ ਦੀ ਰੋਕ ਲਈ ਕੋਈ ਕਦਮ ਨਹੀਂ ਉਠਾਇਆ। ਉਨ੍ਹਾਂ ਕਿਹਾ ਕਿ ਜੇਕਰ ੧੭ ਜਨਵਰੀ ੨੦੨੫ ਨੂੰ ਇਹ ਫਿਲਮ ਰਲੀਜ਼ ਹੁੰਦੀ ਹੈ, ਤਾਂ ਇਸ ਨਾਲ ਸਿੱਖ ਜਗਤ ਅੰਦਰ ਰੋਸ ਤੇ ਰੋਹ ਪੈਦਾ ਹੋਣਾ ਕੁਦਰਤੀ ਹੈ।

ਜ਼ਿਕਰਯੋਗ ਹੈ ਕਿ ਇਸ ਫ਼ਿਲਮ ਅੰਦਰ ੧੯੮੪ ਵਿੱਚ ਸਿੱਖਾਂ ਦੇ ਪਾਵਨ ਪਵਿੱਤਰ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਕਈ ਹੋਰ ਅਸਥਾਨਾਂ ਉੱਤੇ ਕੀਤੇ ਗਏ ਮਾਰੂ ਹਮਲੇ ਦੇ ਨਾਲ-ਨਾਲ ਸਿੱਖ ਕਤਲੇਆਮ ਅਤੇ ਨਸਲਕੁਸ਼ੀ ਨੂੰ ਦਬਾ ਕੇ ਸਿੱਖ ਵਿਰੋਧੀ ਏਜੰਡੇ ਤਹਿਤ ਕੌਮ ਵਿਰੁੱਧ ਜ਼ਹਿਰ ਉਗਲਣ ਦੀ ਭਾਵਨਾ ਨਾਲ ਕੰਮ ਕੀਤਾ ਗਿਆ ਹੈ। ਇਸ ਦੇ ਨਾਲ ਹੀ ਫ਼ਿਲਮ ਵਿੱਚ ਸਿੱਖਾਂ ਦੇ ਕੌਮੀ ਸ਼ਹੀਦ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੀ ਵੀ ਕਿਰਦਾਰਕੁਸ਼ੀ ਕੀਤੀ ਗਈ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਕੰਗਨਾ ਰਣੌਤ ਦੀ ਐਮਰਜੈਂਸੀ ਫ਼ਿਲਮ ਪੰਜਾਬ ਅੰਦਰ ਮਿਤੀ ੧੭ ਜਨਵਰੀ ੨੦੨੫ ਨੂੰ ਜਾਰੀ ਹੋਣ ਤੋਂ ਤੁਰੰਤ ਰੋਕੀ ਜਾਵੇ। ਜੇਕਰ ਇਹ ਫ਼ਿਲਮ ਪੰਜਾਬ ਅੰਦਰ ਜਾਰੀ ਹੁੰਦੀ ਹੈ ਤਾਂ ਸ਼੍ਰੋਮਣੀ ਕਮੇਟੀ ਵੱਲੋਂ ਇਸ ਦਾ ਸੂਬਾ ਪੱਧਰ ਉੱਤੇ ਸਖ਼ਤ ਵਿਰੋਧ ਕੀਤਾ ਜਾਵੇਗਾ।

ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਆਦੇਸ਼ਾਂ 'ਤੇ ਅੱਜ ਸ਼੍ਰੋਮਣੀ ਕਮੇਟੀ ਸਕੱਤਰ ਸ. ਪ੍ਰਤਾਪ ਸਿੰਘ ਅਤੇ ਹੋਰ ਅਧਿਕਾਰੀਆਂ ਨੇ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਨੂੰ ਪੱਤਰ ਸੌਂਪ ਕੇ ਕੰਗਨਾ ਰਣੌਤ ਦੀ ਐਮਰਜੈਂਸੀ ਫ਼ਿਲਮ 'ਤੇ ਅੰਮ੍ਰਿਤਸਰ ਵਿਚ ਰੋਕ ਲਗਾਉਣ ਦੀ ਮੰਗ ਕੀਤੀ। ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਵੱਲੋਂ ਪੰਜਾਬ ਅੰਦਰ ਜ਼ਿਲ੍ਹਾ ਪੱਧਰ 'ਤੇ ਸਮੂਹ ਡਿਪਟੀ ਕਮਿਸ਼ਨਰਾਂ ਨੂੰ ਵੀ ਫ਼ਿਲਮ ਰੋਕਣ ਲਈ ਮੰਗ ਪੱਤਰ ਦਿੱਤੇ ਗਏ ਹਨ। ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਸੌਂਪਣ ਸਮੇਂ ਸਕੱਤਰ ਸ. ਪ੍ਰਤਾਪ ਸਿੰਘ ਦੇ ਨਾਲ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ ਅਤੇ ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ ਮੌਜੂਦ ਸਨ।੧੯ ਜਨਵਰੀ

# ਸ਼੍ਰੋਮਣੀ ਕਮੇਟੀ ਨੇ ਪੰਜਾਬ 'ਚ ਨਹੀਂ ਚੱਲਣ ਦਿੱਤੀ ਕੰਗਨਾ ਰਣੌਤ ਦੀ ਐਮਰਜੈਂਸੀ ਫ਼ਿਲਮ

## ਪੰਜਾਬ ਦੇ ਵੱਖ-ਵੱਖ ਸ਼ਹਿਰਾਂ 'ਚ ਸਿਨੇਮਾ ਘਰਾਂ ਬਾਹਰ ਕੀਤਾ ਪ੍ਰਦਰਸ਼ਨ

ਅੰਮ੍ਰਿਤਸਰ-ਕੰਗਨਾ ਰਣੌਤ ਵੱਲੋਂ ਬਣਾਈ ਗਈ 'ਐਮਰਜੈਂਸੀ' ਫ਼ਿਲਮ ਦੀ ਰਲੀਜ਼ ਨੂੰ ਰੋਕਣ ਲਈ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ 'ਤੇ ਸ਼੍ਰੋਮਣੀ ਕਮੇਟੀ ਵੱਲੋਂ ਪੰਜਾਬ ਭਰ ਅੰਦਰ ਸਿਨੇਮਾ ਘਰਾਂ ਦੇ ਬਾਹਰ ਜ਼ੋਰਦਾਰ ਪ੍ਰਦਰਸ਼ਨ ਕੀਤਾ ਗਿਆ। ਸ਼੍ਰੋਮਣੀ ਕਮੇਟੀ ਦੇ ਰੋਸ ਨੂੰ ਦੇਖਦਿਆਂ ਸਿਨੇਮਾ ਪ੍ਰਬੰਧਕਾਂ ਨੇ ਫਿਲਮ ਐਮਰਜੈਂਸੀ ਨੂੰ ਨਾ ਚਲਾਉਣ ਦਾ ਫੈਸਲਾ ਕੀਤਾ, ਜਿਸ ਮਗਰੋਂ ਸ਼੍ਰੋਮਣੀ ਕਮੇਟੀ ਵੱਲੋਂ ਪ੍ਰਦਰਸ਼ਨ ਸਮਾਪਤ ਕੀਤੇ ਗਏ। ਅੰਮ੍ਰਿਤਸਰ ਵਿਖੇ ਫਿਲਮ ਦੇ ਵਿਰੋਧ ਵਿੱਚ ਪੀਵੀਆਰ ਸਿਨੇਮਾ (ਸੂਰਜ ਚੰਦਾ ਤਾਰਾ), ਟਰੀਲੀਅਮ ਮਾਲ ਅਤੇ ਅਲਫਾ ਵਨ ਮਾਲ ਵਿਖੇ ਪ੍ਰਦਰਸ਼ਨ ਕੀਤੇ ਗਏ, ਜਿਸ ਦੀ ਅਗਵਾਈ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਭਾਈ ਅਜਾਇਬ ਸਿੰਘ ਅਭਿਆਸੀ ਅਤੇ

ਸਕੱਤਰ ਸ. ਪ੍ਰਤਾਪ ਸਿੰਘ ਨੇ ਕੀਤੀ।

ਇਸ ਮੌਕੇ ਗਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਕਿਹਾ ਕਿ ਕੰਗਨਾ ਰਣੌਤ ਵੱਲੋਂ ਬਣਾਈ ਗਈ 'ਐਮਰਜੈਂਸੀ ਫ਼ਿਲਮ ਵਿਚ ਸਿੱਖ ਕਿਰਦਾਰਾਂ ਨੂੰ ਗਲਤ ਤਰੀਕੇ ਨਾਲ ਪੇਸ਼ ਕੀਤਾ ਗਿਆ ਹੈ, ਜਿਸ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਪਹਿਲਾਂ ਹੀ ਇਤਰਾਜ਼ ਦਰਜ ਕਰਵਾਏ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਦੁੱਖ ਦੀ ਗੱਲ ਹੈ ਕਿ ਪੰਜਾਬ ਸਰਕਾਰ ਨੇ ਵੀ ਹੁਣ ਤੀਕ ਫ਼ਿਲਮ ਦੀ ਰੋਕ ਲਈ ਕੋਈ ਕਦਮ ਨਹੀਂ ਉਠਾਇਆ। ਉਨ੍ਹਾਂ ਸ਼੍ਰੋਮਣੀ ਕਮੇਟੀ ਦੇ ਰੋਸ ਮਗਰੋਂ ਸਿਨੇਮਾ ਪ੍ਰਬੰਧਕਾਂ ਵੱਲੋਂ ਫਿਲਮ ਨਾ ਚਲਾਉਣ ਦੇ ਫੈਸਲੇ ਦਾ ਸਵਾਗਤ ਕੀਤਾ। ਸ. ਮੰਨਣ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਇਸ ਫਿਲਮ ਨੂੰ ਪੰਜਾਬ ਅੰਦਰ ਕਿਸੇ ਵੀ ਕੀਮਤ 'ਤੇ ਨਹੀਂ ਚੱਲਣ ਦੇਵੇਗੀ। ਜੇਕਰ ਕਿਸੇ ਨੇ ਫਿਲਮ ਚਲਾਉਣ ਦੀ ਕੋਸ਼ਿਸ ਕੀਤੀ ਤਾਂ ਸ਼੍ਰੋਮਣੀ ਕਮੇਟੀ ਮੁੜ ਪ੍ਰਦਰਸ਼ਨ ਕਰੇਗੀ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਤੇ ਭਾਈ ਅਜਾਇਬ ਸਿੰਘ ਅਭਿਆਸੀ ਨੇ ਕਿਹਾ ਕਿ ਕੋਈ ਵੀ ਸਿੱਖ ਵਿਰੋਧੀ ਹਰਕਤ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਸਰਕਾਰਾਂ ਦੀ ਵੀ ਜ਼ੁੰਮੇਵਾਰੀ ਬਣਦੀ ਹੈ ਕਿ ਹਰ ਧਰਮ ਦੇ ਹਿੱਤਾਂ ਅਤੇ ਭਾਵਨਾਵਾਂ ਦਾ ਸਨਮਾਨ ਕੀਤਾ ਜਾਵੇ।

ਸਕੱਤਰ ਸ. ਪ੍ਰਤਾਪ ਸਿੰਘ ਨੇ ਦੱਸਿਆ ਕਿ ਬੀਤੇ ਕੱਲ੍ਹ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਮੁੱਖ ਮੰਤਰੀ ਨੂੰ ਪੱਤਰ ਲਿਖ ਕੇ ਪੰਜਾਬ ਅੰਦਰ ਇਸ ਫ਼ਿਲਮ 'ਤੇ ਰੋਕ ਲਗਾਉਣ ਲਈ ਕਿਹਾ ਸੀ, ਪਰ ਤਰਾਸਦੀ ਇਹ ਹੈ ਕਿ ਪੰਜਾਬ ਦੀ ਆਪ ਸਰਕਾਰ ਸਿੱਖ ਮਸਲਿਆਂ ਨੂੰ ਜਾਣਬੁਝ ਕੇ ਅਣਗੌਲਿਆਂ ਕਰ ਰਹੀ ਹੈ। ਇਹ ਸੂਬੇ ਦੇ ਹਿੱਤ ਵਿਚ ਨਹੀਂ ਹੈ।

ਅੰਮ੍ਰਿਤਸਰ ਵਿਖੇ ਪ੍ਰਦਰਸ਼ਨ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਭਾਈ ਅਜਾਇਬ ਸਿੰਘ ਅਭਿਆਸੀ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਬਿਜੈ ਸਿੰਘ, ਸ. ਤਜਿੰਦਰ ਸਿੰਘ ਪੱਡਾ, ਸ. ਪ੍ਰੀਤਪਾਲ ਸਿੰਘ, ਨਿੱਜੀ ਸਕੱਤਰ ਸ. ਸ਼ਾਹਬਾਜ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਪ੍ਰੋ. ਸੁਖਦੇਵ ਸਿੰਘ, ਸ. ਗੁਰਚਰਨ ਸਿੰਘ ਕੋਹਾਲਾ, ਸ. ਗੁਰਨਾਮ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਮਨਜੀਤ ਸਿੰਘ ਤਲਵੰਡੀ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ ਅਤੇ ਸ਼੍ਰੋਮਣੀ ਕਮੇਟੀ, ਧਰਮ ਪ੍ਰਚਾਰ ਕਮੇਟੀ ਤੇ ਸ੍ਰੀ ਦਰਬਾਰ ਸਾਹਿਬ ਦਾ ਸਟਾਫ ਮੌਜੂਦ ਸੀ।੧੭ ਜਨਵਰੀ

# ਐਡਵੋਕੇਟ ਧਾਮੀ ਨੇ ਸ. ਅਜਨਾਲਾ ਵੱਲੋਂ ਜਥੇਦਾਰ ਸਾਹਿਬਾਨ ਵਿਰੁੱਧ ਬਿਆਨਬਾਜ਼ੀ ਦੀ ਕੀਤੀ ਨਿਖੇਧੀ

## ਹਰਿਆਣਾ ਕਮੇਟੀ ਦੇ ਨਤੀਜਿਆਂ ਨੇ ਸਰਕਾਰੀ ਹੱਥਠੋਕਿਆਂ ਨੂੰ ਦਖਾਇਆ ਸ਼ੀਸ਼ਾ-ਐਡਵੋਕੇਟ ਧਾਮੀ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ. ਅਮਰੀਕ ਸਿੰਘ ਅਜਨਾਲਾ ਵੱਲੋਂ ਤਖ਼ਤ ਸਾਹਿਬਾਨ ਦੇ ਜਥੇਦਾਰਾਂ ਦੇ ਪੁਤਲੇ ਸਾੜਨ ਅਤੇ ਉਨ੍ਹਾਂ ਵਿਰੁੱਧ ਬਿਆਨਬਾਜ਼ੀ ਕਰਨ ਦੀ ਨਿਖੇਧੀ ਕੀਤੀ ਹੈ। ਉਨ੍ਹਾਂ ਕਿਹਾ ਕਿ ਤਖ਼ਤਾਂ ਦੇ ਜਥੇਦਾਰਾਂ ਦਾ ਸਿੱਖ ਕੌਮ ਅੰਦਰ ਵੱਡਾ ਸਤਿਕਾਰ ਹੈ ਅਤੇ ਕਿਸੇ ਵੀ ਵਿਅਕਤੀ ਨੂੰ ਉਨ੍ਹਾਂ ਪ੍ਰਤੀ ਗਲਤ ਬਿਆਨਬਾਜ਼ੀ ਕਰਨ

ਤੋਂ ਪਹਿਲਾਂ ਜ਼ਰੂਰ ਸੋਚਣਾ ਚਾਹੀਦਾ ਹੈ। ਇਹ ਹਰਗਿਜ਼ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ ਕਿ ਕੌਮ ਦੇ ਸਰਵਉੱਚ ਅਸਥਾਨ ਅਤੇ ਕੌਮ ਦੀਆਂ ਸਨਮਾਨਿਤ ਸ਼ਖ਼ਸੀਅਤਾਂ ਦਾ ਕੋਈ ਨਿਰਾਦਰ ਕਰੇ।

ਇਸੇ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੀਆਂ ਆਮ ਚੋਣਾਂ ਦੇ ਆਏ ਨਤੀਜਿਆਂ 'ਤੇ ਪ੍ਰਤੀਕਿਰਿਆ ਪ੍ਰਗਟ ਕਰਦਿਆਂ ਕਿਹਾ ਕਿ ਇਹ ਨਤੀਜੇ ਸਰਕਾਰਾਂ ਦੇ ਹੱਥਾਂ ਵਿਚ ਖੇਡ ਰਹੇ ਲੋਕਾਂ ਨੂੰ ਸੰਗਤ ਵੱਲੋਂ ਦਿਖਾਇਆ ਗਿਆ ਸ਼ੀਸ਼ਾ ਹੈ। ਉਨ੍ਹਾਂ ਆਖਿਆ ਕਿ ਸ. ਬਲਜੀਤ ਸਿੰਘ ਦਾਦੂਵਾਲ ਸਮੇਤ ਸਰਕਾਰੀ ਕਮੇਟੀ ਦੇ ਅਹੁਦੇਦਾਰ ਅਤੇ ਮੈਂਬਰਾਂ ਨੂੰ ਸੰਗਤ ਵੱਲੋਂ ਨਕਾਰਿਆ ਜਾਣਾ ਇਸ ਗੱਲ ਦਾ ਪ੍ਰਤੀਕ ਹੈ ਕਿ ਗੁਰੂ ਦੇ ਸਿੱਖ ਕਦੇ ਵੀ ਗੁਰਧਾਮਾਂ ਦੇ ਪ੍ਰਬੰਧ ਅੰਦਰ ਸਰਕਾਰੀ ਦਖ਼ਲਅੰਦਾਜ਼ੀ ਬਰਦਾਸ਼ਤ ਨਹੀਂ ਕਰਦੇ। ਉਨ੍ਹਾਂ ਕਿਹਾ ਕਿ ਭਾਵੇਂ ਸ਼੍ਰੋਮਣੀ ਕਮੇਟੀ ਵੱਖਰੀ ਹਰਿਆਣਾ ਕਮੇਟੀ ਦੇ ਹੱਕ ਵਿਚ ਨਹੀਂ ਹੈ, ਪਰੰਤੂ ਫਿਰ ਵੀ ਸੰਗਤ ਨੇ ਜਿਨ੍ਹਾਂ ਨੂੰ ਮੈਂਬਰ ਚੁਣਿਆ ਉਨ੍ਹਾਂ ਦੀ ਜ਼ੁੰਮੇਵਾਰੀ ਬਣਦੀ ਹੈ ਕਿ ਸਿੱਖ ਸਿਧਾਂਤਾਂ, ਪੰਥਕ ਮਾਨਤਾਵਾਂ ਅਤੇ ਗੁਰਦੁਆਰਾ ਪ੍ਰਬੰਧ ਦੀ ਪੰਥਕ ਭਾਵਨਾਵਾਂ ਅਨੁਸਾਰ ਸੇਵਾ ਸੰਭਾਲ ਲਈ ਦ੍ਰਿੜ੍ਹਤਾ ਨਾਲ ਵਚਨਬੱਧ ਹੋਣ। ੨੦ ਜਨਵਰੀ

## ਸਿੱਖ ਵਿਦਵਾਨ ਪ੍ਰਿੰਸੀਪਲ ਰਾਮ ਸਿੰਘ ਦੇ ਚਲਾਣੇ 'ਤੇ ਐਡਵੋਕੇਟ ਧਾਮੀ ਵੱਲੋਂ ਦੁੱਖ ਪ੍ਰਗਟ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਟਰੱਸਟੀ ਤੇ ਸਿੱਖ ਵਿਦਵਾਨ ਪ੍ਰਿੰਸੀਪਲ ਰਾਮ ਸਿੰਘ ਦੇ ਅਕਾਲ ਚਲਾਣਾ ਕਰ ਜਾਣ 'ਤੇ ਗਹਿਰਾ ਅਫ਼ਸੋਸ ਪ੍ਰਗਟ ਕੀਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪ੍ਰਿੰਸੀਪਲ ਰਾਮ ਸਿੰਘ ਸਿੱਖ ਕੌਮ ਦੇ ਉੱਘੇ ਵਿਦਵਾਨ ਸਨ, ਜਿਨ੍ਹਾਂ ਨੇ ਸਿੱਖੀ ਦੇ ਪ੍ਰਚਾਰ ਪ੍ਰਸਾਰ ਲਈ ਵੱਡੇ ਕਾਰਜ ਕੀਤੇ। ਉਨ੍ਹਾਂ ਨੌਜਵਾਨਾਂ ਨੂੰ ਸਿੱਖ ਵਿਰਸੇ ਨਾਲ ਜੋੜਨ ਲਈ ਸਿੱਖ ਸੰਸਥਾਵਾਂ ਨਾਲ ਰਲ ਕੇ ਸਕੂਲਾਂ ਕਾਲਜਾਂ ਵਿਚ ਧਰਮ ਪ੍ਰਚਾਰ ਕੀਤਾ। ਉਨ੍ਹਾਂ ਕਿਹਾ ਕਿ ਪ੍ਰਿੰਸੀਪਲ ਰਾਮ ਸਿੰਘ ਦੇ ਸੰਸਾਰ ਤੋਂ ਚਲੇ ਜਾਣ ਨਾਲ ਪਰਿਵਾਰ ਅਤੇ ਸਿੱਖ ਪੰਥ ਨੂੰ ਵੱਡਾ ਘਾਟਾ ਪਿਆ ਹੈ।

ਐਡਵੋਕੇਟ ਧਾਮੀ ਨੇ ਪ੍ਰਿੰਸੀਪਲ ਰਾਮ ਸਿੰਘ ਦੇ ਪਰਿਵਾਰਕ ਮੈਂਬਰਾਂ ਨਾਲ ਹਮਦਰਦੀ ਪ੍ਰਗਟ ਕਰਦਿਆਂ ਵਾਹਿਗੁਰੂ ਦੇ ਚਰਨਾ ਵਿਚ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਚਰਨਾ ਵਿਚ ਨਿਵਾਸ ਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਵੀ ਪ੍ਰਿੰਸੀਪਲ ਰਾਮ ਸਿੰਘ ਦੇ ਚਲਾਣੇ 'ਤੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪਰਿਵਾਰ ਨਾਲ ਹਮਦਰਦੀ ਪ੍ਰਗਟਾਈ।੨੦ ਜਨਵਰੀ

## ਅਮਰੀਕਾ ਨਿਵਾਸੀ ਸ. ਬਲਵੰਤ ਸਿੰਘ ਦੇ ਪਰਿਵਾਰ ਵੱਲੋਂ ਸ੍ਰੀ ਦਰਬਾਰ ਸਾਹਿਬ ਵਿਖੇ ਚਾਰ ਵਾਸ਼ਿੰਗ ਮਸ਼ੀਨਾਂ ਭੇਟ

ਅੰਮ੍ਰਿਤਸਰ- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਸੰਗਤਾਂ ਦੀ ਸਹੂਲਤ ਲਈ ਵਰਤੇ ਜਾਂਦੇ ਕੱਪੜਿਆਂ ਆਦਿ ਨੂੰ ਧੋਣ ਲਈ ਗੁਰੂ ਘਰ ਦੇ ਸ਼ਰਧਾਲੂ ਅਮਰੀਕਾ ਨਿਵਾਸੀ ਸ. ਬਲਵੰਤ ਸਿੰਘ ਦੇ ਪਰਿਵਾਰ ਵੱਲੋਂ ਚਾਰ ਵਾਸ਼ਿੰਗ ਮਸ਼ੀਨਾਂ ਭੇਟ ਕੀਤੀਆਂ ਗਈਆਂ। ਇਨ੍ਹਾਂ ਮਸ਼ੀਨਾਂ ਦੀ ਸ਼ੁਰੂਆਤ ਮੂਲਮੰਤਰ ਦੇ ਜਾਪ ਉਪਰੰਤ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਤੇ ਹੋਰ ਅਧਿਕਾਰੀਆਂ ਵੱਲੋਂ ਕੀਤੀ ਗਈ।

ਇਸ ਮੌਕੇ ਗੱਲ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਕਿਹਾ ਕਿ ਗੁਰੂ ਘਰ ਦੇ ਸ਼ਰਧਾਲੂ ਸ. ਬਲਵੰਤ ਸਿੰਘ ਅਤੇ ਉਨ੍ਹਾਂ ਦਾ ਪਰਿਵਾਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪਹਿਲਾਂ ਵੀ ਕਈ ਸੇਵਾਵਾਂ ਵਿਚ ਵੱਡਾ ਹਿੱਸਾ ਪਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਅੱਜ ਵੀ ਇਸ ਪਰਿਵਾਰ ਵੱਲੋਂ ਚਾਰ ਵੱਡ-ਅਕਾਰੀ ਵਾਸ਼ਿੰਗ ਮਸ਼ੀਨਾਂ ਭੇਟ ਕੀਤੀਆਂ ਗਈਆਂ ਹਨ। ਉਨ੍ਹਾਂ ਸ. ਬਲਵੰਤ ਸਿੰਘ ਅਤੇ ਉਨ੍ਹਾਂ ਦੇ ਸਮੁੱਚੇ ਪਰਿਵਾਰ ਦਾ ਸ਼੍ਰੋਮਣੀ ਕਮੇਟੀ ਧੰਨਵਾਦ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਇੰਚਾਰਜ ਸ. ਗੁਰਮੀਤ ਸਿੰਘ ਮੁਕਤਸਰੀ, ਵਧੀਕ ਮੈਨੇਜਰ ਸ. ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।੨੦ ਜਨਵਰੀ

# ਐਡਵੋਕੇਟ ਧਾਮੀ ਨੇ ਸਾਬਕਾ ਐਡਵੋਕੇਟ ਜਨਰਲ ਸ. ਹਰਦੇਵ ਸਿੰਘ ਮੱਤੇਵਾਲ ਦੇ ਅਕਾਲ ਚਲਾਣੇ 'ਤੇ ਕੀਤਾ ਦੁੱਖ ਪ੍ਰਗਟ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੰਜਾਬ ਦੇ ਸਾਬਕਾ ਐਡਵੋਕੇਟ ਜਨਰਲ ਸ. ਹਰਦੇਵ ਸਿੰਘ ਮੱਤੇਵਾਲ ਦੇ ਅਕਾਲ ਚਲਾਣਾ ਕਰ ਜਾਣ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਐਡਵੋਕੇਟ ਹਰਦੇਵ ਸਿੰਘ ਮੱਤੇਵਾਲ ਨੇ ਕਨੂੰਨੀ ਖੇਤਰ ਵਿੱਚ ਵੱਡਾ ਯੋਗਦਾਨ ਪਾਇਆ ਅਤੇ ਐਡਵੋਕੇਟ ਜਨਰਲ ਵਜੋਂ ਪੰਜਾਬ ਦੇ ਹਿੱਤਾਂ ਹੱਕਾਂ ਲਈ ਅਹਿਮ ਕਾਰਜ ਕੀਤੇ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਐਡਵੋਕੇਟ ਹਰਦੇਵ ਸਿੰਘ ਮੱਤੇਵਾਲ ਵੱਲੋਂ ਸਿੱਖ ਕੌਮ ਦੀ ਪ੍ਰਤੀਨਿਧ ਸੰਸਥਾ ਸ਼੍ਰੋਮਣੀ ਕਮੇਟੀ ਨੂੰ ਡੇਢ ਦਹਾਕੇ ਤੋਂ ਵੱਧ ਨਿਸ਼ਕਾਮ ਤੌਰ 'ਤੇ ਦਿੱਤੀਆਂ ਕਾਨੂੰਨੀ ਸੇਵਾਵਾਂ ਨੂੰ ਵੀ ਭੁੱਲਿਆ ਨਹੀਂ ਜਾ ਸਕਦਾ। ਅਜਿਹੀ ਸ਼ਖ਼ਸੀਅਤ ਦਾ ਅਕਾਲ ਚਲਾਣਾ ਪਰਿਵਾਰ ਅਤੇ ਸਮਾਜ ਲਈ ਵੱਡਾ ਘਾਟਾ ਹੈ। ਐਡਵੋਕੇਟ ਧਾਮੀ ਨੇ ਮੱਤੇਵਾਲ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਵਾਹਿਗੁਰੂ ਦੇ ਚਰਨਾ ਵਿੱਚ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਚਰਨਾ ਵਿਚ ਨਿਵਾਸ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਵੀ ਐਡਵੋਕੇਟ ਹਰਦੇਵ ਸਿੰਘ ਮੱਤੇਵਾਲ ਦੇ ਅਕਾਲ ਚਲਾਣੇ 'ਤੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਵਿਛੜੀ ਰੂਹ ਨਮਿਤ ਵਾਹਿਗੁਰੂ ਦੇ ਚਰਨਾ ਵਿਚ ਅਰਦਾਸ ਕੀਤੀ।੨੪ ਜਨਵਰੀ

# ਸ਼੍ਰੋਮਣੀ ਕਮੇਟੀ ਦੇ ਵਫਦ ਨੇ ਪਾਕਿਸਤਾਨ ਹਾਈ ਕਮਿਸ਼ਨਰ ਨਾਲ ਕੀਤੀ ਮੁਲਾਕਾਤ

## ਸ਼੍ਰੋਮਣੀ ਕਮੇਟੀ ਵੱਲੋਂ ਭੇਜੀ ਸੂਚੀ ਅਨੁਸਾਰ ਵੱਧ ਤੋਂ ਵੱਧ ਸ਼ਰਧਾਲੂਆਂ ਨੂੰ ਵੀਜ਼ੇ ਦੇਣ ਦੀ ਕੀਤੀ ਮੰਗ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ 'ਤੇ ਸ਼੍ਰੋਮਣੀ ਕਮੇਟੀ ਦੇ ਇਕ ਵਫਦ ਨੇ ਦਿੱਲੀ 'ਚ ਪਾਕਿਸਤਾਨ ਹਾਈ ਕਮਿਸ਼ਨ ਦੇ ਮੁੱਖ ਕਮਿਸ਼ਨਰ ਸਾਦ ਅਹਿਮਦ ਵੜੈਚ ਨਾਲ ਮੁਲਾਕਾਤ ਕਰਕੇ ਪਾਕਿਸਤਾਨ ਸਥਿੱਤ ਗੁਰਧਾਮਾਂ ਦੇ ਦਰਸ਼ਨਾ ਲਈ ਜਾਣ ਵਾਲੇ ਸਿੱਖ ਸ਼ਰਧਾਲੂਆਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਭੇਜੀ ਗਈ ਸੂਚੀ ਅਨੁਸਾਰ ਸਾਰੇ ਵੀਜੇ ਦੇਣ ਅਤੇ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਪ੍ਰਵਾਨਿਤ ਨਾਨਕਸ਼ਾਹੀ ਕੈਲੰਡਰ ਅਨੁਸਾਰ

ਸਿੱਖ ਜਥਾ ਭੇਜੇ ਜਾਣ ਦੀ ਮੰਗ ਕੀਤੀ। ਸ਼੍ਰੋਮਣੀ ਕਮੇਟੀ ਵੱਲੋਂ ਗਏ ਇਸ ਵਫਦ ਵਿੱਚ ਮੁੱਖ ਸਕੱਤਰ ਤੇ ਮੈਂਬਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸਕੱਤਰ ਸ. ਪ੍ਰਤਾਪ ਸਿੰਘ ਅਤੇ ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ ਮੌਜੂਦ ਸਨ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸ. ਕੁਲਵੰਤ ਸਿੰਘ ਮੰਨਣ ਤੇ ਭਾਈ ਰਾਜਿੰਦਰ ਸਿੰਘ ਮਹਿਤਾ ਨੇ ਦੱਸਿਆ ਕਿ ਬੀਤੇ ਸਮੇਂ ਸ਼੍ਰੋਮਣੀ ਕਮੇਟੀ ਵੱਲੋਂ ਪਾਕਿਸਤਾਨ ਭੇਜੇ ਜਾਣ ਵਾਲੇ ਜਥੇ ਦੇ ਸ਼ਰਧਾਲੂਆਂ ਦੇ ਪਾਕਿਸਤਾਨ ਹਾਈ ਕਮਿਸ਼ਨ ਵੱਲੋਂ ਵੱਡੀ ਗਿਣਤੀ ਵੀਜੇ ਕੱਟ ਦਿੱਤੇ ਗਏ ਸਨ, ਜਿਸ ਨੂੰ ਲੈ ਕੇ ਪਾਕਿਸਤਾਨ ਹਾਈ ਕਮਿਸ਼ਨ ਦੇ ਅਧਿਕਾਰੀਆਂ ਨਾਲ ਮੁਲਾਕਾਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖਾਂ ਦੀ ਨੁਮਾਇੰਦਾ ਜਥੇਬੰਦੀ ਹੈ ਜਿਸ ਵੱਲੋਂ ਹਰਸਾਲ ਖਾਲਸਾ ਸਾਜਨਾ ਦਿਵਸ (ਵਿਸਾਖੀ), ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ, ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਪਾਕਿਸਤਾਨ ਸਥਿੱਤ ਵੱਖ-ਵੱਖ ਗੁਰਦੁਆਰਾ ਸਾਹਿਬਾਨਾਂ ਦੇ ਦਰਸ਼ਨਾਂ ਲਈ ਜਥੇ ਭੇਜੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਜਥਿਆਂ ਲਈ ਪੰਜਾਬ ਰਾਜ ਕੋਲ ਕ੍ਰਮਵਾਰ ੧੮੦੦, ੬੦੦, ੩੦੦ ਅਤੇ ੧੮੦੦ ਵੀਜ਼ੇ ਦਾ ਪ੍ਰਵਾਨਿਤ ਕੋਟਾ ਹੈ, ਪ੍ਰੰਤੂ ਪਿਛਲੇ ਕੁਝ ਸਾਲਾਂ ਤੋਂ ਸ਼੍ਰੋਮਣੀ ਕਮੇਟੀ ਵੱਲੋਂ ਭੇਜੀ ਗਈ ਸਿੱਖ ਸ਼ਰਧਾਲੂਆਂ ਦੀ ਪੂਰੀ ਸੂਚੀ ਨੂੰ ਪਾਕਿਸਤਾਨ ਵੱਲੋਂ ਵੀਜ਼ਾ ਨਹੀਂ ਦਿੱਤਾ ਜਾਂਦਾ ਅਤੇ ਸ਼੍ਰੋਮਣੀ ਕਮੇਟੀ ਦੀ ਸੂਚੀ ਵਿੱਚੋਂ ਵੱਡੀ ਗਿਣਤੀ ਵਿੱਚ ਨਾਮ ਕੱਟ ਦਿੱਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਅੱਜ ਇਹ ਮਾਮਲਾ ਪਾਕਿਸਤਾਨ ਦੂਤਾਵਾਸ ਦੇ ਅਧਿਕਾਰੀਆਂ ਕੋਲ ਉਠਾਇਆ ਗਿਆ ਅਤੇ ਮੰਗ ਕੀਤੀ ਗਈ ਕਿ ਸਿੱਖ ਸ਼ਰਧਾਲੂਆਂ ਦੀ ਪਾਕਿਸਤਾਨ ਦੇ ਇਤਿਹਾਸਕ ਗੁਰਦੁਆਰਾ ਸਾਹਿਬਾਨ ਪ੍ਰਤੀ ਸ਼ਰਧਾ ਅਤੇ ਧਾਰਮਿਕ ਭਾਵਨਾਵਾਂ ਨੂੰ ਧਿਆਨ ਵਿਚ ਰੱਖਦਿਆਂ ਸ਼੍ਰੋਮਣੀ ਕਮੇਟੀ ਦੀ ਸੂਚੀ ਵਿੱਚੋਂ ਵੱਧ ਤੋਂ ਵੱਧ ਸ਼ਰਧਾਲੂਆਂ ਨੂੰ ਵੀਜ਼ੇ ਜਾਰੀ ਕੀਤੇ ਜਾਣ।

ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਸ੍ਰੀ ਅਕਾਲ ਤਖਤ ਸਾਹਿਬ ਤੋਂ ਪ੍ਰਵਾਨਿਤ ਨਾਨਕਸ਼ਾਹੀ ਕੈਲੰਡਰ ਅਨੁਸਾਰ ਸਿੱਖ ਸ਼ਰਧਾਲੂਆਂ ਦਾ ਜਥਾ ਪਾਕਿਸਤਾਨ ਭੇਜੇ ਜਾਣ ਦੀ ਮੰਗ ਵੀ ਕੀਤੀ ਗਈ ਹੈ। ਪਾਕਿਸਤਾਨ ਹਾਈ ਕਮਿਸ਼ਨ ਨੂੰ ਦਿੱਤੇ ਪੱਤਰ ਵਿਚ ਕਿਹਾ ਗਿਆ ਕਿ ਸਿੱਖਾਂ ਦੇ ਪੰਜਵੇਂ ਗੁਰੂ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਹਰ ਸਾਲ ਇੱਕ ਸਿੱਖ ਜਥਾ ਪਾਕਿਸਤਾਨ ਭੇਜਿਆ ਜਾਂਦਾ ਸੀ। ਸ਼੍ਰੋਮਣੀ ਕਮੇਟੀ ਹਰ ਸਾਲ ਸਿੱਖ ਕੌਮ ਦੇ ਸਰਵਉੱਚ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪ੍ਰਵਾਨਿਤ ਨਾਨਕਸ਼ਾਹੀ ਕੈਲੰਡਰ ਅਨੁਸਾਰ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਮਨਾਉਂਦੀ ਹੈ, ਜਦੋਂ ਕਿ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਹਰ ਸਾਲ ਇਹ ਦਿਹਾੜਾ ਨਿਸ਼ਚਿਤ ਮਿਤੀ ੧੬ ਜੂਨ ਨੂੰ ਮਨਾਉਂਦੀ ਹੈ। ਤਰੀਕਾਂ ਵਿੱਚ ਅੰਤਰ ਹੋਣ ਕਾਰਨ ਸਿੱਖ ਸ਼ਰਧਾਲੂਆਂ ਦਾ ਜਥਾ ੨੦੧੨ ਤੋਂ ਸ਼੍ਰੋਮਣੀ ਕਮੇਟੀ ਵੱਲੋਂ ਨਹੀਂ ਭੇਜਿਆ ਜਾ ਸਕਿਆ। ਤਰੀਕਾਂ ਵਿਚ ਅੰਤਰ ਹੋਣ ਕਾਰਨ ਪਾਕਿਸਤਾਨ ਹਾਈਕਮਿਸ਼ਨ ਸ਼੍ਰੋਮਣੀ ਕਮੇਟੀ ਵੱਲੋਂ ਪ੍ਰਵਾਨਿਤ ਨਾਨਕਸ਼ਾਹੀ ਕੈਲੰਡਰ ਅਨੁਸਾਰ ਭੇਜੇ ਗਏ ਸਿੱਖ ਸ਼ਰਧਾਲੂਆਂ ਦੇ ਜਥੇ ਨੂੰ ਵੀਜ਼ੇ ਨਹੀਂ ਦਿੰਦਾ, ਜਿਸ ਨਾਲ ਭਾਰਤੀ ਸਿੱਖ ਸ਼ਰਧਾਲੂਆਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਦੀ ਹੈ। ਉਨ੍ਹਾਂ ਕਿਹਾ ਕਿ ਇਸ ਸਾਲ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਸ਼੍ਰੋਮਣੀ ਕਮੇਟੀ ਅਤੇ ਸਿੱਖ ਸੰਗਤ ਵੱਲੋਂ ਪ੍ਰਵਾਨਿਤ ਨਾਨਕਸ਼ਾਹੀ ਕੈਲੰਡਰ ਅਨੁਸਾਰ ੩੦ ਮਈ ੨੦੨੫ (ਜੈਠ ਸੁਦੀ ੪) ਨੂੰ ਮਨਾਇਆ ਜਾ ਰਿਹਾ ਹੈ। ਇਸ ਲਈ ਪ੍ਰਵਾਨਿਤ ਨਾਨਕਸ਼ਾਹੀ ਕੈਲੰਡਰ ਅਨੁਸਾਰ ਮਿਤੀ ੩੦ ਮਈ, ੨੦੨੫ ਲਈ ਭਾਰਤੀ ਸਿੱਖ ਸ਼ਰਧਾਲੂਆਂ ਨੂੰ ਵੀਜ਼ਾ ਜਾਰੀ ਕੀਤੇ ਜਾਣ।੨੪ ਜਨਵਰੀ

# ਸ਼੍ਰੋਮਣੀ ਕਮੇਟੀ ਵੱਲੋਂ ਮੁੰਬਈ 'ਚ ਚਾਰ ਸਾਹਿਬਜ਼ਾਦੇ ਐੱਮਆਰਆਈ ਤੇ ਸੀਟੀ ਸਕੈਨ ਕੇਂਦਰ ਸ਼ੁਰੂ

## ਆਰਥਕ ਤੌਰ 'ਤੇ ਕਮਜ਼ੋਰ ਲੋਕਾਂ ਨੂੰ 10 ਰੁਪਏ 'ਚ ਦਿੱਤੀ ਜਾਵੇਗੀ ਐੱਮਆਰਆਈ ਤੇ ਸੀਟੀ ਸਕੈਨ ਦੀ ਸਹੂਲਤ- ਐਡਵੋਕਟ ਧਾਮੀ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਮੁੰਬਈ ਵਿਖੇ ਚੱਲ ਰਹੇ ਗੁਰੂ ਨਾਨਕ ਖ਼ਾਲਸਾ ਕਾਲਜ ਮਾਟੂੰਗਾ ਵਿੱਚ ਅੱਜ ਚਾਰ ਸਾਹਿਬਜ਼ਾਦੇ ਐੱਮਆਰਆਈ ਤੇ ਸੀਟੀ ਸਕੈਨ ਸੈਂਟਰ ਦਾ ਉਦਘਾਟਨ ਕੀਤਾ ਗਿਆ ਹੈ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ, ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਬਲਦੇਵ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਿੰਦਰ ਸਿੰਘ ਬਾਵਾ, ਤਖ਼ਤ ਸ੍ਰੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਜਗਜੋਤ ਸਿੰਘ, ਸ਼੍ਰੋਮਣੀ ਕਮੇਟੀ ਦੇ ਓਐੱਸਡੀ ਸ. ਸਤਬੀਰ ਸਿੰਘ ਧਾਮੀ, ਸ. ਜਸਬੀਰ ਸਿੰਘ ਧਾਮ ਸਮੇਤ ਹੋਰ ਸ਼ਖ਼ਸੀਅਤਾਂ ਮੌਜੂਦ ਸਨ।

ਇਸ ਸਬੰਧੀ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਿੱਖ ਕੌਮ ਦੀ ਨੁਮਾਇੰਦਾ ਸੰਸਥਾ ਸ਼੍ਰੋਮਣੀ ਕਮੇਟੀ ਵੱਲੋਂ ਲੋਕ ਭਲਾਈ ਦੇ ਕਾਰਜਾਂ ਵਿੱਚ ਵੱਡੀਆਂ ਸੇਵਾਵਾਂ ਕੀਤੀਆਂ ਜਾ ਰਹੀਆਂ ਹਨ। ਇਸੇ ਤਹਿਤ ਹੀ ਅੱਜ ਮੁੰਬਈ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦਿਆਂ ਨੂੰ ਸਮਰਪਿਤ ਐੱਮਆਰਆਈ ਤੇ ਸੀਟੀ ਸਕੈਨ ਸੈਂਟਰ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਦੱਸਿਆਂ ਕਿ ਇਸ ਸੈਂਟਰ ਵਿਖੇ ਆਰਥਕ ਤੌਰ 'ਤੇ ਕਮਜ਼ੋਰ ਲੋਕਾਂ ਨੂੰ ਕੇਵਲ ੧੦ ਰੁਪਏ ਵਿੱਚ ਐੱਮਆਰਆਈ, ਸੀਟੀ ਸਕੈਨ, ਐਕਸਰੇ ਆਦਿ ਟੈਸਟਾਂ ਦੀਆਂ ਸੇਵਾਵਾਂ ਦਿੱਤੀਆਂ ਜਾਣਗੀਆਂ। ਇਸ ਤੋਂ ਇਲਾਵਾ ਗੁਰੂ ਨਾਨਕ ਮਿਸ਼ਨ ੧੩੧੩ ਨਾਮ ਉੱਤੇ ਚਲਾਈ ਜਾਣ ਵਾਲੀ ਫਾਰਮੇਸੀ ਤੋਂ ਮਾਰਕੀਟ ਰੇਟ ਨਾਲੋਂ ੨੫% ਘੱਟ ਰੇਟ ਉੱਤੇ ਦਵਾਈਆਂ ਮੁਹੱਈਆ ਕਰਵਾਈਆਂ ਜਾਣਗੀਆਂ ਅਤੇ ਮੈਡੀਕਲ ਖ਼ੂਨ ਦੀ ਜਾਂਚ ਦੇ ਟੈਸਟ ਵੀ ੫੦% ਸਸਤੀਆਂ ਦਰਾਂ ਉੱਤੇ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਇਹ ਸੇਵਾਵਾਂ ਆਮ ਲੋਕਾਂ ਲਈ ਵੀ ਬਹੁਤ ਸਸਤੀਆਂ ਦਰਾਂ ਉੱਤੇ ਦਿੱਤੀਆਂ ਜਾਣਗੀਆਂ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਐਲਾਨ ਕੀਤਾ ਕਿ ਮੁੰਬਈ ਅਤੇ ਇਸ ਦੇ ਆਸ-ਪਾਸ ਦੇ ਇਲਾਕਿਆਂ ਦੇ ਗੁਰਦੁਆਰਾ ਸਾਹਿਬਾਨ ਦੇ ਗ੍ਰੰਥੀ ਸਿੰਘਾਂ ਅਤੇ ਹੋਰ ਮੁਲਾਜ਼ਮਾਂ ਨੂੰ ਵੀ ਇਹ ਸਹੂਲਤਾਂ ਕੇਵਲ ੧੦ ਰੁਪਏ ਵਿੱਚ ਹੀ ਦਿੱਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਇਨ੍ਹਾਂ ਕਾਰਜਾਂ ਵਿੱਚ ਮਹਾਂਰਾਸ਼ਟਰ ਤੋਂ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਗੁਰਿੰਦਰ ਸਿੰਘ ਬਾਵਾ ਵੱਲੋਂ ਵਿਸ਼ੇਸ਼ ਤੇ ਸ਼ਲਾਘਾਯੋਗ ਯਤਨ ਕੀਤੇ ਗਏ ਹਨ, ਜਿਸ ਨਾਲ ਸਿੱਖ ਸੰਸਥਾ ਦਾ ਮਾਨ ਹੋਰ ਵਧੇਗਾ। ਇਸ ਮੌਕੇ ਗੁਰੂ ਨਾਨਕ ਖ਼ਾਲਸਾ ਕਾਲਜ ਦੀ ਡਾਇਰੈਕਟਰ ਐਡਮਿਨ ਡਾ. ਜਸਬੀਰ ਕੌਰ ਮੱਕੜ, ਸ. ਹਰਮੀਤ ਸਿੰਘ ਸਲੂਜਾ ਆਦਿ ਮੌਜੂਦ ਸਨ।੨੪ ਜਨਵਰੀ

# ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਇਆ ਨਗਰ ਕੀਰਤਨ

## ਸੰਗਤ ਵੱਲੋਂ ਵੱਖ-ਵੱਖ ਥਾਵਾਂ 'ਤੇ ਨਗਰ ਕੀਰਤਨ ਦਾ ਭਰਵਾਂ ਸਵਾਗਤ

ਅੰਮ੍ਰਿਤਸਰ- ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ

ਕਮੇਟੀ ਵੱਲੋਂ ਧਾਰਮਿਕ ਸਭਾ-ਸੁਸਾਇਟੀਆਂ ਤੇ ਸੰਗਤਾਂ ਦੇ ਸਹਿਯੋਗ ਨਾਲ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਦੀ ਆਰੰਭਤਾ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੇ ਪੰਜ ਪਿਆਰੇ ਸਾਹਿਬਾਨ ਤੇ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਦੇ ਕੇ ਨਿਵਾਜਿਆ। ਆਰੰਭਤਾ ਸਮੇਂ ਅਰਦਾਸ ਉਪਰੰਤ ਗਿਆਨੀ ਅਮਰਜੀਤ ਸਿੰਘ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕੀਤਾ ਅਤੇ ਨਗਰ ਕੀਰਤਨ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਤਾਬਿਆ ਬੈਠ ਚੌਰ ਸਾਹਿਬ ਦੀ ਸੇਵਾ ਵੀ ਨਿਭਾਈ। ਨਗਰ ਕੀਰਤਨ ਦੌਰਾਨ ਸ਼੍ਰੋਮਣੀ ਕਮੇਟੀ ਮੈਂਬਰ ਸਾਹਿਬਾਨ, ਧਾਰਮਿਕ ਸਭਾ-ਸੁਸਾਇਟੀਆਂ ਦੇ ਨੁਮਾਇੰਦੇ ਤੇ ਨਿਹੰਗ ਸਿੰਘ ਵੀ ਵੱਡੀ ਗਿਣਤੀ ਵਿਚ ਮੌਜੂਦ ਸਨ।

ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਰੰਭ ਹੋਏ ਨਗਰ ਕੀਰਤਨ ਦਾ ਪਲਾਜ਼ਾ ਘੰਟਾ ਘਰ, ਜ਼ਲ੍ਹਿਆਂ ਵਾਲਾ ਬਾਗ, ਲੱਕੜ ਮੰਡੀ ਬਜ਼ਾਰ, ਸੁਲਤਾਨਵਿੰਡ ਗੇਟ, ਪਾਣੀ ਵਾਲੀ ਟੈਂਕੀ, ਸਵਰਨ ਹਾਊਸ, ਗੋਲਡਨ ਕਲਾਥ ਮਾਰਕੀਟ, ਸੁਲਤਾਨਵਿੰਡ ਰੋਡ, ਤੇਜ ਨਗਰ ਚੌਕ, ਬਜ਼ਾਰ ਸ਼ਹੀਦ ਊਧਮ ਸਿੰਘ ਨਗਰ, ਬਜ਼ਾਰ ਕੋਟ ਮਾਹਣਾ ਸਿੰਘ ਅਤੇ ਤਰਨ ਤਾਰਨ ਰੋਡ ਆਦਿ ਥਾਵਾਂ 'ਤੇ ਸੰਗਤ ਨੇ ਭਰਵਾਂ ਸਵਾਗਤ ਕਰਦਿਆਂ ਸਤਿਕਾਰ ਭੇਟ ਕੀਤਾ। ਨਗਰ ਕੀਰਤਨ ਵਿਚ ਜਿਥੇ ਗਤਕਾ ਤੇ ਬੈਂਡ ਪਾਰਟੀਆਂ ਨੇ ਭਰਵੀਂ ਸ਼ਮੂਲੀਅਤ ਕੀਤੀ, ਉਥੇ ਹੀ ਵੱਖ-ਵੱਖ ਪੜਾਵਾਂ 'ਤੇ ਸੰਗਤਾਂ ਵੱਲੋਂ ਕਈ ਪ੍ਰਕਾਰ ਦੇ ਲੰਗਰ ਲਗਾਏ ਗਏ ਸਨ।

ਨਗਰ ਕੀਰਤਨ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਮਲਕੀਤ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਜਥੇਦਾਰ ਬਾਵਾ ਸਿੰਘ ਗੁਮਾਨਪੁਰਾ, ਭਾਈ ਅਜੈਬ ਸਿੰਘ ਅਭਿਆਸੀ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਬਿਜੈ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਗੁਰਨਾਮ ਸਿੰਘ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ, ਸ. ਸੁਰਜੀਤ ਸਿੰਘ ਰਾਣਾ, ਫੈਡਰੇਸ਼ਨ ਆਗੂ ਸ. ਅਮਰਬੀਰ ਸਿੰਘ ਢੋਟ, ਮੈਨੇਜਰ ਸ. ਹਰਪ੍ਰੀਤ ਸਿੰਘ, ਸ. ਨਰਿੰਦਰ ਸਿੰਘ, ਸ. ਸਤਨਾਮ ਸਿੰਘ ਰਿਆੜ, ਸ. ਸਤਿੰਦਰ ਸਿੰਘ, ਸ. ਜਗਤਾਰ ਸਿੰਘ, ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ, ਸ. ਜਸਪਾਲ ਸਿੰਘ ਢੱਡੇ, ਸ. ਗੁਰਪ੍ਰੀਤ ਸਿੰਘ, ਸ. ਬਿਕਰਮਜੀਤ ਸਿੰਘ ਝੰਗੀ, ਸ. ਰਾਜਿੰਦਰ ਸਿੰਘ ਰੂਬੀ, ਸ. ਯੁਵਰਾਜ ਸਿੰਘ, ਸ. ਗੁਰਿੰਦਰ ਸਿੰਘ ਦੇਵੀਦਾਸਪੁਰ, ਮੀਤ ਮੈਨੇਜਰ ਸ. ਗੁਰਤਿੰਦਰਪਾਲ ਸਿੰਘ ਕਾਦੀਆਂ, ਸ. ਅਜੈ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।੨੫ ਜਨਵਰੀ

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਬਜਾਜ ਕੰਪਨੀ ਵੱਲੋਂ ਮੋਟਰਸਾਈਕਲ ਭੇਟ

## ਸ਼੍ਰੋਮਣੀ ਕਮੇਟੀ ਵੱਲੋਂ ਬਜਾਜ ਕੰਪਨੀ ਦੇ ਅਧਿਕਾਰੀਆਂ ਨੂੰ ਕੀਤਾ ਸਨਮਾਨਿਤ

ਅੰਮ੍ਰਿਤਸਰ-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਅੱਜ ਬਜਾਜ ਕੰਪਨੀ ਵੱਲੋਂ ਇਕ ਮੋਟਰਸਾਈਕਲ ਫਰੀਡਮ ੧੨੫ (ਸੀਐਨਜੀ) ਭੇਟ ਕੀਤਾ ਗਿਆ, ਜਿਸ ਦੀਆਂ ਚਾਬੀਆਂ ਬਜਾਜ ਕੰਪਨੀ ਦੇ ਅਧਿਕਾਰੀਆਂ ਵੱਲੋਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਅਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਨੂੰ ਸੌਂਪੀਆਂ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ਼ਰਧਾਲੂਆਂ ਵੱਲੋਂ ਸ਼ਰਧਾ ਅਰਪਨ ਕਰਦਿਆਂ ਵੱਖ-ਵੱਖ ਤਰ੍ਹਾਂ ਸੇਵਾਵਾਂ ਵਿਚ ਹਿੱਸਾ ਪਾਇਆ ਜਾਂਦਾ ਹੈ ਅਤੇ ਬਹੁਤ ਸਾਰੀਆਂ ਕੰਪਨੀਆਂ ਵੱਲੋਂ ਆਪਣੇ

ਨਵੇਂ ਵਹੀਕਲ ਵੀ ਭੇਟ ਕੀਤੇ ਜਾਂਦੇ ਹਨ। ਇਸੇ ਤਹਿਤ ਹੀ ਅੱਜ ਬਜਾਜ ਕੰਪਨੀ ਵੱਲੋਂ ਇਕ ਨਵਾਂ ਮੋਟਰਸਾਈਕਲ ਭੇਟਾ ਕਰਕੇ ਗੁਰੂ ਸਾਹਿਬ ਦਾ ਸ਼ੁਕਰਾਨਾ ਕੀਤਾ ਗਿਆ ਹੈ। ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਨੇ ਬਜਾਜ ਕੰਪਨੀ ਦੇ ਰੀਜਨਲ ਮੈਨੇਜਰ ਸ. ਮਨਪ੍ਰੀਤ ਸਿੰਘ ਬਿੰਦਰਾ ਤੇ ਹੋਰ ਅਧਿਕਾਰੀਆਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਬਿਜੈ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਇੰਚਾਰਜ ਸ. ਮੇਜਰ ਸਿੰਘ ਸ. ਗੁਰਮੀਤ ਸਿੰਘ ਮੁਕਤਸਰੀ, ਸੂਚਨਾ ਅਧਿਕਾਰੀ ਸ. ਅੰਮ੍ਰਿਤਪਾਲ ਸਿੰਘ, ਬਜਾਜ ਕੰਪਨੀ ਵੱਲੋਂ ਸ. ਹਰਦੀਪ ਸਿੰਘ ਨਲਵਾ ਤੇ ਪੰਜਾਬ ਭਰ ਦੇ ਵੱਖ-ਵੱਖ ਡੀਲਰ ਵੀ ਮੌਜੂਦ ਸਨ।੨੫ ਜਨਵਰੀ

## ਸਾਬਕਾ ਜਥੇਦਾਰ ਗਿਆਨੀ ਗੁਰਦਿਆਲ ਸਿੰਘ ਅਜਨੋਹਾ ਦੀ ਪਤਨੀ ਬੀਬੀ ਚਰਨਜੀਤ ਕੌਰ ਦੇ ਚਲਾਣੇ 'ਤੇ ਗਿਆਨੀ ਰਘਬੀਰ ਸਿੰਘ ਤੇ ਐਡਵੋਕੇਟ ਧਾਮੀ ਵਲੋਂ ਦੁੱਖ ਪ੍ਰਗਟ

ਅੰਮ੍ਰਿਤਸਰ-ਸਾਬਕਾ ਜਥੇਦਾਰ ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਅਜਨੋਹਾ ਦੇ ਧਰਮ ਸੁਪਤਨੀ ਬੀਬੀ ਚਰਨਜੀਤ ਕੌਰ ਦੇ ਅਕਾਲ ਚਲਾਣਾ ਕਰ ਜਾਣ 'ਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

ਉਨ੍ਹਾਂ ਕਿਹਾ ਕਿ ਜਥੇਦਾਰ ਗੁਰਦਿਆਲ ਸਿੰਘ ਅਜਨੋਹਾ ਸਿੱਖ ਪੰਥ ਦੀ ਸਤਿਕਾਰਤ ਸ਼ਖ਼ਸੀਅਤ ਸਨ, ਜਿਨ੍ਹਾਂ ਨੇ ਸ੍ਰੀ ਅਕਾਲ ਤਖਤ ਸਾਹਿਬ ਅਤੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਬਤੌਰ ਜਥੇਦਾਰ ਵੱਡੀਆਂ ਸੇਵਾਵਾਂ ਨਿਭਾਈਆਂ। ਉਨ੍ਹਾਂ ਵਲੋਂ ਕੀਤੇ ਗਏ ਧਰਮ ਪ੍ਰਚਾਰ ਕਾਰਜਾਂ ਵਿੱਚ ਉਨ੍ਹਾਂ ਦੇ ਪਰਿਵਾਰ ਦਾ ਵੀ ਵੱਡਾ ਸਾਥ ਰਿਹਾ। ਜਥੇਦਾਰ ਅਜਨੋਹਾ ਦੇ ਧਰਮ ਸੁਪਤਨੀ ਬੀਬੀ ਚਰਨਜੀਤ ਕੌਰ ਵੀ ਸਾਰੀ ਉਮਰ ਸਿੱਖੀ ਨੂੰ ਸਮਰਪਿਤ ਹੁੰਦਿਆਂ ਪੰਥ ਦੀ ਚੜ੍ਹਦੀ ਕਲਾ ਲਈ ਤਤਪਰ ਰਹੇ।

ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਤੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਇਹ ਪੰਥ ਦਾ ਸਤਿਕਾਰਤ ਪਰਿਵਾਰ ਹੈ ਜਿਸ ਵਿੱਚੋਂ ਬੀਬੀ ਚਰਨਜੀਤ ਕੌਰ ਦਾ ਅਕਾਲ ਚਲਾਣਾ ਪੰਥਕ ਪਰਿਵਾਰ ਲਈ ਵੱਡਾ ਘਾਟਾ ਹੈ। ਉਨ੍ਹਾਂ ਜਥੇਦਾਰ ਅਜਨੋਹਾ ਦੇ ਪਰਿਵਾਰ ਨਾਲ ਸੰਵੇਦਨਾ ਪ੍ਰਗਟ ਕਰਦਿਆਂ ਵਾਹਿਗੁਰੂ ਅਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਚਰਨਾ ਵਿੱਚ ਨਿਵਾਸ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ। ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਨੇ ਵੀ ਬੀਬੀ ਚਰਨਜੀਤ ਕੌਰ ਦੇ ਅਕਾਲ ਚਲਾਣੇ 'ਤੇ ਪਰਿਵਾਰ ਨਾਲ ਸੰਵੇਦਨਾ ਪ੍ਰਗਟ ਕਰਦਿਆਂ ਵਿਛੜੀ ਰੂਹ ਨਮਿਤ ਅਰਦਾਸ ਕੀਤੀ। ੨੬ ਜਨਵਰੀ

## ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਮੌਕੇ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਵੱਡੀ ਗਿਣਤੀ ਸੰਗਤਾਂ ਹੋਈਆਂ ਨਤਮਸਤਕ

ਅੰਮ੍ਰਿਤਸਰ-ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਮੌਕੇ ਗੁਰਦੁਆਰਾ ਸ਼ਹੀਦ ਗੰਜ ਬਾਬਾ

ਦੀਪ ਸਿੰਘ ਜੀ ਵਿਖੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਨਤਮਸਤਕ ਹੋ ਕੇ ਬਾਬਾ ਜੀ ਨੂੰ ਸਤਿਕਾਰ ਭੇਟ ਕੀਤਾ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਵੀ ਹਾਜ਼ਰੀ ਭਰੀ। ਗੁਰਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੇ ਸੰਗਤ ਨੂੰ ਬਾਬਾ ਦੀਪ ਸਿੰਘ ਦੇ ਜੀਵਨ ਇਤਿਹਾਸ ਤੋਂ ਜਾਣੂ ਕਰਵਾਇਆ। ਸਮਾਗਮ 'ਚ ਪਹੁੰਚੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਕਿਹਾ ਕਿ ਅਸੀਂ ਉਨ੍ਹਾਂ ਸ਼ਹੀਦਾਂ ਦੇ ਵਾਰਸ ਹਾਂ, ਜਿਨ੍ਹਾਂ ਨੇ ਧਰਮ ਤੇ ਦ੍ਰਿੜਤਾ ਨਾਲ ਪਹਿਰਾ ਦਿੰਦਿਆਂ ਸ਼ਹਾਦਤਾਂ ਪ੍ਰਾਪਤ ਕੀਤੀਆਂ। ਉਨ੍ਹਾਂ ਸੰਗਤਾਂ ਨੂੰ ਸ਼ਹੀਦਾਂ ਵੱਲੋਂ ਪਾਏ ਪੂਰਨਿਆਂ 'ਤੇ ਚਲਦੇ ਹੋਏ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਕੇ ਧਰਮ ਵਿੱਚ ਪ੍ਰਪੱਕ ਰਹਿਣ ਦੀ ਪ੍ਰੇਰਨਾ ਕੀਤੀ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਗਤ ਨੂੰ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਦੀ ਵਧਾਈ ਦਿੰਦਿਆਂ ਕਿਹਾ ਕਿ ਸਿੱਖ ਇਤਿਹਾਸ ਅੰਦਰ ਬਾਬਾ ਦੀਪ ਸਿੰਘ ਜੀ ਦੀਆਂ ਸੇਵਾਵਾਂ ਬਹੁਤ ਵੱਡੀਆਂ ਹਨ। ਬਾਬਾ ਜੀ ਨੇ ਆਪਣੇ ਹੱਥਾਂ ਨਾਲ ਗੁਰਬਾਣੀ ਨੂੰ ਲਿੱਖਣ ਦਾ ਕਾਰਜ ਕੀਤਾ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਾਰ ਪਾਵਨ ਸਰੂਪ ਲਿੱਖ ਕੇ ਤਖ਼ਤ ਸਾਹਿਬਾਨ ਤੇ ਪ੍ਰਕਾਸ਼ ਕਰਵਾਏ। ਉਨ੍ਹਾ ਕਿਹਾ ਕਿ ਬਾਬਾ ਜੀ ਦੀ ਸ਼ਹੀਦੀ ਦਾ ਇਤਿਹਾਸ ਵੀ ਲਾਸਾਨੀ ਹੈ। ਉਨ੍ਹਾਂ ਨੇ ਗੁਰੂ ਆਸ਼ੇ ਅਨੁਸਾਰ ਜੀਵਨ ਬਤੀਤ ਕਰਦਿਆਂ ਗੁਰਧਾਮਾਂ ਦੀ ਹੋ ਰਹੀ ਬੇਹੁਰਮਤੀ ਨੂੰ ਰੋਕਣ ਲਈ ਆਪਣੀ ਸ਼ਹਾਦਤ ਦਿੱਤੀ। ਐਡਵੋਕੇਟ ਧਾਮੀ ਨੇ ਸੰਗਤਾਂ ਨੂੰ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜੀਵਨ ਤੋਂ ਪ੍ਰੇਰਨਾ ਲੈਣ ਦੀ ਅਪੀਲ ਕੀਤੀ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਵੱਲੋਂ ਬੀਤੇ ਦਿਨਾਂ ਤੋਂ ਸਜਾਏ ਗਏ ਗੁਰਮਤਿ ਸਮਾਗਮਾਂ ਅੰਦਰ ਸਿੱਖ ਕੌਮ ਦੇ ਪ੍ਰਸਿੱਧ ਰਾਗੀ, ਢਾਡੀ ਤੇ ਕਵੀਸ਼ਰ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਅਤੇ ਸਿੱਖ ਕੌਮ ਦੇ ਸ਼ਾਨਾਮੱਤੇ ਇਤਿਹਾਸ ਨਾਲ ਜੋੜਿਆ। ਇਸ ਮੌਕੇ ਵਿਸ਼ੇਸ਼ ਤੌਰ ਤੇ ਅੰਮ੍ਰਿਤ ਸੰਚਾਰ ਸਮਾਗਮ ਵੀ ਕਰਵਾਇਆ ਗਿਆ, ਜਿਸ ਵਿਚ ੨੧੫ ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ।

ਸਮਾਗਮਾਂ ਸਮੇਂ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਰਾਮ ਸਿੰਘ, ਜਥੇਦਾਰ ਬਾਵਾ ਸਿੰਘ ਗੁਮਾਨਪੁਰਾ, ਭਾਈ ਅਜੈਬ ਸਿੰਘ ਅਭਿਆਸੀ, ਸਕੱਤਰ ਸ. ਪ੍ਰਤਾਪ ਸਿੰਘ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਗੁਰਦੁਆਰਾ ਸ਼ਹੀਦ ਗੰਜ ਸਾਹਿਬ ਦੇ ਮੁੱਖ ਗ੍ਰੰਥੀ ਭਾਈ ਸੁਰਜੀਤ ਸਿੰਘ ਸਭਰਾ, ਮੈਨੇਜਰ ਸ. ਹਰਪ੍ਰੀਤ ਸਿੰਘ, ਸ. ਸਤਨਾਮ ਸਿੰਘ ਰਿਆੜ, ਵਧੀਕ ਮੈਨੇਜਰ ਸ. ਬਿਕਰਮਜੀਤ ਸਿੰਘ ਝੰਗੀ, ਸ. ਜੁਗਰਾਜ ਸਿੰਘ, ਮੀਤ ਮੈਨੇਜਰ ਸ. ਜਸਬੀਰ ਸਿੰਘ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਕਥਾਵਾਚਕ ਭਾਈ ਗੁਰਪ੍ਰੀਤ ਸਿੰਘ, ਪ੍ਰਚਾਰਕ ਭਾਈ ਬਲਵੰਤ ਸਿੰਘ ਐਨੋਕੋਟ, ਭਾਈ ਸਤਵੰਤ ਸਿੰਘ, ਭਾਈ ਗੁਰਵਿੰਦਰ ਸਿੰਘ ਨੇ ਵੀ ਹਾਜ਼ਰੀ ਭਰੀ।

*੨੨ ਜਨਵਰੀ*

# ਗੁਰਮੀਤ ਰਾਮ ਰਹੀਮ ਨੂੰ ਮੁੜ ਪੈਰੋਲ ਦੇਣ 'ਤੇ ਸ਼੍ਰੋਮਣੀ ਕਮੇਟੀ ਵੱਲੋਂ ਸਖ਼ਤ ਇਤਰਾਜ਼ ਪ੍ਰਗਟ

ਅੰਮ੍ਰਿਤਸਰ–ਕਤਲ ਤੇ ਜਬਰ ਜਨਾਹ ਦੇ ਸੰਗੀਨ ਦੋਸ਼ਾਂ ਤਹਿਤ ਜੇਲ੍ਹ 'ਚ ਸਜ਼ਾ ਕੱਟ ਰਹੇ ਡੇਰਾ ਸਿਰਸਾ

ਮੁਖੀ ਗੁਰਮੀਤ ਰਾਮ ਰਹੀਮ ਨੂੰ ਸਰਕਾਰ ਵੱਲੋਂ ਮੁੜ ਪੈਰੋਲ ਦੇਣ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਖ਼ਤ ਇਤਰਾਜ਼ ਪ੍ਰਗਟ ਕੀਤਾ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਇਹ ਫੈਸਲਾ ਸਰਕਾਰ ਦੀ ਦੋਹਰੀ ਪਹੁੰਚ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਸਿਆਸੀ ਲਾਹੇ ਲਈ ਰਾਮ ਰਹੀਮ ਨੂੰ ਵਾਰ-ਵਾਰ ਫਰਲੋ ਅਤੇ ਪੈਰੋਲ ਦਿੰਦੀ ਹੈ, ਜਦਕਿ ਤਿੰਨ-ਤਿੰਨ ਦਹਾਕਿਆਂ ਤੋਂ ਦੇਸ਼ ਦੀਆਂ ਵੱਖ-ਵੱਖ ਜੇਲ੍ਹਾਂ ਵਿਚ ਨਜ਼ਰਬੰਦ ਬੰਦੀ ਸਿੰਘਾਂ ਨੂੰ ਆਪਣੀਆਂ ਸਜ਼ਾਵਾਂ ਪੂਰੀਆਂ ਕਰਨ ਦੇ ਬਾਵਜੂਦ ਵੀ ਰਿਹਾਅ ਨਹੀਂ ਕੀਤਾ ਜਾ ਰਿਹਾ ਅਤੇ ਸੁਪਰੀਮ ਕੋਰਟ ਵੱਲੋਂ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਸਜ਼ਾ ਮੁਆਫ਼ੀ 'ਤੇ ਸਰਕਾਰ ਨੂੰ ਫੈਸਲਾ ਕਰਨ ਦੀ ਹਦਾਇਤ ਦੇ ਬਾਵਜੂਦ ਵੀ ਪੱਖਪਾਤੀ ਰਵੱਈਆ ਅਪਣਾਇਆ ਜਾ ਰਿਹਾ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਭਾਜਪਾ ਸਰਕਾਰ ਸਿਆਸੀ ਲਾਹੇ ਲਈ ਰਾਮ ਰਹੀਮ ਦੇ ਘਿਨੌਣੇ ਅਪਰਾਧਾਂ ਨੂੰ ਅੱਖੋ-ਉਹਲੇ ਕਰਕੇ ਉਸ ਨੂੰ ਪਹਿਲਾਂ ਵੀ ਚੋਣਾਂ ਸਮੇਂ ਫਰਲੋ ਤੇ ਪੈਰੋਲ ਦੇ ਚੁੱਕੀ ਹੈ ਅਤੇ ਹੁਣ ਫਿਰ ਦਿੱਲੀ ਦੀਆਂ ਵਿਧਾਨ ਸਭਾ ਅਤੇ ਹਰਿਆਣਾ ਅੰਦਰ ਨਿਗਮ ਚੋਣਾਂ ਵਿਚ ਸਿਆਸੀ ਲਾਹਾ ਲੈਣ ਲਈ ਉਸ ਨੂੰ ਜੇਲ੍ਹ ਤੋਂ ਬਾਹਰ ਲਿਆਂਦਾ ਗਿਆ ਹੈ, ਜੋ ਸਰਾਸਰ ਗ਼ਲਤ ਹੈ। ਉਨ੍ਹਾਂ ਕਿਹਾ ਕਿ ਸਰਕਾਰਾਂ ਦੀ ਅਜਿਹੀ ਨੀਤੀ ਸਿੱਖਾਂ ਨੂੰ ਬੇਗਾਨਗੀ ਦਾ ਅਹਿਸਾਸ ਕਰਵਾਉਣ ਵਾਲੀ ਹੈ। ਐਡਵੋਕੇਟ ਧਾਮੀ ਨੇ ਰਾਮ ਰਹੀਮ ਦੀ ਪੈਰੋਲ ਨੂੰ ਤੁਰੰਤ ਰੱਦ ਕਰਕੇ ਮੁੜ ਜੇਲ੍ਹ ਭੇਜਣ ਦੀ ਮੰਗ ਕੀਤੀ।੨੮ ਜਨਵਰੀ

# ਸਾਲ 2025 ਲਈ ਸ਼੍ਰੋਮਣੀ ਕਮੇਟੀ ਦੀ ਕਬੱਡੀ ਟੀਮ ਦਾ ਕੀਤਾ ਐਲਾਨ

## ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਖਿਡਾਰੀਆਂ ਦੀਆਂ ਨਵੀਆਂ ਜਰਸੀਆਂ ਕੀਤੀਆਂ ਜਾਰੀ

ਅੰਮ੍ਰਿਤਸਰ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ 'ਤੇ ਅੱਜ ਸ਼੍ਰੋਮਣੀ ਕਮੇਟੀ ਦੀ ਕਬੱਡੀ ਟੀਮ ਦਾ ਆਉਣ ਵਾਲੇ ਸੈਸਨ ੨੦੨੫ ਲਈ ਐਲਾਨ ਕੀਤਾ ਗਿਆ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਸ. ਅਮਰਜੀਤ ਸਿੰਘ ਭਲਾਈਪੁਰ ਤੇ ਸਕੱਤਰ ਖੇਡ ਸ. ਤੇਜਿੰਦਰ ਸਿੰਘ ਪੱਡਾ ਨੇ ਟੀਮ ਐਲਾਨ ਕਰਦਿਆਂ ਕਬੱਡੀ ਖਿਡਾਰੀਆਂ ਦੀਆਂ ਨਵੀਆਂ ਜਰਸੀਆਂ ਜਾਰੀ ਕੀਤੀਆਂ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ। ਸ਼੍ਰੋਮਣੀ ਕਮੇਟੀ ਵੱਲੋਂ ਹਾਕੀ ਅਕੈਡਮੀ ਅਤੇ ਕਬੱਡੀ ਅਕੈਡਮੀ ਰਾਹੀਂ ਖਿਡਾਰੀ ਤਿਆਰ ਕਰਨ ਦੇ ਨਾਲ-ਨਾਲ ਸਿੱਖ ਨੌਜਵਾਨਾਂ ਨੂੰ ਮਾਰਸ਼ਲ ਆਰਟ ਗਤਕੇ ਦੀ ਸਿੱਖਲਾਈ ਵੀ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਕਬੱਡੀ ਖਿਡਾਰੀਆਂ ਵੱਲੋਂ ਹਰ ਸਾਲ ਵੱਡੀਆਂ ਮਲਾਂ ਮਾਰੀਆਂ ਜਾਂਦੀਆਂ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ 'ਤੇ ਇਸ ਸਾਲ ਦੇ ਆਉਣ ਵਾਲੇ ਸੈਸ਼ਨ ਲਈ ਕਬੱਡੀ ਟੀਮ ਦਾ ਅੱਜ ਐਲਾਨ ਕੀਤਾ ਗਿਆ ਹੈ, ਜੋ ਸ. ਮੇਜਰ ਸਿੰਘ ਸਹੇੜੀ ਕੋਚ ਦੀ ਨਿਗਰਾਨੀ ਹੇਠ ਮੇਜਰ ਲੀਗ ਕਬੱਡੀ ਫੈਡਰੇਸ਼ਨ 'ਚ ਖੇਡੇਗੀ। ਇਸ ਟੀਮ ਵਿਚ ਸ. ਭੁਪਿੰਦਰ ਸਿੰਘ ਭਿੰਦਾ ਮੂਲੇਵਾਲ ਨੂੰ ਕਪਤਾਨ ਅਤੇ ਸ. ਕੁਲਦੀਪ ਸਿੰਘ ਸ਼ਿਕਾਰ ਮਾਛੀਆਂ ਤੇ ਸ. ਜਰਮਨਜੀਤ ਸਿੰਘ ਬੱਲਪੁਰੀਆਂ ਨੂੰ ਉਪ ਕਪਤਾਨ ਬਣਾਇਆ ਗਿਆ ਹੈ। ਸ਼੍ਰੋਮਣੀ ਕਮੇਟੀ ਦੀ ਕਬੱਡੀ ਟੀਮ ਵਿਚ ਸ. ਅੰਮ੍ਰਿਤਪਾਲ ਸਿੰਘ

ਲੰਬੜ ਮੱਲੀਆਂ, ਸ. ਮਨਪ੍ਰੀਤ ਸਿੰਘ ਟਰਪੱਲਾ, ਸ. ਸ਼ਨੀਪ੍ਰਤਾਪ ਸਿੰਘ ਡੇਰਾ ਬਾਬਾ ਨਾਨਕ, ਸ. ਬਲਰਾਜ ਸਿੰਘ ਬੱਲਾ ਕਠਿਆਲਾ, ਸ. ਲਵਜੀਤ ਸਿੰਘ ਕੁਹਾਲਾ, ਸ. ਸੁਖਰਾਜ ਸਿੰਘ ਰਤਨਗੜ੍ਹ, ਸ. ਜਸਪਿੰਦਰ ਸਿੰਘ ਜੱਸ, ਸ. ਕਰਮਜੀਤ ਸਿੰਘ ਲਸਾੜਾ, ਸ. ਧਰਮਪਾਲ ਸਿੰਘ ਅਵਾਨ, ਸ. ਕੁਲਜੀਤ ਸਿੰਘ ਘਰਾਚੋਂ, ਸ. ਗੁਰਪ੍ਰੀਤ ਸਿੰਘ ਮੰਗੂ, ਸ. ਗੁਰਪ੍ਰੀਤ ਸਿੰਘ ਮੰਡੀਆਂ, ਸ. ਕੰਮਲਜੀਤ ਸਿੰਘ ਲੰਬੜ, ਸ. ਗਗਨਦੀਪ ਸਿੰਘ ਡੇਰਾ ਬਾਬਾ ਨਾਨਕ, ਸ. ਲਵਪ੍ਰੀਤ ਸਿੰਘ ਗਗੂ, ਸ. ਹਰਮਨਪ੍ਰੀਤ ਸਿੰਘ ਰੋਡੇ ਤੇ ਸ. ਬਲਰਾਜ ਸਿੰਘ ਬੱਲਾ ਖੇਡਣਗੇ। ਉਨ੍ਹਾਂ ਨੌਜਵਾਨਾ ਨੂੰ ਨਸ਼ਿਆਂ ਦਾ ਤਿਆਗ ਕਰਕੇ ਖੇਡਾਂ ਨਾਲ ਜੁੜਣ ਦੀ ਪ੍ਰੇਰਨਾ ਕੀਤੀ। ਇਸ ਮੌਕੇ ਸਕੱਤਰ ਖੇਡ ਸ. ਤਜਿੰਦਰ ਸਿੰਘ ਪੱਡਾ, ਇੰਚਾਰਜ ਸ. ਗੁਰਮੀਤ ਸਿੰਘ ਮੁਕਤਸਰੀ, ਸਹਾਇਕ ਸੁਪਰਡੈਂਟ ਸ. ਸੁਰਜੀਤ ਸਿੰਘ ਰਾਣਾ ਤੇ ਕਬੱਡੀ ਖਿਡਾਰੀ ਹਾਜ਼ਰ ਸਨ। ੨੯ ਜਨਵਰੀ

## ਐਡਵੋਕੇਟ ਧਾਮੀ ਨੇ ਸਾਬਕਾ ਮੈਂਬਰ ਬੀਬੀ ਮਨਜੀਤ ਕੌਰ ਚੜੇਵਾਨ ਦੇ ਅਕਾਲ ਚਲਾਣਾ ਕਰ ਜਾਣ 'ਤੇ ਕੀਤਾ ਦੁੱਖ ਪ੍ਰਗਟ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਾਬਕਾ ਮੈਂਬਰ ਬੀਬੀ ਮਨਜੀਤ ਕੌਰ ਚੜੇਵਾਨ ਦੇ ਅਕਾਲ ਚਲਾਣਾ ਕਰ ਜਾਣ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਬੀਬੀ ਮਨਜੀਤ ਕੌਰ ਨੇ ਸ਼੍ਰੋਮਣੀ ਕਮੇਟੀ ਮੈਂਬਰ ਵਜੋਂ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਅਹਿਮ ਕਾਰਜ ਕੀਤੇ। ਉਨ੍ਹਾ ਦਾ ਅਕਾਲ ਚਲਾਣਾ ਪਰਿਵਾਰ ਤੇ ਸਨੇਹੀਆਂ ਲਈ ਵੱਡਾ ਘਾਟਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਬੀਬੀ ਮਨਜੀਤ ਕੌਰ ਚੜੇਵਾਨ ਦੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਵਾਹਿਗੁਰੂ ਅੱਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਚਰਨਾ ਵਿੱਚ ਨਿਵਾਸ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।

